Fair Advice Financial | Carte Wealth Management Inc.
RDSP (Registered Disability Savings Plan)
Disabled person who is eligible for Disability Tax Credit.
And who is 49 years old or younger.
By contributing in an RDSP Plan he/she may be eligible to receive up to$90,000 in government bonds & grants.
Contact : 647-951-7900
SUKHWINDER NAHAL CFP, CLU Financial Planner
www.fairadvicefinancial.com
7900 Hurontario St., Suite 308, Brampton, ON, L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 20* Issue 201 | Wednesday, October 13, 2021 | Tel: 905-793-2202 | Fax: 905-793-2282 | news@punjabipost.ca ਤੁਸੀਂ 'ਪੰਜਾਬੀ ਪੋਸਟ' Online ਰੋਜ਼ਾਨਾ ਪੜ੍ਹ ਸਕਦੇ ਹੋ

## ਆਪਣੀ ਕੋਵਿਡ-19 ਵੈਕਸੀਨ ਦੀ ਰੈਸਿਪੀ ਸਾਂਝੀ ਕਰਨ ਲਈ ਤਿਆਰ ਨਹੀਂ ਮੌਡਰਨਾ

ਰੋਮ, 12 ਅਕਤੂਬਰ (ਪੋਸਟ ਬਿਊਰੋ) : ਆਪਣੀ ਕੋਵਿਡ-19 ਵੈਕਸੀਨ ਦੀ ਰੈਸਿਪੀ ਕਿਸੇ ਹੋਰ ਨਾਲ ਸਾਂਝਾ ਕਰਨ ਦਾ ਮੌਡਰਨਾ ਦਾ ਕੋਈ ਇਰਾਦਾ ਨਹੀਂ ਹੈ। ਕੰਪਨੀ ਦੇ ਐਗਜ਼ੈਕਟਿਵਜ਼ ਦਾ ਮੰਨਣਾ ਹੈ ਕਿ ਆਪਣੀ ਵੈਕਸੀਨ ਦੇ ਉਤਪਾਦਨ ਵਿੱਚ ਵਾਧਾ ਕਰਕੇ ਇਸ ਦੀ ਗਲੋਬਲ ਸਪਲਾਈ ਵੀ ਆਪ ਹੀ ਕਰਨ ਵਿੱਚ ਅਕਲਮੰਦੀ ਹੈ। ਇਹ



ਜਾਣਕਾਰੀ ਸੋਮਵਾਰ ਨੂੰ ਕੰਪਨੀ ਦੇ ਚੇਅਰਮੈਨ ਵੱਲੋਂ ਦਿੱਤੀ ਗਈ।ਇੱਕ ਇੰਟਰਵਿਊ ਵਿੱਚ ਚੇਅਰਮੈਨ ਨੂਬਰ ਆਫਿਆਨ ਨੇ ਆਖਿਆ ਕਿ ਸੰਯੁਕਤ ਰਾਸ਼ਟਰ ਦੀ ਸਿਹਤ ਏਜੰਸੀ ਨੇ ਮੌਡਰਨਾ ਉੱਤੇ ਆਪਣਾ ਫੌਰਮੂਲਾ ਸਾਂਝਾ ਕਰਨ ਲਈ ਦਬਾਅ ਪਾਇਆ ਸੀ। ਆਫਿਆਨ ਨੇ ਆਖਿਆ ਕਿ ਕੰਪਨੀ ਵਿਸ਼ਲੇਸ਼ਣ ਕਰਨ ਤੋਂ ਬਾਅਦ ਇਸ ਨਤੀਜੇ ਉੱਤੇ ਪਹੁੰਚੀ ਹੈ

...ਬਾਕੀ ਪੰਨਾ 5 'ਤੇ

## ਕੈਨੇਡੀਅਨ ਬਾਰਡਰ ਉੱਤੇ ਕਸਟਮਜ਼ ਦੇ ਵਿਵਾਦ ਕਾਰਨ ਅਮਰੀਕਾ ਦੀ ਫਿੱਸ਼ ਸਟਿੱਕ ਤੇ ਫਿਲੇ ਸਪਲਾਈ ਨੂੰ ਖਤਰਾ

ਪੋਰਟਲੈਂਡ, ਮੇਨ, 12 ਅਕਤੂਬਰ (ਪੋਸਟ ਬਿਊਰੋ) : ਅਮਰੀਕਾ ਤੇ ਕੈਨੇਡਾ ਦੀ ਸਰਹੱਦ ਉੱਤੇ ਕਸਟਮਜ਼ ਦੇ ਵਿਵਾਦ ਦੇ ਚੱਲਦਿਆਂ ਫਿੱਸ਼ ਸਟਿੱਕਸ ਤੇ ਫਾਸਟ ਫੂਡ ਸੈਂਡਵਿਚਿਜ਼ ਵਰਗੀਆਂ ਮਸ਼ਹੂਰ ਵਸਤਾਂ ਵਿੱਚ ਵਰਤੀ ਜਾਣ ਵਾਲੀ ਅਹਿਮ ਮੱਛੀ ਦੀ ਸਪਲਾਈ, ਜੋ ਅਮਰੀਕਾ ਕਰਦਾ ਹੈ, ਵਿੱਚ ਵਿੱਘਣ ਪੈ ਸਕਦਾ ਹੈ। ਅਲਾਸਕਾ ਪੌਲਕ ਦੀ ਸਪਲਾਈ ਚੇਨ ਬੜੀ ਗੁੰਝਲਦਾਰ




ਹੈ। ਅਮਰੀਕਾ ਵਿੱਚ ਵੱਡੀ ਪੱਧਰ ਉੱਤੇ ਕਮਰਸ਼ੀਅਲ ਫਿਸ਼ਰੀ ਦੇ ਹਿੱਸੇ ਵਜੋਂ ਫੜ੍ਹੇ ਜਾਣ ਤੋਂ ਬਾਅਦ ਇਸ ਮੱਛੀ ਨੂੰ ਸਮੁੰਦਰੀ ਜਹਾਜ਼ ਰਾਹੀਂ ਨਿਊ ਬਰੰਜ਼ਵਿੱਕ, ਕੈਨੇਡਾ, ਤੇ ਮੇਨ ਨਾਲ ਲੱਗਦੀ ਸਰਹੱਦ ਨੇੜੇ ਲਿਆਂਦਾ ਜਾਂਦਾ ਹੈ। ...ਬਾਕੀ ਪੰਨਾ 5 'ਤੇ

## ਗਲਾ ਘੁੱਟਣ ਕਾਰਨ ਹੋਈ ਸੀ ਪਟੀਟੋ ਦੀ ਮੌਤ : ਕੌਰੋਨਰ

ਫਲੋਰਿਡਾ, 12 ਅਕਤੂਬਰ (ਪੋਸਟ ਬਿਊਰੋ) : ਗੈਬੀ ਪਟੀਟੋ ਦੀ ਮੌਤ ਗਲਾ ਘੁੱਟਣ ਕਾਰਨ ਹੋਈ, ਇਸ ਦਾ ਖੁਲਾਸਾ ਮੰਗਲਵਾਰ ਨੂੰ ਕੌਰੋਨਰ ਵੱਲੋਂ ਕੀਤਾ ਗਿਆ। ਇਸ ਦੌਰਾਨ ਪਟੀਟੋ ਦੇ ਲਾਪਤਾ ਮੰਗੇਤਰ ਬ੍ਰਾਇਨ ਲਾਂਡਰੇ ਦੀ ਪੁਲਿਸ ਵੱਲੋਂ ਭਾਲ ਕੀਤੀ ਜਾ ਰਹੀ ਹੈ। ਪੁਲਿਸ ਇਸ ਕਤਲ ਲਈ ਉਸ ਨੂੰ ਹੀ ਜ਼ਿੰਮੇਵਾਰ ਮੰਨ ਰਹੀ ਹੈ।

ਕੌਰੋਨਰ ਡਾ. ਬ੍ਰੈੱਟ ਬਲੂ ਨੇ ਇੱਕ ਨਿਊਜ਼ ਕਾਨਫਰੰਸ ਵਿੱਚ ਆਖਿਆ ਕਿ ਉੱਤਰੀ ਵਿਓਮਿੰਗ, ਟੈਟਨ ਕਾਊਂਟੀ ਵਿੱਚ ਸਥਿਤ ਗ੍ਰੈਂਡ ਟੈਟਨ ਨੈਸ਼ਨਲ ਪਾਰਕ ਦੀ ਸਰਹੱਦ ਦੇ ਨਾਲ ਲੱਗਦੇ ਏਰੀਆ ਵਿੱਚ ਅਵਿਕਸਤ ਕੈਂਪਿੰਗ ਏਰੀਆ ਦੇ ਨੇੜੇ 19 ਸਤੰਬਰ ਨੂੰ 22 ਸਾਲਾ ਪਟੀਟੋ ਦੀ ਲਾਸ਼ ਮਿਲਣ ਤੋਂ ਤਿੰਨ ਤੋਂ ਚਾਰ ਹਫਤੇ ਪਹਿਲਾਂ ਉਸ ਦੀ ਮੌਤ ਹੋ ਚੁੱਕੀ ਸੀ।ਇਹ ਸਪਸ਼ਟ ਨਹੀਂ ਹੋ ਸਕਿਆ ਕਿ ਮੌਤ ਦੇ ਕਾਰਨਾਂ ਦੀ ਪੁਸ਼ਟੀ ਕੀਤੇ ਜਾਣ ਤੋਂ ਬਾਅਦ ਲਾਂਡਰੇ ਉੱਤੇ ਹੋਰ ਚਾਰਜਿਜ਼ ਲਾਏ ਜਾਣਗੇ ਜਾਂ ਨਹੀਂ।

ਜ਼ਿਕਰਯੋਗ ਹੈ ਕਿ ਲਾਂਡਰੇ ਨਾਲ ਕਰਾਸ ਕੰਟਰੀ ਰੋਡ ਟਰਿੱਪ ਉੱਤੇ ਗਈ ਪਟੀਟੋ ਅਚਾਨਕ ਲਾਪਤਾ ਹੋ ਗਈ ਸੀ। ਦੂਜੇ ਪਾਸੇ ਫਲੋਰਿਡਾ ਦੀ ਪੁਲਿਸ ਲਾਂਡਰੇ ਦੀ ਭਾਲ ਕਰ ਰਹੀ ਹੈ। ਕਈ ਦਿਨਾਂ ਤੱਕ ਪਟੀਟੋ ਦੇ ਮਾਪਿਆਂ ਵੱਲੋਂ ਉਸ ਨੂੰ



ਕੀਤੇ ਗਏ ਟੈਕਸਟ ਮੈਸੇਜਿਜ਼ ਤੇ ਕਾਲਜ਼ ਦਾ ਕੋਈ ਜਵਾਬ ਨਾ ਮਿਲਣ ਤੋਂ ਬਾਅਦ 11 ਸਤੰਬਰ ਨੂੰ ਉਸ ਦੇ ਲਾਪਤਾ ਹੋਣ ਦੀ ਰਿਪੋਰਟ ਲਿਖਵਾਈ ਗਈ।

ਦੂਜੇ ਪਾਸੇ ਜਾਂਚਕਾਰਾਂ ਵੱਲੋਂ ਲਾਂਡਰੇ ਦੀ ਭਾਲ ਵਿੱਚ 24,000 ਏਕੜ ਦਾ ਫਲੋਰਿਡਾ ਨੇਚਰ ਪ੍ਰਿਜ਼ਰਵ ਇਲਾਕਾ ਬਿਨਾ ਕਿਸੇ ਸਫਲਤਾ ਦੇ ਗਾਹਿਆ ਜਾ ਚੁੱਕਿਆ ਹੈ। ਉਨ੍ਹਾਂ ਵੱਲੋਂ ਇਸ ਏਰੀਆ ਉੱਤੇ ਆਪਣਾ ਧਿਆਨ ਕੇਂਦਰਿਤ ਇਸ ਲਈ ਕੀਤਾ ਗਿਆ ਕਿਉਂਕਿ ਲਾਂਡਰੇ ਦੇ ਮਾਪਿਆਂ ਵੱਲੋਂ ਇਹ ਆਖਿਆ ਗਿਆ ਸੀ ਕਿ ਉਹ ਉੱਧਰ ਗਿਆ ਹੋ ਸਕਦਾ ਹੈ।ਅਧਿਕਾਰੀਆਂ ਵੱਲੋਂ ਲਾਂਡਰੇ ਦੀ ਭਾਲ ਲਈ ਹੈਲੀਕਾਪਟਰਜ਼, ਡਰੋਨਜ਼, ਸੂਹੀਆ ਕੁੱਤਿਆਂ ਦੀ ਮਦਦ ਲਈ ਜਾ ਰਹੀ ਹੈ। ਇਸ ਸਰਚ ਏਰੀਆ ਦਾ 75 ਫੀ ਸਦੀ ਹਿੱਸਾ ਪਾਣੀ ਦੇ ਹੇਠਾਂ ਹੈ। ਪਰ ਅਜੇ ਤੱਕ ਪੁਲਿਸ ਨੂੰ ਕੋਈ ਸਫਲਤਾ ਹਾਸਲ ਨਹੀਂ ਹੋਈ ਹੈ।

Best Insurance Rates
Life Auto Home Business
ਕਾਰ ਅਤੇ ਘਰ ਦੀ ਇੰਸ਼ੋਰੈਂਸ ਲਈ ਘੱਟ ਰੇਟ
Discounts upto 35% on Auto & Home
Dir: 647-400-2949
Amanpreet S. Batth R.I.B.O
Axcel Insurance Brokers Ltd.
1550 South Gateway Rd. Suite 220 Mississauga, ON L4W 5G6

## ਜਿਨ੍ਹਾਂ ਰੈਜ਼ੀਡੈਂਟਸ ਦੀ ਸੈਕਿੰਡ ਡੋਜ਼ ਪੈਂਡਿੰਗ ਹੈ ਉਨ੍ਹਾਂ 'ਤੇ ਧਿਆਨ ਕੇਂਦਰਿਤ ਕਰੇਗਾ ਟੋਰਾਂਟੋ

ਟੋਰਾਂਟੋ12 ਅਕਤੂਬਰ (ਪੋਸਟ ਬਿਊਰੋ) : ਪੂਰੀ ਤਰ੍ਹਾਂ ਵੈਕਸੀਨੇਸ਼ਨ ਕਰਵਾ ਚੁੱਕੇ ਤੇ ਅੰਸ਼ਕ ਤੌਰ ਉੱਤੇ ਵੈਕਸੀਨੇਸ਼ਨ ਕਰਵਾ ਚੁੱਕੇ ਟੋਰਾਂਟੋ ਵਾਸੀਆਂ ਵਿਚਲੇ ਪਾੜੇ ਨੂੰ ਖ਼ਤਮ ਕਰਨ ਲਈ ਟੋਰਾਂਟੋ ਹੁਣ ਉਨ੍ਹਾਂ 50,000 ਰੈਜ਼ੀਡੈਂਟਸ ਉੱਤੇ ਆਪਣਾ ਧਿਆਨ ਕੇਂਦਰਿਤ ਕਰੇਗਾ ਜਿਨ੍ਹਾਂ ਨੇ ਅਜੇ ਤੱਕ ਕੋਵਿਡ-19 ਦੀ ਆਪਣੀ ਦੂਜੀ ਡੋਜ਼ ਨਹੀਂ ਲਵਾਈ।

ਇਸ ਸਮੇਂ ਟੋਰਾਂਟੋ ਦੇ 123,000 ਰੈਜ਼ੀਡੈਂਟਸ ਅਜਿਹੇ ਹਨ ਜਿਨ੍ਹਾਂ ਵੱਲੋਂ ਕੋਵਿਡ-19 ਵੈਕਸੀਨ ਦੀ ਸਿਰਫ ਪਹਿਲੀ ਡੋਜ਼ ਹੀ ਲਵਾਈ ਗਈ ਹੈ।48,200 ਲੋਕ ਅਜਿਹੇ ਹਨ ਜਿਨ੍ਹਾਂ ਨੂੰ ਸੈਕਿੰਡ ਡੋਜ਼ ਲੱਗਣ ਦੀ ਮਿਤੀ ਵੀ ਟੱਪ ਚੁੱਕੀ ਹੈ।ਇਸ ਨਵੀਂ ਰਣਨੀਤੀ ਤਹਿਤ




ਮੰਗਲਵਾਰ ਨੂੰ ਦਿੱਤੀ ਗਈ ਬ੍ਰੀਫਿੰਗ ਵਿੱਚ ਅਧਿਕਾਰੀਆਂ ਨੇ ਦੱਸਿਆ ਕਿ ਜਿਨ੍ਹਾਂ ਨੇ ਅੰਸ਼ਕ ਤੌਰ ਉੱਤੇ ਵੈਕਸੀਨੇਸ਼ਨ ਕਰਵਾਈ ਹੈ ਉਨ੍ਹਾਂ ਤੱਕ ਸਿਟੀ ਵੱਲੋਂ ਫੋਨ ਕਾਲਜ਼ ਤੇ ਟੈਕਸਟ ਮੈਸੇਜਿਜ਼ ਰਾਹੀਂ ਪਹੁੰਚ ਕੀਤੀ ਜਾਵੇਗੀ।ਇਨ੍ਹਾਂ ਮੈਸੇਜਿਜ਼ ਤੇ ਫੋਨ ਕਾਲਜ਼ ਰਾਹੀਂ ਉਹ ਅੜਿੱਕੇ ਦੂਰ ਕੀਤੇ ਜਾਣਗੇ ਜਿਹੜੇ ਵੈਕਸੀਨੇਸ਼ਨ ਦੇ ਸਬੰਧ ਵਿੱਚ ਲੋਕਾਂ ਨੂੰ ਘੇਰੀ ਬੈਠੇ ਹਨ। ਬੋਰਡ ਆਫ ਹੈਲਥ ਦੇ ਚੇਅਰ ਜੋਅ ਕ੍ਰੈਸੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਇਹ ਉਸੇ ਤਰ੍ਹਾਂ ਹੀ ਹੋਵੇਗਾ ਜਿਵੇਂ ਤੁਹਾਡੀ ਡੈਂਟਿਸਟ ਜਾਂ ਡਾਕਟਰ ਦੀ ਅਪੁਆਇੰਟਮੈਂਟ ਲਈ ਤੁਹਾਨੂੰ ਚੇਤੇ ਕਰਵਾਇਆ ਜਾਂਦਾ ਹੈ। ਇਸ ਸਮੇਂ ਤੁਹਾਨੂੰ ਤੁਹਾਡੀ ਸੈਕਿੰਡ ਡੋਜ਼ ਲਈ ਚੇਤੇ ਕਰਵਾਇਆ ਜਾਵੇਗਾ। ਅਸੀਂ ਇਹ ਵੀ ਪਤਾ ਲਾਉਣ ਦੀ ਕੋਸ਼ਿਸ਼ ਕਰ ਰਹੇ ਹਾਂ ਕਿ ਕੀ ਕਲੀਨਿਕ ਤੱਕ ਪਹੁੰਚਣ ਲਈ ਤੁਹਾਨੂੰ ਰਾਈਡ ਦੀ ਲੋੜ ਹੈ?

...ਬਾਕੀ ਪੰਨਾ 5 'ਤੇ

NOW HIRING !!!
ALLKIND INSURANCE
• Life Insurance • Critical illness Ins • Travel & Visitor Ins • RESP & TFSA & RRSP
• Super Visa Insurance • Mortgage Insurance • Disability Insurance • Funeral Insurance
SIMRAN SAINI 416.994.7272
www.allkindinsurance.com

INSURANCE
Home / Auto / Business / Trucking / Life Insurance / Commercial
647-206-2452
Sukhwinder K Singh
CONNEX 7050A Bramalea Rd, Unit # 13, Mississauga, ON L5S 1T1

Locations: Woodbridge, Mississauga, Scarborough
YES! Immigration — Yes we can...
Celebrating 16 Years
16 ਸਾਲਾਂ ਤੋਂ ਤੁਹਾਡੀ ਸੇਵਾ ਵਿਚ
ਇੰਮੀਗਰੇਸ਼ਨ ਸੇਵਾਵਾਂ 10-20% Discount
ICCRC Raj Narang, Ritu Narang
ਕੈਨੇਡਾ ਦੇ ਵੀਜ਼ਾ ਵਾਸਤੇ ਅੱਜ ਹੀ ਸੰਪਰਕ ਕਰੋ:
(416)740-6969
(647)616-1020

SUPER VISA INSURANCE EXPERTS
Punjab Insurance Inc
Super Visa Monthly plans available
7003 Steeles Ave. W, Unit 10 Etobicoke, ON, M9W 0A2
gill@punjabinsurance.ca
416-724-5000
RANJIT GILL Insurance Advisor
Disability Insurance / Mortgage Insurance / Life Insurance / Visitor Insurance / Travel Insurance / RESP(Education Plan) / Critical Illness Insurance

INSURANCE MART INSURANCE COMPANY
Life Insurance / Critical Illness / Disability / Super Visa / Home and Auto Insurance
Gurdip Gill (647)767-6665
gurdipgill1@hotmail.ca

AUTO & HOME INSURANCE
Super visa Insurance / Life & Disability / Critical illness / RESP / Visitor & Travel insurance
(416-845-1352)
Manwinder Mangat
Axcel InsuranceBrokers Ltd. 1332 Khalsa Dr, Unit # 11, Mississauga, ON L5S 0A2

Dubai Jewellers
ਨਵੇਂ ਬਣੇ ਪਲਾਜ਼ਾ ਦੇ ਵਿਚ
2700 Northpark Drive Unit #19, Brampton Ontario L6S 0E9
North Park & Airport Major Intersection
Gift Prize with Every Purchase
* Repair at no extra cost
* Appraisal Certificate
* Buy, Sell, Trade
Tuesday to Sunday (12-8) (Monday Closed)
Raj & Gulshan Mob: 416-465-1200
www.dubaijewellers.ca
info@dubaijewellers.ca

HELPING YOU PLAN TODAY...FOR TOMORROW
• Supervisa / Visitor Insurance • Life /Mortgage/Funeral Insurance • Disability Insurance • Critical Illness Insurance • RESP /RRSP
www.ufsinsurance.com
JATINDERBIR S BAJWA Insurance Broker
Dir: 647-928-4990
# 25-831 Bovaird Dr. W. Brampton, ON L6X0T9 | www.ufsinsurance.com

PEST PROBLEM ? Residential & Commercial
100% Customer Satisfaction
All Pest Control
MICE, COCKROACH, BEDBUG & ALL COMMON BUGS
AFFORDABLE & RELIABLE 647.990.3205
KSG Pest Control Inc. Residential, Commercial
www.ksgpestcontrol.ca ksgpestcontrol@gmail.com
Amarjeet Singh Gill

PROTECT YOUR HOME FROM PESTS — Pest Control
Low Rates/Excellent Pest Control Services
100% Success rate for bed bug Treatment
Free Home Inspection Call Today
Ranjit Sidhu Certified & Licenced Exterminator
BED BUG MATTRESS COVER ALSO AVAILABLE | A-Z Pest Control
Cell: 647.668.3944 | Office: 905.455.0648
info@atozpestcontroltoronto.com | www.atozpestcontroltoronto.com

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6 Brampton, ON, L6P 3W4
Aman Sharma — Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
• ਪਾਵਰ ਆਫ ਸੇਲ ਨੋਟਿਸ ?
• ਗਾਰਨਿਸ਼ਮੈਂਟ?
• ਬੈਂਕ ਵਲੋਂ ਪੈਸੇ ਦੀ ਮੰਗ ?
• ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
Late Evening and Weekends Appointments Available 1888 864 3131
Jasbir Singh Hundal Qualified Credit Counsellor
www.MakeMeDebtFree.ca 416-502-3100
Unit #20 - 7015 Tranmere Drive Mississauga, ON L5S 1T7

CN Forklift Training Center
Counterbalance All Types / Walkie pallet Low Lift / Electric Motor Narrow Aisle Reach / Cherry Order Picker
License $69 Toll Free: 1 855 230 0001
7033 Telford Way, Unit #4, Mississauga, ON L5S 1V4
When You Need Re certified License & Training First Call to us
Cell: 416 726 6206 Tel: 905 405 0001
NC Dhawan Certified Instructor

KELLEY LAW OFFICE
Immigration / Real Estate / Family Law / Business Closing / Corporate / Wills & Estate / Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੋਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre | Avon Financial Inc. Brokerage Lic. 12538
Cell: 416-841-4218 Tel: 905-216-5563
Harpreet Singh Goraya Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392


ਵਰਕਰਾਂ ਦੀ ਲੋੜ
ਘਾਹ ਕੱਟਣ ਲਈ ਅਤੇ ਕੰਸਟ੍ਰਕਸ਼ਨ ਦੇ ਫੁੱਲ ਟਾਈਮ ਕੰਮ ਲਈ ਜਨਰਲ ਲੇਬਰ ਦੀ ਲੋੜ ਹੈ। ਕੰਮ ਉਤੇ ਲੈ ਕੇ ਆਉਣ ਅਤੇ ਲਿਜਾਣ ਦੀ ਸੁਵਿਧਾ। ਬਿਨੈਕਾਰ ਸਰੀਰਕ ਤੌਰ ਉਤੇ ਫਿਟ ਅਤੇ 50 ਐਲ.ਬੀ.ਐਸ. ਵਜ਼ਨ ਚੁੱਕਣ ਦੇ ਯੋਗ ਹੋਣਾ ਚਾਹੀਦਾ ਹੈ।
ਸੰਪਰਕ ਅਮਿਤ: 647-784-1213

Royal Pest Control
Residential Commercial Industrial
Specialist in Bedbugs Service
All Pest Control :
• Mouse & Rats • Spiders & Fleas • Bedbugs • Wasps • Cockroaches • Carpenter Ants • Silver Fish • Racoons
Call : PARESH PATEL
416 938 4598

ਨਵਾਂ ਘਾਹ ਲਵਾਉ 647-784-1213
www.aaalandscaping.ca
1 ਪੁਰਾਣਾ ਘਾਹ ਹਟਾਉ ਅਤੇ ਨਵਾਂ ਲਵਾਉ
2 ਏਰੀਆ ਨੂੰ ਲੇਵਲ ਕਰਨਾ ਅਤੇ ਮਿੱਟੀ ਰਲਾਉਣੀ
3 ਨਵਾਂ ਘਾਹ ਲਵਾਉ
4 ਆਪਣੇ ਨਵੇਂ ਅਤੇ ਸੋਹਣੇ ਘਾਹ ਨੂੰ ਦੇਖੋ

MANN LAW FIRM
• Real Estate Law • Business Law • Wills & Estates • Family Law • Power of Attorney • Civil Litigation • Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca


NOW
HIRING
U.S. CROSS BORDER
SINGLES & TEAMS
AND CANADIAN TEAMS
US Singles $0.64/mile
US Teams $0.66/mile
Canadian teams $0.62/mile
LIGHT SPEED
Logistics Inc.
OUR FAMILY WELCOMES YOU
U.S. Singles – Dedicated Truck
Desirable Lanes to the U.S.
U.S. Teams – New Dedicated Truck
Canadian Teams – New Dedicated Truck
Comprehensive Company Benefits
Flexible Work Schedule
LIGHT SPEED HAS YOU COVERED
Steve Hunt O 905.696.0700 x7224 C 905.229.9011 E shunt@lslinc.com
6015 Kestrel Road, Mississauga, ONTARIO L5T 1S8
www.lslinc.com


NATION-WIDE TALK,
TEXT & DATA PLAN
4.5GB
$40/mo.
chatr
AUTHORIZED DEALER
379 Main St. North, Brampton | 905-451-0379
2456 Lake shore Blvd West, Etobicoke | 416-259-3654
Offer subject to change without notice. Get 4.5GB at 3G speed. Once you reach your 3G speed data allotment, your data speed will be reduced until your next anniversary date. Taxes extra. ™ Trademarks used under license ©2021

## ਫੈਡਰਲ ਅਦਾਲਤ ਨੇ ਫੋਰਟਿਨ ਦੀ ਵੈਕਸਿਨ ਵੰਡ ਦੇ ਇੰਚਾਰਜ ਵਜੋਂ ਬਹਾਲੀ ਦੀ ਅਪੀਲ ਕੀਤੀ ਖਾਰਜ

ਓਟਵਾ, 12 ਅਕਤੂਬਰ (ਪੋਸਟ ਬਿਊਰੋ) : ਕੈਨੇਡਾ ਦੀ ਕੋਵਿਡ-19 ਵੈਕਸੀਨ ਵੰਡ ਦੇ ਇੰਚਾਰਜ ਵਜੋਂ ਬਹਾਲੀ ਲਈ ਕੋਸ਼ਿਸ਼ ਕਰ ਰਹੇ ਮੇਜਰ ਜਨਰਲ ਡੈਨੀ ਫੋਰਟਿਨ ਨੂੰ ਉਸ ਸਮੇਂ ਨਿਰਾਸ਼ਾ ਹੱਥ ਲੱਗੀ ਜਦੋਂ ਫੈਡਰਲ ਕੋਰਟ ਨੇ ਫੈਸਲਾ ਉਨ੍ਹਾਂ ਦੇ ਖਿਲਾਫ ਸੁਣਾਇਆ। ਅਦਾਲਤ ਨੇ ਇਹ ਵੀ ਆਖਿਆ ਕਿ ਫੋਰਟਿਨ ਨੂੰ ਇਸ ਤਰ੍ਹਾਂ ਹਟਾਏ ਜਾਣ ਬਾਰੇ ਪਹਿਲਾਂ ਕੈਨੇਡੀਅਨ ਆਰਮਡ ਫੋਰਸਿਜ਼ ਨਾਲ ਆਪਣੀ ਸ਼ਿਕਾਇਤ ਦਾ ਨਿਪਟਾਰਾ ਕਰਨਾ ਹੋਵੇਗਾ।

ਮੰਗਲਵਾਰ ਨੂੰ ਜਾਰੀ ਇਸ ਬਿਆਨ ਵਿੱਚ ਜੱਜ ਐਨ ਮੈਰੀ ਮੈਕਡੌਨਲਡ ਨੇ ਫੋਰਟਿਨ ਦੀ ਗੁਜ਼ਾਰਿਸ਼ ਖਾਰਜ ਕਰ ਦਿੱਤੀ। ਉਨ੍ਹਾਂ ਆਖਿਆ ਕਿ ਇਹ ਮਾਮਲਾ ਅਪਰਿਪੱਕ ਸੀ ਤੇ ਅਦਾਲਤ ਵਿੱਚ ਇਸ ਮਸਲੇ ਦਾ ਹੱਲ ਲੱਭਣ ਲਈ ਆਉਣ ਤੋਂ ਪਹਿਲਾਂ ਇਸ ਸੀਨੀਅਰ ਮਿਲਟਰੀ ਅਧਿਕਾਰੀ ਨੂੰ ਆਪਣੇ ਅੰਦਰੂਨੀ ਮਸਲਿਆਂ ਨੂੰ ਪਹਿਲ ਦੇ ਆਧਾਰ ਉੱਤੇ ਹੱਲ ਕਰਨਾ ਚਾਹੀਦਾ ਸੀ।



ਸਤੰਬਰ ਵਿੱਚ ਦੋ ਰੋਜ਼ਾ ਸੁਣਵਾਈ ਵਿੱਚ ਜੱਜ ਨੇ ਫੋਰਟਿਨ ਦੀ ਲੀਗਲ ਟੀਮ ਤੇ ਸਰਕਾਰ ਦੇ ਉਸ ਵਿਵਾਦ ਨੂੰ ਸੁਣਿਆ ਜਿਸ ਵਿੱਚ ਸਰਕਾਰ ਵੱਲੋਂ ਇਸ ਸੀਨੀਅਰ ਫੌਜੀ ਅਧਿਕਾਰੀ ਨੂੰ ਇਸ ਅਹੁਦੇ ਤੋਂ ਹਟਾਇਆ ਗਿਆ। ਜ਼ਿਕਰਯੋਗ ਹੈ ਕਿ ਫੋਰਟਿਨ ਦੇ ਵਕੀਲਾਂ ਨੇ ਦੋਸ਼ ਲਾਇਆ ਕਿ ਪ੍ਰਧਾਨ ਮੰਤਰੀ ਜਸਟਿਨ ਟਰੂਡੋ, ਸਿਹਤ ਮੰਤਰੀ ਪੈਟੀ ਹਾਜ਼ਦੂ ਤੇ ਰੱਖਿਆ ਮੰਤਰੀ ਹਰਜੀਤ ਸੱਜਣ ਵੱਲੋਂ ਫੋਰਟਿਨ ਨੂੰ ਹਟਾਉਣ ਲਈ ਸਿਆਸੀ ਦਖਲਅੰਦਾਜ਼ੀ ਕੀਤੀ ਗਈ।

ਇੱਥੇ ਦੱਸਣਾ ਬਣਦਾ ਹੈ ਕਿ ਇਸ ਸੀਨੀਅਰ ਮਿਲਟਰੀ ਆਫੀਸਰ ਨੂੰ ਕੈਨੇਡਾ ਦੇ ਵਾਈਸ ਪ੍ਰੈਜ਼ੀਡੈਂਟ ਆਫ ਲਾਜਿਸਟਿਕਸ ਐਂਡ ਆਪਰੇਸ਼ਨਜ਼ ਦੀ ਭੂਮਿਕਾ ਤੋਂ ਮਈ ਵਿੱਚ ਉਸ ਸਮੇਂ ਹਟਾ ਦਿੱਤਾ ਗਿਆ ਸੀ ਜਦੋਂ ਮਿਲਟਰੀ ਪੁਲਿਸ ਨੇ ਮੇਜਰ ਖਿਲਾਫ ਜਿਨਸੀ ਮਾਮਲੇ ਵਿੱਚ ਜਾਂਚ ਦੀ ਸ਼ੁਰੂਆਤ ਕੀਤੀ ਸੀ। ਇਹ ਮਾਮਲਾ 1988 ਦਾ ਉਸ ਸਮੇਂ ਦਾ ਸੀ ਜਦੋਂ ਸੇਂਟ ਜੀਨ ਕਿਊਬਿਕ ਵਿੱਚ ਰਾਇਲ ਮਿਲਟਰੀ ਕਾਲਜ ਵਿੱਚ ਫੋਰਟਿਨ ਵਿਦਿਆਰਥੀ ਸਨ।

## ਕਈ ਗੱਡੀਆਂ ਦੇ ਆਪਸ ਵਿੱਚ ਟਕਰਾਉਣ ਨਾਲ 2 ਹਲਾਕ, 3 ਜ਼ਖ਼ਮੀ

ਟੋਰਾਂਟੋ, 12 ਅਕਤੂਬਰ ( ਪੋਸਟ ਬਿਊਰੋ) : ਪੱਛਮੀ ਸਿਰੇ ਉੱਤੇ ਕਈ ਗੱਡੀਆਂ ਦੇ ਆਪਸ ਵਿੱਚ ਟਕਰਾਅ ਜਾਣ ਕਾਰਨ ਦੋ ਵਿਅਕਤੀ ਮਾਰੇ ਗਏ ਜਦਕਿ 3 ਹੋਰ ਜ਼ਖ਼ਮੀ ਹੋ ਗਏ।



ਇਹ ਹਾਦਸਾ ਸਪਰਿੰਗ ਐਂਡ ਪਾਰਕਸਾਈਡ ਡਰਾਈਵਜ਼ ਉੱਤੇ ਮੰਗਲਵਾਰ ਨੂੰ ਦੁਪਹਿਰੇ 4:40 ਦੇ ਨੇੜੇ ਤੇੜੇ ਵਾਪਰਿਆ। ਪੁਲਿਸ ਨੇ ਦੱਸਿਆ ਕਿ ਇੱਕ ਕਾਲੇ ਰੰਗ ਦੀ ਬੀਐਮਡਬਲਿਊ ਪੂਰੀ ਤੇਜ਼ ਰਫਤਾਰ ਨਾਲ ਪਾਰਕਸਾਈਡ ਡਰਾਈਵ ਉੱਤੇ ਦੱਖਣ ਵੱਲ ਜਾ ਰਹੀ ਸੀ। ਇਸ ਗੱਡੀ ਨੇ ਅਜਿਹੀ ਗੱਡੀ ਨੂੰ ਟੱਕਰ ਮਾਰੀ ਜਿਹੜੀ ਟਰੈਫਿਕ ਵਿੱਚ ਉਡੀਕ ਕਰ ਰਹੀ ਸੀ। ਇਸ ਨਾਲ ਅਜਿਹਾ ਚੇਨ ਰਿਐਕਸ਼ਨ ਸ਼ੁਰੂ ਹੋਇਆ ਕਿ ਇੱਕ ਗੱਡੀ ਦੂਜੀ ਵਿੱਚ ਤੇ ਦੂਜੀ ਤੀਜੀ ਵਿੱਚ ਜਾ ਟਕਰਾਈਆਂ।

ਇਸ ਘਟਨਾ ਵਿੱਚ 71 ਸਾਲਾ ਪੁਰਸ਼ ਤੇ 69 ਸਾਲਾ ਮਹਿਲਾ ਦੀ ਮੌਤ ਹੋ ਗਈ। ਇਹ ਵੀ ਮੰਨਿਆਂ ਜਾ ਰਿਹਾ ਹੈ ਕਿ ਦੋਵੇਂ ਇੱਕੋ ਗੱਡੀ ਵਿੱਚ ਸਵਾਰ ਸਨ। ਪਰ ਪੁਲਿਸ ਇਹ ਪਤਾ ਨਹੀਂ ਲਾ ਪਾਈ ਕਿ ਦੋਵਾਂ ਦਾ ਆਪਸ ਵਿੱਚ ਕੀ ਰਿਸ਼ਤਾ ਸੀ। ਇੱਕ 38 ਸਾਲਾ ਵਿਅਕਤੀ ਨੂੰ ਗੰਭੀਰ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਜਦਕਿ ਦੋ ਹੋਰਨਾਂ ਨੂੰ ਮਾਮੂਲੀ ਸੱਟਾਂ ਲੱਗੀਆਂ।

REXDALE BODY SHOP
USED CAR SALE



CHEEMA

Specialization In:
★ All Kinds of Body Work
★ Auto Glass Windshield
★ Denting, Painting & Welding

SPECIAL PAINT JOB $779

RENTAL CAR PROVIDED



ਅਸੀਂ ਸਾਰੇ ਇੰਸ਼ੋਰੈਂਸ ਕੰਪਨੀ ਨੂੰ ਕਵਰ ਕਰਦੇ ਹਾਂ

25 years of Canadian Experience
OPEN MON - SAT 9AM TO 7PM

LOWEST PRICE IN TOWN
Call Rick or Manminder Cheema: 416.749.9596 /416.951.6431

Towing Service Car Paint Starts $799*upto 100% Deductible Paid*

30 Racine Rd. Toronto, ON, M9W 2Z3, FAX: 416.749.9597
www.AAABODYSHOP.ca
mcheemaaaa@hotmail.com

ਬੇਸਮੈਂਟਸ ਕਿਰਾਏ ਲਈ ਖਾਲੀ

ਗੋਰ ਰੋਡ ਅਤੇ ਕੰਟਰੀਸਾਈਡ ਦੇ ਏਰੀਏ ਵਿਚ ਇਕ ਬੇਸਮੈਂਟ ਦੋ ਬੈਡਰੂਮ ਦੀ ਅਤੇ ਇਕ ਬੇਸਮੈਂਟ ਇਕ ਬੈਡਰੂਮ ਦੀ ਕਰਾਏ ਲਈ ਖਾਲੀ ਹੈ। ਸੈਪਰੇਟ ਕਿਚਨ ਸੈਪਰੇਟ ਫੁਲ ਵਾਸਰੂਮ, ਸ਼ਿਅਰਡ ਲਾਂਡਰੀ। ਸਿਰਫ ਫੈਮਲੀ ਵਾਲੇ ਅਤੇ ਨੌਨ ਸਮੋਕਰ ਅਤੇ ਨੋ ਪੈਟਸ ਵਾਲੇ ਹੀ ਕਾਲ ਕਰਨ।
ਜ਼ਿਆਦਾ ਜਾਣਕਾਰੀ ਲਈ ਸੰਪਰਕ ਕਰੋ:

416-305-9864

Great Invetsment Opportunity

In The Region of Timminis,ON


8 ACRE OF lAND CAN BE SEVERD IN TWO LOTS OF 4 ACRE

Apartment Building For Sale:

| 4 units 3 bedroom | 2 units 1 bedroom | 1 unit bachelor |
|---|---|---|








For More Details Call: 416-970-5005/647-242-8667



Jas Toor
Sales Repersentative

Sutton Group-Realty Experts
Brokerage*

Jagdish Grewal
Sales Repersentative

President Realty Inc.
Brokerage*



## ਅੱਜ ਨਾਮਾ

ਪਿਛਲੇ ਸਾਲ ਗਿਆ ਛੱਡ ਅਕਾਲੀਆਂ ਨੂੰ,
ਮੁੜ ਕੇ ਆ ਗਿਆ ਪਿੱਛੇ ਸੀ ਅੱਜ ਬੇਲੀ।
ਕਾਹਤੋਂ ਗਿਆ ਤੇ ਪਿਆ ਹੈ ਮੁੜ ਕਾਹਤੋਂ,
ਗਿਣ ਕੇ ਬਹੁਤ ਸੁਣਉਂਦਾ ਹੈ ਪੱਜ ਬੇਲੀ।
ਏਦਾਂ ਕਈਆਂ ਛੜੱਪੇ ਜਿਹੇ ਬਹੁਤ ਮਾਰੇ,
ਜਿੱਥੇ ਮਾਲ ਡਿੱਠਾ, ਗਏ ਸੀ ਭੱਜ ਬੇਲੀ।
ਵੱਧ ਕੁੜਤਿਆਂ ਤੋਂ ਕੀਤੀ ਦਲ-ਬਦਲੀ,
ਕਰਨੀ ਸਿੱਖੀ ਨਾ ਮਾਸਾ ਵੀ ਲੱਜ ਬੇਲੀ।
ਬਣ ਕੇ ਢੀਠ ਉਹ ਆਗੂ ਦੇ ਰਹੇ ਆਗੂ,
ਮਾਇਆ ਹੂੰਝਣੀ ਰੱਖਿਆ ਧਰਮ ਬੇਲੀ।
ਆ ਗਈ ਕਿਸੇ ਨੂੰ ਕਦੀ, ਬੇਸ਼ੱਕ ਆਵੇ,
ਲਾਗੇ ਇਨ੍ਹਾਂ ਦੇ ਆਵੇ ਨਾ ਸ਼ਰਮ ਬੇਲੀ।

ਤੀਸ ਮਾਰ ਖਾਂ

# ਸਕੂਲਾਂ ਵਿੱਚ ਕੋਵਿਡ-19 ਦੇ ਪਸਾਰ ਕਾਰਨ ਚਿੰਤਤ ਮਾਪੇ ਚਾਹੁੰਦੇ ਹਨ ਵਿਦਿਆਰਥੀ ਤੇ ਸਟਾਫ ਪਾ ਕੇ ਰੱਖਣ ਮਾਸਕ : ਸਰਵੇ

ਓਟਵਾ, 12 ਅਕਤੂਬਰ (ਪੋਸਟ ਬਿਊਰੋ) : ਇੱਕ ਤਾਜ਼ਾ ਸਰਵੇਖਣ ਵਿੱਚ ਹਿੱਸਾ ਲੈਣ ਵਾਲੇ ਬਹੁਗਿਣਤੀ ਮਾਪਿਆਂ ਦਾ ਕਹਿਣਾ ਹੈ ਕਿ ਸਕੂਲਾਂ ਵਿੱਚ ਅਜੇ ਵੀ ਤੇਜ਼ੀ ਨਾਲ ਫੈਲ ਰਹੇ ਕੋਵਿਡ-19 ਕਾਰਨ ਉਹ ਕਾਫੀ ਚਿੰਤਤ ਹਨ ਤੇ ਉਹ ਚਾਹੁੰਦੇ ਹਨ ਕਿ ਬੱਚੇ ਤੇ ਸਟਾਫ ਮਾਸਕ ਪਾਉਣ।

ਯੂਨੀਵਰਸਿਟੀ ਆਫ ਸਸਕੈਚਵਨ ਵਿਖੇ ਕੈਨੇਡੀਅਨ ਹੱਬ ਫੌਰ ਅਪਲਾਈਡ ਐਂਡ ਸੋਸ਼ਲ ਰਿਸਰਚ ਵੱਲੋਂ ਕਰਵਾਏ ਗਏ ਸਰਵੇਖਣ ਵਿੱਚ 1000 ਤੋਂ ਵੱਧ ਲੋਕਾਂ ਤੋਂ ਇਹ ਪੁੱਛਿਆ ਗਿਆ ਕਿ ਅਜੇ ਵੀ ਆਪਣੇ ਬੱਚਿਆਂ ਨੂੰ ਸਕੂਲ ਭੇਜਣ ਸਮੇਂ ਕੋਈ ਚਿੰਤਾ ਤਾਂ ਨਹੀਂ ਹੁੰਦੀ ਤੇ ਜੇ ਹੁੰਦੀ ਹੈ ਤਾਂ ਉਹ ਕੀ ਹੈ। ਉਨ੍ਹਾਂ ਤੋਂ ਇਹ ਵੀ ਪੁੱਛਿਆ ਗਿਆ ਕਿ ਕਿਹੜੇ ਪਬਲਿਕ ਹੈਲਥ ਆਰਡਰਜ਼ ਲਾਗੂ ਹੋਣੇ ਚਾਹੀਦੇ ਹਨ।



ਸਰਵੇਖਣ ਵਿੱਚ ਹਿੱਸਾ ਲੈਣ ਵਾਲਿਆਂ ਵਿੱਚੋਂ 89 ਫੀ ਸਦੀ ਨੇ ਆਖਿਆ ਕਿ ਉਹ ਵੈਕਸੀਨੇਸ਼ਨ ਕਰਵਾ ਚੁੱਕੇ ਹਨ। ਇਨ੍ਹਾਂ ਵਿੱਚੋਂ 12 ਸਾਲ ਤੇ ਇਸ ਤੋਂ ਵੱਧ ਉਮਰ ਦੇ ਬੱਚਿਆਂ ਦੇ ਮਾਪਿਆਂ ਵਿੱਚੋਂ 81 ਫੀ ਸਦੀ ਨੇ ਆਖਿਆ ਕਿ ਉਨ੍ਹਾਂ ਦੇ ਬੱਚੇ ਵੀ ਵੈਕਸੀਨੇਸ਼ਨ ਕਰਵਾ ਚੁੱਕੇ ਹਨ। ਰਿਸਰਚ ਦੇ ਡਾਇਰੈਕਟਰ ਜੇਸਨ ਡਿਸਾਨੋ ਨੇ ਆਖਿਆ ਕਿ ਜਿਹੜੇ ਲੋਕ ਵੈਕਸੀਨੇਸ਼ਨ ਕਰਵਾ ਚੁੱਕੇ ਹਨ ਤੇ ਜਿਨ੍ਹਾਂ ਦੇ ਬੱਚੇ ਵੀ ਵੈਕਸੀਨੇਸ਼ਨ ਕਰਵਾ ਚੁੱਕੇ ਹਨ ਉਹ ਚਾਹੁੰਦੇ ਹਨ ਕਿ ਸਕੂਲਾਂ ਵਿੱਚ ਬੱਚੇ ਤੇ ਸਟਾਫ ਮਾਸਕ ਪਾ ਕੇ ਰੱਖਣ।

ਦੇਸ਼ ਭਰ ਵਿੱਚ ਮਹਾਂਮਾਰੀ ਦੀ ਚੌਥੀ ਵੇਵ ਦੌਰਾਨ ਮਾਪੇ ਸਕੂਲ ਜਾਣ ਵਾਲੇ ਬੱਚਿਆਂ ਨੂੰ ਲੈ ਕੇ ਚਿੰਤਤ ਵੀ ਹਨ ਤੇ ਉਨ੍ਹਾਂ ਉੱਤੇ ਬਰੀਕੀ ਨਾਲ ਨਜ਼ਰ ਵੀ ਰੱਖ ਰਹੇ ਹਨ। ਉਨ੍ਹਾਂ ਦੱਸਿਆ ਕਿ 70 ਫੀ ਸਦੀ ਲੋਕਾਂ ਦਾ ਕਹਿਣਾ ਹੈ ਕਿ ਉਹ ਸਕੂਲਾਂ ਵਿੱਚ ਅਜੇ ਵੀ ਕੋਵਿਡ-19 ਦੇ ਪਸਾਰ ਨੂੰ ਲੈ ਕੇ ਚਿੰਤਤ ਹਨ। 69 ਫੀ ਸਦੀ ਪੋਸਟ ਸੈਕੰਡਰੀ ਇੰਸਟੀਚਿਊਸ਼ਨਜ਼ ਵਿੱਚ ਵਾਇਰਸ ਦੇ ਪਸਾਰ ਨੂੰ ਲੈ ਕੇ ਚਿੰਤਤ ਹਨ।

# ਹਾਦਸੇ ਤੋਂ ਬਾਅਦ ਪਲਟੀ ਕਾਰ ਵਿੱਚ ਸਵਾਰ ਮਾਂ ਤੇ ਬੱਚੇ ਨੂੰ ਰਾਹਗੀਰਾਂ ਨੇ ਬਚਾਇਆ

ਟੋਰਾਂਟੋ, 12 ਅਕਤੂਬਰ (ਪੋਸਟ ਬਿਊਰੋ) : ਰੈਕਸਡੇਲ ਵਿੱਚ ਇੱਕ ਮਾਂ ਤੇ ਉਸ ਦੇ ਚਾਰ ਮਹੀਨੇ ਦੇ ਬੱਚੇ ਨੂੰ ਕੁੱਝ ਰਾਹਗੀਰਾਂ ਵੱਲੋਂ ਉਸ ਵੇਲੇ ਬਚਾਅ ਲਿਆ ਗਿਆ ਜਦੋਂ ਉਨ੍ਹਾਂ ਦੀ ਗੱਡੀ ਪਲਟ ਗਈ। ਇਹ ਜਾਣਕਾਰੀ ਟੋਰਾਂਟੋ ਪੁਲਿਸ ਨੇ ਦਿੱਤੀ।

ਮੰਗਲਵਾਰ ਸਵੇਰੇ 9:00 ਵਜੇ ਤੋਂ ਤੁਰੰਤ ਬਾਅਦ ਪੁਲਿਸ ਨੂੰ ਕਾਲ ਆਈ ਕਿ ਐਲਬੀਅਨ ਰੋਡ ਤੇ ਆਰਕੌਟ ਬੋਲੀਵੀਆਰਡ ਦੇ ਲਾਂਘੇ ਉੱਤੇ ਦੋ ਗੱਡੀਆਂ ਦੀ ਟੱਕਰ ਤੋਂ ਬਾਅਦ ਇੱਕ ਗੱਡੀ ਪਲਟ ਗਈ। ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਇਸ ਹਾਦਸੇ ਤੋਂ ਬਾਅਦ ਰਾਹਗੀਰ ਤੁਰੰਤ ਹਰਕਤ ਵਿੱਚ ਆਏ ਤੇ ਪਲਟੀ ਹੋਈ ਕਾਰ ਵਿੱਚ ਮੌਜੂਦ ਮਾਂ ਤੇ ਉਸ ਦੇ ਚਾਰ ਮਹੀਨੇ ਦੇ ਬੱਚੇ ਨੂੰ ਬਾਹਰ ਕੱਢ ਲਿਆ।


ਟੋਰਾਂਟੋ ਪੁਲਿਸ ਮੀਡੀਆ ਰਿਲੇਸ਼ਨਜ਼ ਆਫੀਸਰ ਐਡਵਰਡ ਪਾਰਕਸ ਨੇ ਆਖਿਆ ਕਿ ਰਾਹਗੀਰਾਂ ਨੇ ਬਹੁਤ ਵਧੀਆ ਕੰਮ ਕੀਤਾ। ਮੌਕੇ ਉੱਤੇ ਪਹੁੰਚੇ ਪੁਲਿਸ ਅਧਿਕਾਰੀਆਂ ਨੇ ਦੱਸਿਆ ਕਿ ਕਈ ਰਾਹਗੀਰਾਂ ਨੇ ਹਾਦਸਾ ਵੇਖਣ ਤੋਂ ਬਾਅਦ ਆਪਣੀਆਂ ਗੱਡੀਆਂ ਰੋਕੀਆਂ ਤੇ ਲਾਂਘੇ ਨੂੰ ਸੇਫਟੀ ਲਈ ਬੰਦ ਕਰ ਦਿੱਤਾ ਤਾਂ ਕਿ ਉਹ ਗੱਡੀ ਵਿੱਚ ਫਸੀ ਮਾਂ ਤੇ ਬੱਚੇ ਦੀ ਮਦਦ ਕਰ ਸਕਣ।

ਪੁਲਿਸ ਨੇ ਆਖਿਆ ਕਿ ਮਾਂ ਤੇ ਬੱਚੇ ਨੂੰ ਸਹੀ ਸਲਾਮਤ ਕੱਢ ਲਿਆ ਗਿਆ ਤੇ ਉਨ੍ਹਾਂ ਨੂੰ ਮਾਮੂਲੀ ਸੱਟਾਂ ਲੱਗੀਆਂ ਹਨ। ਟੋਰਾਂਟੋ ਪੁਲਿਸ ਦੇ ਸਾਰਜੈਂਟ ਮੁਰੇ ਕੈਂਪਬੈਲ ਨੇ ਆਖਿਆ ਕਿ ਜੇ ਰਾਹਗੀਰਾਂ ਨੇ ਸੂਝਬੂਝ ਤੋਂ ਕੰਮ ਨਾ ਲਿਆ ਹੁੰਦਾ ਤਾਂ ਬੱਚੇ ਨੂੰ ਸੁਰੱਖਿਅਤ ਬਾਹਰ ਨਹੀਂ ਸੀ ਕੱਢਿਆ ਜਾ ਸਕਦਾ। ਉਨ੍ਹਾਂ ਸਾਰਿਆਂ ਦਾ ਧੰਨਵਾਦ ਵੀ ਕੀਤਾ। ਹਾਦਸੇ ਵਿੱਚ ਸ਼ਾਮਲ ਦੂਜੀ ਗੱਡੀ ਦੇ ਡਰਾਈਵਰ ਨੂੰ ਵੀ ਮਾਮੂਲੀ ਸੱਟਾਂ ਲੱਗੀਆਂ ਹਨ ਤੇ ਹਾਦਸੇ ਦੇ ਕਾਰਨਾਂ ਦੀ ਜਾਂਚ ਕਰ ਰਹੀ ਹੈ।

# ਲਖੀਮਪੁਰ ਖੀਰੀ ਸ਼ੋਕ ਸਮਾਗਮ: ਕਿਸਾਨ ਆਗੂਆਂ ਵੱਲੋਂ ਮੋਦੀ ਨੂੰ ਉਸ ਦੇ ਆਪਣੇ ਹਲਕੇ ਵਿੱਚ ਘੇਰਨ ਲਈ ਪਹੁੰਚਣ ਦੀ ਵੰਗਾਰ

*** ਹਿੰਸਾ ਦੇ ਮੁੱਖ ਦੋਸ਼ੀ ਮੰਤਰੀ-ਪੁੱਤਰ ਦੀ ਗ੍ਰਿਫ਼ਤਾਰੀ ਨੂੰ ਮਜ਼ਾਕ ਦੱਸਿਆ**





ਲਖੀਮਪੁਰ ਖੀਰੀ, 12 ਅਕਤੂਬਰ, (ਪੋਸਟ ਬਿਊਰੋ)- ਬੀਤੀ 3 ਅਕਤੂਬਰ ਨੂੰ ਉੱਤਰ ਪ੍ਰਦੇਸ਼ ਦੇ ਲਖੀਮਪੁਰ ਖੀਰੀ ਜ਼ਿਲ੍ਹੇ ਦੇ ਤਿਕੁਨੀਆ ਵਿੱਚ ਹੋਈ ਹਿੰਸਾ ਵਿੱਚ ਮਾਰੇ ਗਏ ਚਾਰ ਕਿਸਾਨਾਂ ਤੇ ਪੱਤਰਕਾਰ ਰਮਨ ਕਸ਼ਯਪ ਨੂੰ ਸ਼ਰਧਾਂਜਲੀ ਦੇਣ ਲਈ ਅੱਜ ਏਥੇ ਅੰਤਿਮ ਅਰਦਾਸ ਤੇ ਸ਼ੋਕ ਸਮਾਗਮ ਕੀਤਾ ਗਿਆ। ਇਹ ਸਮਾਗਮ ਉਸ ਥਾਂ ਹੋਇਆ, ਜਿੱਥੇ ਹਿੰਸਾ ਹੋਈ ਸੀ। ਸਮਾਗਮ ਵਿੱਚ ਸੰਯੁਕਤ ਕਿਸਾਨ ਮੋਰਚਾ ਦੇ ਆਗੂ ਅਤੇ ਦੂਰ-ਨੇੜੇ ਦੇ ਕਿਸਾਨ ਪੁੱਜੇ ਅਤੇ ਸ਼ਹੀਦ ਕਿਸਾਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ। ਸਮਾਗਮ ਵਿੱਚ ਦੇਸ਼ ਪੱਧਰ ਦੇ ਕਿਸਾਨ ਆਗੂਆਂ ਬਲਬੀਰ ਸਿੰਘ ਰਾਜੇਵਾਲ, ਰਾਕੇਸ਼ ਟਿਕੈਤ, ਜਗਜੀਤ ਸਿੰਘ ਡੱਲੇਵਾਲ, ਜੋਗਿੰਦਰ ਸਿੰਘ ਉਗਰਾਹਾਂ, ਡਾਕਟਰ ਦਰਸ਼ਨ ਪਾਲ, ਮਨਜੀਤ ਸਿੰਘ ਰਾਏ, ਕ੍ਰਿਸ਼ਨ ਪ੍ਰਸਾਦ, ਬਲਦੇਵ ਸਿੰਘ ਨਿਹਾਲਗੜ੍ਹ, ਬਲਦੇਵ ਸਿੰਘ ਸਿਰਸਾ ਆਦਿ ਨੇ ਸੰਬੋਧਨ ਕੀਤਾ। ਇਸ ਮੌਕੇ ਕਾਂਗਰਸ ਜਨਰਲ ਸੈਕਟਰੀ ਪ੍ਰਿਅੰਕਾ ਗਾਂਧੀ, ਰਾਜ ਸਭਾ ਮੈਂਬਰ ਦਪਿੰਦਰ ਸਿੰਘ ਹੁੱਡਾ, ਸਾਬਕਾ ਮੰਤਰੀ ਬਲਵੰਤ ਸਿੰਘ ਰਾਮੂਵਾਲੀਆ, ਦਿੱਲੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਮਨਜਿੰਦਰ ਸਿੰਘ ਸਿਰਸਾ ਅਤੇ ਹੋਰ ਆਗੂ ਵੀ ਓਥੇ ਪਹੁੰਚੇ ਹੋਏ ਸਨ।

ਸ਼ਰਧਾਂਜਲੀ ਸਮਾਗਮ ਦੇ ਮੰਚ ਤੋਂ ਕਿਸਾਨ ਆਗੂ ਜੋਗਿੰਦਰ ਸਿੰਘ ਉਗਰਾਹਾਂ ਨੇ ਅੱਜ ਦੇਸ਼ ਦੀ ਮੋਦੀ ਸਰਕਾਰ ਦੇ ਖਿਲਾਫ ਸ਼ਬਦੀ ਹਮਲਾ ਬੋਲਦਿਆਂ ਕਿਹਾ ਕਿ ਲਖੀਮਪੁਰ ਹਿੰਸਾ ਦਾ ਦੋਸ਼ੀ ਜੇਲ੍ਹ ਵਿੱਚ ਬੰਦ ਕੀਤਾ ਜਾਵੇ। ਅਸੀਂ ਕਹਿੰਦੇ ਹਾਂ ਕਿ ਇਹ ਸਰਕਾਰ ਪੂੰਜੀਪਤੀਆਂ ਦੀ ਹੈ, ਇਹ ਸਾਡੀ ਨਹੀਂ ਬਣ ਸਕਦੀ। ਉਗਰਾਹਾਂ ਨੇ ਕਿਹਾ ਕਿ ਅਸੀਂ ਸ਼ਾਂਤੀਮਈ ਰਹੇ ਹਾਂ, ਸਾਡੇ ਕਿਸਾਨ ਮੁੰਡੇ ਕਾਲੀ ਝੰਡੀ ਨਾਲ ਸ਼ਾਂਤੀਮਈ ਵਿਰੋਧ ਕਰਦੇ ਸਨ, ਭਾਵੇਂ ਵੀਡੀਓ ਵੇਖ ਲਓ। ਉਗਰਾਹਾਂ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਵੰਗਾਰਦੇ ਹੋਏ ਕਿਹਾ ਕਿ 'ਮੋਦੀ ਸਾਬ੍ਹ, ਆਵਾਂਗੇ ਤੇਰੇ ਇਲਾਕੇ ਵਿੱਚ ਵੀ, ਤੈਨੂੰ ਵੇਖ ਲਵਾਂਗੇ। ਅਸੀਂ ਸਬਰ ਨਾਲ ਮੁਕਾਬਲਾ ਕਰਾਂਗੇ ਅਤੇ ਅਖ਼ੀਰ ਨੂੰ ਜਿੱਤ ਕੇ ਜਾਵਾਂਗੇ।'

ਇਸ ਮੌਕੇ ਭਾਰਤੀ ਕਿਸਾਨ ਯੂਨੀਅਨ ਦੇ ਬੁਲਾਰੇ ਰਾਕੇਸ਼ ਟਿਕੈਤ ਨੇ ਲਖੀਮਪੁਰ ਹਿੰਸਾ ਦੇ ਦੋਸ਼ੀ ਆਸ਼ੀਸ਼ ਮਿਸ਼ਰਾ ਦੀ ਗ੍ਰਿਫ਼ਤਾਰੀ ਉੱਤੇ ਵਿਅੰਗ ਕੱਸਦਿਆਂ ਇਸ ਨੂੰ ਮਜ਼ਾਕ ਦੱਸਿਆ ਅਤੇ ਪੁਲਸ ਉੱਤੇ ਵੀ ਸਵਾਲ ਚੁੱਕੇ। ਟਿਕੈਤ ਨੇ ਕਿਹਾ, 'ਹਾਲੇ ਰੈੱਡ ਕਾਰਪੇਟ ਗ੍ਰਿਫ਼ਤਾਰੀ ਹੋਈ ਹੈ। ਗੁਲਦਸਤਿਆਂ ਵਾਲਾ ਰਿਮਾਂਡ ਹੈ। ਕਿਸੇ ਪੁਲਸ ਅਫਸਰ ਦੀ ਹਿੰਮਤ ਨਹੀਂ ਕਿ ਪੁੱਛ-ਗਿੱਛ ਕਰੇ।' ਉਨ੍ਹਾ ਕਿਹਾ ਕਿ ਜਦੋਂ ਤੱਕ ਮੁੱਖ ਦੋਸ਼ੀ ਦਾ ਬਾਪ ਅਜੇ ਕੁਮਾਰ ਮਿਸ਼ਰਾ ਕੇਂਦਰ ਸਰਕਾਰ ਦਾ ਗ੍ਰਹਿ ਰਾਜ ਮੰਤਰੀ ਹੈ ਅਤੇ ਉਸ ਨੂੰ ਮੰਤਰੀ ਅਹੁਦੇ ਤੋਂ ਹਟਾ ਕੇ ਗ੍ਰਿਫ਼ਤਾਰ ਨਹੀਂ ਕੀਤਾ ਜਾਂਦਾ, ਸਾਡਾ ਅੰਦੋਲਨ ਜਾਰੀ ਰਹੇਗਾ। ਬਾਪ-ਬੇਟੇ ਤੋਂ ਪੁੱਛ-ਗਿੱਛ ਹੋਵੇਗੀ ਤਾਂ ਲਖੀਮਪੁਰ ਖੀਰੀ ਦੀ ਸਾਜਿਸ਼ ਦਾ ਭੇਦ ਖੁੱਲ੍ਹੇਗਾ।' ਵਰਨਣ ਯੋਗ ਹੈ ਕਿ ਇਸ ਸਮਾਗਮ ਵਿੱਚ ਕਿਸਾਨਾਂ ਦਾ ਆਪ-ਮੁਹਾਰਾ ਇਕੱਠ ਆਸ ਤੋਂ ਵੱਡਾ ਸਮਝਿਆ ਜਾ ਰਿਹਾ ਸੀ।

## ਰਣਜੀਤ ਸਿੰਘ ਕਤਲ ਕੇਸ: ਰਾਮ ਰਹੀਮ ਨੂੰ ਸਜ਼ਾ ਸੁਣਾਉਣ ਦਾ ਕੰਮ 18 ਅਕਤੂਬਰ ਉੱਤੇ ਪਿਆ



ਚੰਡੀਗੜ੍ਹ, 12 ਅਕਤੂਬਰ, (ਪੋਸਟ ਬਿਊਰੋ)- ਡੇਰਾ ਸੱਚਾ ਸੌਦਾ ਸਿਰਸਾ ਦੇ ਸਾਬਕਾ ਮੈਨੇਜਰ ਰਣਜੀਤ ਸਿੰਘ ਦੇ ਕਤਲ ਦੇ 19 ਸਾਲ ਬਾਅਦਅੱਜ ਇਸ ਕੇਸਵਿੱਚ ਪੰਚਕੂਲਾ ਦੀ ਵਿਸ਼ੇਸ਼ ਸੀਬੀਆਈ ਅਦਾਲਤ ਨੇ ਸਜਾ ਦਾ ਐਲਾਨ ਕਰਨਾ ਸੀ, ਪਰ ਇਹ ਕੰਮ 18 ਤਾਰੀਖ ਤੱਕ ਟਲ ਗਿਆ ਹੈ। ਬਚਾਅ ਪੱਖ ਨੇ ਦਲੀਲ ਦਿੱਤੀ ਹੈ ਕਿ ਸਜ਼ਾ ਉਤੇ ਉਨ੍ਹਾਂ ਦੀ ਬਹਿਸ ਅਜੇ ਪੂਰੀ ਨਹੀਂ ਹੋਈ, ਇਸ ਲਈ ਅਦਾਲਤ ਨੇ 18 ਅਕਤੂਬਰ ਦੀ ਅਗਲੀ ਤਾਰੀਖ ਤੈਅ ਕੀਤੀ ਹੈ।

ਅੱਜ ਦੀ ਸੁਣਵਾਈ ਦੌਰਾਨ ਸਿਰਸਾ ਇਲਾਕੇਵਿੱਚ ਅਤੇ ਚੰਡੀਗੜ੍ਹ ਨਾਲ ਜੁੜਦੇ ਹਰਿਆਣਾ ਦੇ ਸ਼ਹਿਰ ਪੰਚਕੂਲਾ ਵਿੱਚ ਵੀ ਹਾਈ ਅਲਰਟ ਜਾਰੀ ਕੀਤਾ ਗਿਆ ਸੀ। ਸਿਰਸਾ ਡੇਰਾ ਸੱਚਾ ਸੌਦਾ ਨੂੰ ਜਾਂਦੀਆਂ ਸਾਰੀਆਂ ਸੜਕਾਂ ਉੱਤੇ ਪੁਲਿਸ ਅਤੇ ਅਰਧ ਫੌਜੀ ਫੋਰਸਾਂਵੱਲੋਂ ਭਾਰੀ ਸੁਰੱਖਿਆ ਕੀਤੀ ਗਈ ਸੀ।

ਵਰਨਣ ਯੋਗ ਹੈ ਕਿ ਰਣਜੀਤ ਸਿੰਘ ਕਤਲ ਕੇਸ ਵਿੱਚ ਡੇਰਾ ਮੁਖੀ ਗੁਰਮੀਤ ਰਾਮ ਰਹੀਮ ਸਿੰਘ ਸਮੇਤ 6 ਦੋਸ਼ੀ ਸਨ, ਜਿਨ੍ਹਾਂ ਵਿੱਚੋਂ ਇੱਕ ਜਣੇ ਡੇਰਾ ਮੈਨੇਜਰ ਇੰਦਰਸੈਨ ਦੀ ਮੌਤ ਹੋ ਚੁੱਕੀ ਹੈ। ਬਾਕੀ ਪੰਜ ਦੋਸ਼ੀਆਂ ਡੇਰਾ ਮੁਖੀ ਗੁਰਮੀਤ ਰਾਮ ਰਹੀਮ, ਕ੍ਰਿਸ਼ਨ ਲਾਲ, ਅਵਤਾਰ, ਜਸਵੀਰ ਅਤੇ ਸ਼ਬਦੀਲ ਨੂੰ ਬੀਤੀ 8 ਅਕਤੂਬਰ ਨੂੰ ਪੰਚਕੂਲਾ ਦੀ ਵਿਸ਼ੇਸ਼ ਸੀਬੀ ਆਈ ਅਦਾਲਤ ਨੇ ਦੋਸ਼ੀ ਕਰਾਰ ਦਿੱਤਾ ਸੀ, ਜਿਸਪਿੱਛੋਂਅੱਜ ਸਜ਼ਾ ਦਾ ਐਲਾਨ ਹੋਣਾ ਸੀ। ਰਣਜੀਤ ਸਿੰਘ ਦੇ ਕਤਲ ਦੇ 19 ਸਾਲ ਬਾਅਦਉਸ ਦੇ ਪਰਿਵਾਰ ਨੂੰ ਨਿਆਂ ਦੀ ਆਸ ਹੈ। ਇਸ ਦੌਰਾਨ ਰਣਜੀਤ ਸਿੰਘ ਦੇ ਪਰਿਵਾਰ ਨੇ ਪੰਚਕੂਲਾ ਦੀ ਵਿਸ਼ੇਸ਼ ਸੀਬੀ ਆਈ ਅਦਾਲਤ ਤੋਂ ਕੇਸ ਨੂੰ ਦੂਸਰੀ ਅਦਾਲਤ ਵਿੱਚ ਤਬਦੀਲ ਕਰਨ ਲਈ ਹਾਈ ਕੋਰਟ ਨੂੰ ਪਹੁੰਚ ਕੀਤੀ ਸੀ, ਪਰ ਹਾਈਕੋਰਟ ਨੇ ਇਹ ਪਟੀਸ਼ਨ ਰੱਦ ਕਰ ਦਿੱਤੀ ਸੀ।

## ਇਟਲੀ ਵਿੱਚ ਇਕ ਦਿਨ ਦੀ ਹੜਤਾਲ ਨੇ ਦੇਸ਼ ਦੀ ਸਰਕਾਰ ਹਲੂਣੀ

ਰੋਮ, 12 ਅਕਤੂਬਰ, (ਪੋਸਟ ਬਿਊਰੋ)- ਕੋਰੋਨਾ ਵਾਇਰਸ ਦੀ ਮਹਾਮਾਰੀ ਦੇ ਸ਼ੁਰੂ ਵਿੱਚ ਇਟਲੀ ਵਿੱਚ ਦੁਨੀਆ ਭਰ ਦਾ ਦੂਸਰਾ ਏਦਾਂ ਦਾ ਦੇਸ਼ ਬਣ ਗਿਆ ਸੀ, ਜਿਥੇ ਚੀਨ ਦੇ ਵੂਹਾਨ ਸ਼ਹਿਰ ਤੋਂ ਬਾਅਦ ਸਭ ਤੋਂ ਵੱਧ ਕੇਸ ਸਨ।ਓਦੋਂ ਇਟਲੀ ਦੇ ਹਾਲਾਤ ਦੇਖ ਕੇ ਲੱਗਦਾ ਸੀ ਕਿ ਪਤਾ ਨਹੀਂ ਮੋੜਾ ਪਵੇ ਕਿ ਨਹੀਂ, ਕਿਉਂਕਿ ਓਦੋਂ ਇਟਲੀ ਵਿੱਚ ਮੌਤ ਦਰ ਅਤੇ ਕੋਰੋਨਾ ਮਹਾਮਾਰੀ ਤੋਂ ਪ੍ਰਭਾਵਿਤ ਮਰੀਜ਼ਾਂ ਦੀ ਗਿਣਤੀਲਗਾਤਾਰ ਵਧ ਰਹੀ ਸੀ। ਹੌਲੀ ਹੌਲੀ ਹਾਲਾਤ ਸੁਧਰੇ, ਪਰ ਇਸ ਦੇ ਬਾਅਦ ਜਦੋਂ ਦੇਸ਼ ਦੀ ਸਰਕਾਰ ਬਹੁਤ ਸੋਚ-ਸਮਝ ਕੇ ਚੱਲ ਰਹੀ ਹੈ ਅਤੇਲਾਕਡਾਊਨ ਭਾਵੇਂ ਛੱਡ ਦਿੱਤਾ ਹੈ,ਇਹ ਗੱਲ ਸਖ਼ਤੀ ਨਾਲ ਕਹੀ ਹੈ ਕਿ ਦੇਸ਼ ਵਿੱਚ ਕੋਈ ਵੀ ਵਿਅਕਤੀ ਐਂਟੀ ਕੋਵਿਡ ਵੈਕਸੀਨ ਤੋਂ ਨਾ ਰਹੇ ਤਾਂ ਇਟਲੀ ਵਿੱਚਹਾਲੇ ਵੀ ਕੁਝ ਲੋਕਾਂ ਨੇ ਐਂਟੀ-ਕੋਵਿਡ ਵੈਕਸੀਨ ਨਹੀਂ ਲਗਵਾਈ ਅਤੇ ਨਾ ਲਵਾਉਣਾ ਚਾਹੁੰਦੇ ਹਨ। ਇਸੇ ਸਬੰਧ ਵਿੱਚ ਇਟਲੀ ਸਰਕਾਰ ਦੇ ਇਸ ਫ਼ੈਸਲੇ ਦਾਕਈਹਫਤਿਆਂ ਤੋਂ ਵਿਰੋਧ ਹੋ ਰਿਹਾ ਹੈ। ਕੱਲ੍ਹ ਸੋਮਵਾਰ ਨੂੰ ਰਾਜਧਾਨੀ ਰੋਮ, ਮਿਲਾਨ, ਨਾਪੋਲੀ, ਤਰੈਸਤੇ ਤੇ ਤੋਰੀਨੋ ਸਣੇਕਈ ਸ਼ਹਿਰਾਂ ਵਿੱਚ ਪ੍ਰਧਾਨ ਮੰਤਰੀ ਮਾਰੀਓ ਦਰਾਗੀ ਦੀ ਸਰਕਾਰ ਵਿਰੁੱਧ ਦੇਸ਼ ਦੀਆਂ ਜਥੇਬੰਦੀਆਂ ਤੇ ਸੰਸਥਾਵਾਂ ਨੇ ਸਾਂਝੇ ਤੌਰ ਉੱਤੇ ਇਕ ਦਿਨਾ ਪਬਲਿਕ ਟਰਾਂਸਪੋਰਟ ਹੜਤਾਲ ਕਰ ਕੇ ਰੋਸ ਪ੍ਰਦਰਸ਼ਨ ਕੀਤੇ, ਜਿਨ੍ਹਾਂ ਵਿੱਚ ਹਜ਼ਾਰਾਂ ਲੋਕਾਂ ਦੇਪੁੱਜਣ ਨਾਲ ਇਸ ਯੂਰਪੀ ਦੇਸ਼ ਦੀ ਸਰਕਾਰ ਹਲੂਣੀ ਗਈ ਹੈ। ਕਈ ਜਥੇਬੰਦੀਆਂ ਵੱਲੋਂ ਮਿਲ ਕੇ ਦਿੱਤੇ ਸੱਦੇ ਉੱਤੇ ਹੋਈ ਇਸ ਹੜਤਾਲ ਦਾ ਅਸਰ ਬੱਸਾਂ, ਟ੍ਰੇਨਾਂ, ਮੈਟਰੋ, ਟ੍ਰਾਮ ਅਤੇ ਏਅਰਲਾਈਨਜ਼ ਵਿੱਚ ਵੀ ਪਿਆ।












# ਜਿਨ੍ਹਾਂ ਰੈਜ਼ੀਡੈਂਟਸ ਦੀ ਸੈਕਿੰਡ ਡੋਜ਼ ਪੈਂਡਿੰਗ ਹੈ ਉਨ੍ਹਾਂ 'ਤੇ ਧਿਆਨ ਕੇਂਦਰਿਤ ਕਰੇਗਾ ਟੋਰਾਂਟੋ

...ਪੰਨਾ 1 ਦਾ ਬਾਕੀ

ਟੀਕਾ ਲਵਾਉਣ ਲਈ ਜਾਣ ਵਾਸਤੇ ਤੁਹਾਨੂੰ ਚਾਈਲਡਕੇਅਰ ਦੀ ਲੋੜ ਹੈ? ਕੀ ਤੁਸੀਂ ਆਪਣੇ ਤੌਖਲੇ ਮਿਟਾਉਣ ਲਈ ਕਿਸੇ ਪਬਲਿਕ ਹੈਲਥ ਨਰਸ ਤੋਂ ਆਪਣੇ ਸਵਾਲਾਂ ਦੇ ਜਵਾਬ ਚਾਹੁੰਦੇ ਹੋ? ਅਜਿਹਾ ਇਸ ਲਈ ਤਾਂ ਕਿ ਤੁਹਾਡੇ ਮਨ ਦੀ ਦੁਚਿੱਤੀ ਨੂੰ ਖ਼ਤਮ ਕੀਤਾ ਜਾ ਸਕੇ। ਇੱਥੇ ਦੱਸਣਾ ਬਣਦਾ ਹੈ ਕਿ ਟੋਰਾਂਟੋ ਦੇ 86 ਫੀ ਸਦੀ ਰੈਜ਼ੀਡੈਂਟਸ ਤੋਂ ਵੱਧ ਕੋਵਿਡ-19 ਵੈਕਸੀਨ ਦੀ ਘੱਟੋ ਘੱਟ ਇੱਕ ਡੋਜ਼ ਲਵਾ ਚੁੱਕੇ ਹਨ ਤੇ 82 ਫੀ ਸਦੀ ਤੋਂ ਵੱਧ ਪੂਰੀ ਤਰ੍ਹਾਂ ਇਮਿਊਨਾਈਜ਼ਡ ਹਨ। ਸਿਟੀ ਦਾ ਕਹਿਣਾ ਹੈ ਕਿ ਉਸ ਦਾ ਟੀਚਾ ਜਲਦ ਤੋਂ ਜਲਦ 90 ਫੀ ਸਦੀ ਰੈਜ਼ੀਡੈਂਟਸ ਨੂੰ ਪੂਰੀ ਤਰ੍ਹਾਂ ਵੈਕਸੀਨੇਟ ਕਰਨਾ ਹੈ।

# ਬਰੈਂਪਟਨ ਵਿੱਚ ਚੱਲੀ ਗੋਲੀ, ਇੱਕ ਹਲਾਕ

ਬਰੈਂਪਟਨ, 12 ਅਕਤੂਬਰ (ਪੋਸਟ ਬਿਊਰੋ) : ਸੋਮਵਾਰ ਸਵੇਰੇ ਬਰੈਂਪਟਨ ਵਿੱਚ ਵਾਪਰੇ ਗੋਲੀਕਾਂਡ ਵਿੱਚ ਇੱਕ ਵਿਅਕਤੀ ਦੀ ਮੌਤ ਹੋ ਗਈ।

ਪੀਲ ਪੁਲਿਸ ਨੂੰ ਡਿਕਸੀ ਰੋਡ ਤੇ ਪੀਟਰ ਰੌਬਰਟਨ ਬੋਲੀਵੀਆਰਡ ਉੱਤੇ ਸਵੇਰੇ 1:00 ਵਜੇ ਵਾਪਰੇ ਇਸ ਗੋਲੀਕਾਂਡ ਦੀ ਖਬਰ ਦੇ ਕੇ ਸੱਦਿਆ ਗਿਆ। ਮੌਕੇ ਉੱਤੇ ਪੁਲਿਸ ਨੂੰ



ਇੱਕ ਵਿਅਕਤੀ ਜ਼ਖ਼ਮੀ ਹਾਲਤ ਵਿੱਚ ਮਿਲਿਆ ਤੇ ਉਸ ਨੂੰ ਤੁਰੰਤ ਸੰਨੀਬਰੁੱਕ ਹਸਪਤਾਲ ਲਿਜਾਇਆ ਗਿਆ। ਪਰ ਹਸਪਤਾਲ ਵਿੱਚ ਜ਼ਖ਼ਮਾਂ ਦੀ ਤਾਬ ਨਾ ਸਹਾਰਦਿਆਂ ਹੋਇਆਂ ਉਸ ਦੀ ਮੌਤ ਹੋ ਗਈ। ਪੁਲਿਸ ਨੇ ਦੱਸਿਆ ਕਿ ਮਸ਼ਕੂਕ ਇਸ ਇਲਾਕੇ ਵਿੱਚੋਂ ਲਾਲ ਰੰਗ ਦੀ ਗੱਡੀ ਵਿੱਚ ਫਰਾਰ ਹੋ ਗਿਆ ਪਰ ਇਸ ਸਬੰਧ ਵਿੱਚ ਹੋਰ ਵੇਰਵੇ ਜਾਰੀ ਨਹੀਂ ਕੀਤੇ ਗਏ ਹਨ। ਹੋਮੀਸਾਈਡ ਯੂਨਿਟ ਵੱਲੋਂ ਮਾਮਲੇ ਦੀ ਜਾਂਚ ਆਪਣੇ ਹੱਥ ਵਿੱਚ ਲੈ ਲਈ ਗਈ ਹੈ।

ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

Punjabipost.ca
905-793-2202
27 Armthorpe Rd #3,
Brampton, L6T 5M4

| | |
|---|---|
| **Founder Editor** | Jagdish Singh Grewal |
| **Managing Director** | Parminder Kaur Grewal |
| **Contributing Editors** | Gyan Singh, |
| **Office Admin** | Sajandeep Singh |
| **Graphic Designer** | Angrez Singh |
| **Photographer** | Kanwaljit Singh Kanwal |
| **Distributer** | Aman Warraich |
| Marketing: | Sajandeep Singh |

Punjabi Post is a daily newspaper, published *Monday to Friday*. Advertiser is solely responsible for the ads content, releasing Punjabi post from any and all liability arising from Advertiser's use of the ads/advertising materials as permitted in an Agreement or IO. The opinions expressed in the articles & columns are those of the writers, editors or any other staff member at Punjabi post assume no responsibility of any kind. Thank you.

# ਕੈਨੇਡੀਅਨ ਬਾਰਡਰ ਉੱਤੇ ਕਸਟਮਜ਼ ਦੇ ਵਿਵਾਦ ਕਾਰਨ ਅਮਰੀਕਾ ਦੀ ਫਿੱਸ਼ ਸਟਿੱਕ ਤੇ ਫਿਲੇ ਸਪਲਾਈ ਨੂੰ ਖਤਰਾ

...ਪੰਨਾ 1 ਦਾ ਬਾਕੀ

ਫਿਰ ਉਹ ਰੇਲ ਕਾਰਾਂ ਰਾਹੀਂ 100 ਫੁੱਟ ਦੀ ਦੂਰੀ ਉੱਤੇ ਕੈਨੇਡਾ ਦੇ ਅੰਦਰ ਲਿਜਾਈ ਜਾਂਦੀ ਹੈ, ਫਿਰ ਇਸ ਨੂੰ ਟਰੱਕਾਂ ਉੱਤੇ ਲੱਦ ਕੇ ਇਸ ਨੂੰ ਸਰਹੱਦ ਪਾਰ ਕਰਕੇ ਅਮਰੀਕਾ ਪਹੁੰਚਾਇਆ ਜਾਂਦਾ ਹੈ। ਯੂਐਸ ਕਸਟਮਜ਼ ਤੇ ਬਾਰਡਰ ਪ੍ਰੋਟੈਕਸ਼ਨ ਵੱਲੋਂ ਇਹ ਦੋਸ਼ ਲਾਇਆ ਗਿਆ ਹੈ ਕਿ ਸ਼ਿੱਪਰਜ਼ ਜੋਨਜ਼ ਐਕਟ ਦੀ ਉਲੰਘਣਾਂ ਕਰ ਰਹੇ ਹਨ। ਇਸ ਐਕਟ ਤਹਿਤ ਇਹ ਸ਼ਰਤ ਹੈ ਕਿ ਅਮਰੀਕਾ ਦੀਆਂ ਬੰਦਰਗਾਹਾਂ ਦਰਮਿਆਨ ਸ਼ਿੱਪ ਕੀਤੀਆਂ ਗਈਆਂ ਵਸਤਾਂ ਨੂੰ ਅਮਰੀਕਾ ਦੀ ਮਲਕੀਅਤ ਵਾਲੇ ਬੇੜਿਆਂ ਉੱਤੇ ਹੀ ਟਰਾਂਸਪੋਰਟ ਕੀਤਾ ਜਾ ਸਕਦਾ ਹੈ। ਰਿਕਾਰਡਸ ਅਨੁਸਾਰ ਏਜੰਸੀ ਵੱਲੋਂ ਸ਼ਿੱਪਰਜ਼ ਨੂੰ ਇਸ ਸਬੰਧ ਵਿੱਚ 350 ਮਿਲੀਅਨ ਡਾਲਰ ਦਾ ਜੁਰਮਾਨਾ ਵੀ ਕੀਤਾ ਜਾ ਚੁੱਕਿਆ ਹੈ। ਦੋ ਸ਼ਿਪਿੰਗ ਕੰਪਨੀਆਂ ਵੱਲੋਂ ਇਸ ਸਬੰਧ ਵਿੱਚ ਫੈਡਰਲ ਅਦਾਲਤ ਵਿੱਚ ਕੇਸ ਵੀ ਕੀਤਾ ਗਿਆ ਹੈ ਤੇ ਇਸ ਨਿਯਮ ਨੂੰ ਅਣਉਚਿਤ ਤੇ ਅਣਕਿਆਸਿਆ ਦੱਸਿਆ ਗਿਆ ਹੈ।

# ਆਪਣੀ ਕੋਵਿਡ-19 ਵੈਕਸੀਨ ਦੀ ਰੈਸਿਪੀ ਸਾਂਝੀ ਕਰਨ ਲਈ ਤਿਆਰ ਨਹੀਂ ਮੌਡਰਨਾ

...ਪੰਨਾ 1 ਦਾ ਬਾਕੀ

ਕਿ ਭਾਵੇਂ ਮੈਸੈਂਜਰ ਆਰਐਨਏ ਤਕਨਾਲੋਜੀ ਨੂੰ ਸਾਂਝਾ ਕਰਨ ਨਾਲ ਉਤਪਾਦਨ ਵਿੱਚ ਵਾਧਾ ਹੋਵੇਗਾ ਤੇ 2022 ਵਿੱਚ ਕਈ ਬਿਲੀਅਨ ਵਾਧੂ ਡੋਜ਼ਾਂ ਡਲਿਵਰ ਕੀਤੀਆਂ ਜਾ ਸਕਣਗੀਆਂ ਪਰ ਕੰਪਨੀ ਦਾ ਮੰਨਣਾਂ ਇਹ ਹੈ ਕਿ ਅਗਲੇ ਛੇ ਤੋਂ ਨੌਂ ਮਹੀਨੇ ਤੱਕ ਉਹ ਆਪ ਹੀ ਉੱਚ ਮਿਆਰੀ ਵੈਕਸੀਨ ਤਿਆਰ ਕਰਨਾ ਚਾਹੁੰਦੀ ਹੈ ਤਾਂ ਕਿ ਉਹ ਅਸਰਦਾਰ ਰਹਿ ਸਕੇ।

ਵਰਲਡ ਹੈਲਥ ਆਰਗੇਨਾਈਜ਼ੇਸ਼ਨ ਤੇ ਹੋਰਨਾਂ ਏਜੰਸੀਆਂ ਵੱਲੋਂ ਫੌਰਮੂਲਾ ਸਾਂਝਾ ਕਰਨ ਦੀਆਂ ਅਪੀਲਾਂ ਦੇ ਸਬੰਧ ਵਿੱਚ ਉਨ੍ਹਾਂ ਆਖਿਆ ਕਿ ਇਸ ਤਰ੍ਹਾਂ ਦੇ ਦਬਾਅ ਤੋਂ ਲੱਗਦਾ ਹੈ ਕਿ ਸਾਡੀ ਵੈਕਸੀਨ ਤਿਆਰ ਕਰਨ ਦੀ ਓਨੀ ਸਮਰੱਥਾ ਨਹੀਂ ਹੈ ਪਰ ਅਜਿਹਾ ਨਹੀਂ ਹੈ ਕਿਉਂਕਿ ਅਸੀਂ ਜਾਣਦੇ ਹਾਂ ਕਿ ਸਾਡੀ ਸਮਰੱਥਾ ਹੈ।ਉਨ੍ਹਾਂ ਆਖਿਆ ਕਿ ਮੌਡਰਨਾਂ ਨੂੰ ਕੋਵਿਡ-19 ਵੈਕਸੀਨ ਤਿਆਰ ਕਰਨ ਲਈ ਪਲੇਟਫਾਰਮ ਤਿਆਰ ਕਰਨ ਵਾਸਤੇ ਦਸ ਸਾਲ ਦਾ ਸਮਾਂ ਤੇ 2.5 ਬਿਲੀਅਨ ਡਾਲਰ ਦਾ ਖਰਚ ਆਇਆ।

ਲੇਡੀ ਵਰਕਰ ਦੀ ਲੋੜ

Best Western Hotel (Centennial & Eglinton) ਵਿਚ ਕਲੀਨਿੰਗ ਦਾ ਕੰਮ ਕਰਨ ਲਈ ਲੇਡੀ ਵਰਕਰ ਦੀ ਜ਼ਰੂਰਤ ਹੈ। ਡਿਊਟੀ ਦਾ ਸਮਾਂ 9-5:30 ਹੋਵੇਗਾ।

ਹੈਂਡੀਮੈਨ ਦੀ ਲੋੜ

ਪਲੰਬਿੰਗ, ਇਲੈਕ੍ਰੀਸ਼ੀਅਨ ਅਤੇ ਕੰਸਟ੍ਰਕਸ਼ਨ ਦਾ ਥੋੜਾ ਬਹੁਤ ਤਜਰਬਾ ਰੱਖਣ ਵਾਲੇ ਹੈਂਡੀਮੈਨ ਦੀ ਲੋੜ ਹੈ। ਤਨਖਾਹ ਹੋਵੇਗੀ $20-22/ਹਰ ਦਿੱਤੀ ਜਾਵੇਗੀ।

ਸੰਪਰਕ: 416-816-1695

ਕਾਲ ਕਰਨ ਦਾ ਸਮਾਂ ਸਵੇਰੇ 9 ਤੋਂ ਸ਼ਾਮ 7 ਵਜੇ ਤੱਕ

ਫਾਰਮ ਵਰਕਰ ਦੀ ਲੋੜ

ਨਰਸਰੀ ਅਤੇ ਫਾਰਮਾਂ ਵਿਚ ਕੰਮ ਕਰਨ ਲਈ ਤੁਰੰਤ ਵਰਕਰਾਂ ਦੀ ਲੋੜ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਉਤੇ ਸੰਪਰਕ ਕੀਤਾ ਜਾ ਸਕਦਾ ਹੈ।

ਮੋਬਾਇਲ: ਪਰਮਿੰਦਰ ਗਰੇਵਾਲ 647-391-1000

ਬਲਵੀਰ ਸਰਪੰਚ 289-541-5384

ਲੇਡੀਜ਼ ਵਰਕਰ ਦੀ ਲੋੜ

ਵਸਾਗਾ ਬੀਚ ਦੇ ਏਰੀਆ ਵਿਚ ਘਰ ਅਤੇ ਮੋਟਲ ਵਿਚ ਕਲੀਨਿੰਗ ਦਾ ਅਤੇ ਹੋਰ ਛੋਟੇ ਮੋਟੇ ਕੰਮ ਕਰਨ ਲਈ ਲੇਡੀਜ਼ ਵਰਕਰ ਦੀ ਲੋੜ ਹੈ। ਰਹਿਣ ਸਹਿਣ ਅਤੇ ਖਾਣ ਪੀਣ ਦੀ ਸਹੂਲਤ ਉਥੇ ਹੀ ਦਿੱਤੀ ਜਾਵੇਗੀ। ਤਨਖਾਹ ਬਾਰੇ ਅਤੇ ਹੋਰ ਜਾਣਕਾਰੀ ਲੈਣ ਲਈ ਕਾਲ ਕਰੋ :

705-443-2556

REXDALE FINANCIAL SERVICES
WE HELP YOU START, GROW AND SUCCEED

We bring Canada's leading lenders to you
The Mortgage Centre
I direct mortgages Inc.
21 Roysun Rd, #6, Woodbridge, ON L4L 8R3
Ph: 905.652.3000 ext 467 | 905.652.300 ext 468
Each Mortgage center is independently owned and operated
Call now: 416.674.8035 | 416.674.7050 or Fax: 416.674.9009

ਮਿਲ ਰਹੇ ਘੱਟ ਵਿਆਜ ਦਰਾਂ ਦਾ ਫਾਇਦਾ ਚੱਕੋ ਅਤੇ ਹਜ਼ਾਰਾਂ ਹੀ ਡਾਲਰ ਬਚਾਓ!
• DEBT CONSOLIDATION • HOME EQUITY
• LOANS • HOME RENOVATION
• WANT TO GET OUT OF CREDIT CARD DEBT

MORTGAGES SUITABLE FOR EVERY NEED!
1st & 2nd Mortgage Available
ALL IN ONE LOW MONTHLY PAYMENT!

ਜਿਆਦਾ ਕਰਜਾ ਦੇ ਕੇ ਥੱਕ ਚੁੱਕੇ ਹੋ?
ਆਪਣਾ ਕਰਜਾਂ ਚੁਕਾਓ!!!
ਬੈਂਕ ਨੇ ਕਰ ਦਿੱਤੀ 'ਨਾਂਹ', ਅਸੀਂ ਕਰਾਂਗੇ 'ਹਾਂ'

Increase Your Cash Flow by up to 50%

YOU NEED A MORTGAGE? WE'LL ARANGE IT FOR YOU NO MATTER WHAT YOUR REASON IS!
Self Employed or Unemployed
Each Mortgage Centre is independently owned and operated

19 Woodbine Downs Blvd, #201, Etobicoke, ON M9W 6N5
Jaspal Singh Gahunia #M08006400
416.677.0047

ਫਾਰਮਾਂ ਵਿਚ ਕੰਮ ਕਰਨ ਲਈ ਕਾਮਿਆਂ ਦੀ ਲੋੜ

ਬਰੈਂਪਟਨ, ਮਿਸੀਸਾਗਾ, ਮਾਲਟਨ, ਮਿਲਟਨ, ਕੈਲੇਡਨ ਤੋਂ ਪਿਕਅਪ। ਵਧੀਆ ਤਨਖਾਹ ਦਿੱਤੀ ਜਾਵੇਗੀ। ਸੰਪਰਕ: ਅਜੈਬ ਸਹੋਤਾ

4165618882, 4164544587

ਖਿੜਕੀਆਂ ਅਤੇ ਦਰਵਾਜੇ ਲਗਵਾਓ Free Estimates

ਵਨਾਈਲ ਅਤੇ ਐਲੂਮੀਨੀਅਮ ਵਿੰਡੋਜ਼, ਸਟੋਰਮ ਡੋਰ, ਕਲੋਸੈਟ ਡੋਰ ਮਿਰਰਜ਼, ਪੋਰਚ ਐਨਕਲੋਜ਼ਡ, ਮੇਨ ਐਂਟਰੈਂਸ ਡੋਰ, ਹਰ ਤਰਾਂ ਦਾ ਗਲਾਸ ਰਿਪਲੇਸਮੈਂਟ

ਅਸੀਂ ਪੇਂਟ ਵੀ ਕਰਦੇ ਹਾਂ

24 ਘੰਟੇ ਤੁਹਾਡੀ ਸੇਵਾ ਵਿੱਚ

CANADIAN GLASS AND WINDOW

SINGH (TOCHI)
416-454-3031
647-784-8240
Email: tochisangha1@hotmail.com

ਜ਼ਰੂਰ ਜਾਣੋ; ਗਿਆਨ ਗੰਗਾ

।। ਜੀਵ ਹਮਾਰੀ ਜਾਤੀ ਹੈ, ਮਾਨਵ ਧਰਮ ਹਮਾਰਾ । ਹਿੰਦੂ, ਮੁਸਲਿਮ, ਸਿੱਖ, ਇਸਾਈ, ਧਰਮ ਨਹੀਂ ਕੋਈ ਨਿਆਰਾ ।।

- ਬ੍ਰਹਮਾ, ਵਿਸ਼ਨੂੰ, ਮਹੇਸ਼ ਦੇ ਮਾਤਾ-ਪਿਤਾ ਕੌਣ ਹਨ ?
- ਸ਼ੇਰਾਂਵਾਲੀ ਮਾਤਾ (ਦੁਰਗਾ ਅਸ਼ਟਾਂਗੀ) ਦਾ ਪਤੀ ਕੌਣ ਹੈ ?
- ਸਾਨੂੰ ਜਨਮ ਦੇਣ ਤੇ ਮਾਰਣ ਵਿੱਚ ਕਿਸ ਪ੍ਰਭੂ ਦਾ ਸਵਾਰਥ ਹੈ ?
- ਅਸੀਂ ਸਾਰੇ ਦੇਵੀ-ਦੇਵਤਿਆਂ ਦੀ ਇੰਨੀ ਭਗਤੀ ਕਰਦੇ ਹਾਂ, ਫਿਰ ਵੀ ਦੁੱਖੀ ਕਿਉਂ ਹਾਂ ?
- ਬ੍ਰਹਮਾਂ, ਵਿਸ਼ਨੂੰ, ਮਹੇਸ਼ ਕਿਸਦੀ ਭਗਤੀ ਕਰਦੇ ਹਨ ?
- ਪੂਰਨ ਸੰਤ ਦੀ ਪਹਿਚਾਣ ਕੀ ਹੈ ? 'ਤੇ ਮੋਕਸ਼ ਕਿਵੇਂ ਮਿਲੇਗਾ ?
- ਪਰਮਾਤਮਾ ਸਾਕਾਰ ਹੈ ਜਾਂ ਨਿਰਾਕਾਰ ?
- ਕਿਸੀ ਵੀ ਗੁਰੂ ਦੀ ਸ਼ਰਨ ਵਿੱਚ ਜਾਣ ਨਾਲ ਮੁਕਤੀ ਸੰਭਵ ਹੈ ਜਾਂ ਨਹੀਂ ?
- ਤੀਰਥ, ਵਰਤ, ਤਰਪਣ ਅਤੇ ਸ਼ਰਾਧ ਨਿਕਾਲਣ ਨਾਲ ਕੋਈ ਲਾਭ ਹੈ ਜਾਂ ਨਹੀਂ (ਗੀਤਾ ਅਨੁਸਾਰ) ?
- ਸ਼੍ਰੀ ਕ੍ਰਿਸ਼ਨ ਜੀ ਕਾਲ ਨਹੀਂ ਹਨ । ਫਿਰ ਗੀਤਾ ਵਾਲਾ ਕਾਲ ਕੌਣ ਹੈ ?
- ਕੌਣ ਅਤੇ ਕਿਵੇਂ ਹੈ ? ਕਿੱਥੇ ਰਹਿੰਦਾ ਹੈ ? ਕਿਵੇਂ ਮਿਲਦਾ ਹੈ ? ਕਿਸ ਨੇ ਦੇਖਿਆ ਹੈ ਪੂਰਨ ਪਰਮਾਤਮਾ ?
- ਸਮਾਧੀ ਅਭਿਆਸ (Meditation) ਰਾਮ, ਹਰੇ ਕ੍ਰਿਸ਼ਣ, ਹਰੀ ਓਮ, ਹੰਸ, ਤਿੰਨ ਤੇ ਪੰਜ ਨਾਮਾਂ ਅਤੇ ਵਾਹਿਗੁਰੂ ਆਦਿ-2 ਨਾਮਾਂ ਦੇ ਜਾਪ ਤੋਂ ਸੁੱਖ ਅਤੇ ਮੁਕਤੀ ਸੰਭਵ ਹੈ ਜਾਂ ਨਹੀਂ?

ਗਿਆਨ ਗੰਗਾ

ਇਨ੍ਹਾਂ ਸਾਰੇ ਪ੍ਰਸ਼ਨਾਂ ਦੇ ਉੱਤਰ ਜਾਣਨ ਲਈ ਕ੍ਰਿਪਾ ਕਰਕੇ ਪੜ੍ਹੋ ਪੁਸਤਕ ਗਿਆਨ ਗੰਗਾ ਜਾਂ ਡਾਊਨਲੋਡ ਕਰੋ: www.jagatgururampalji.org

IPTV ਦੁਆਰਾ ਸਤਸੰਗ ਦੇਖੋ
Sadhna : 11:00 Am - 12:00 PM
Ishwar : 10:00 Am- 11:00 AM
MH One: 4:30 AM- 5:30 AM
Lok Shahi: 8:25 AM - 9:25 AM
Nepal 1: 8:30 PM -9:30 PM
Subharti : 10:30 AM- 11:30 AM
जन तंत्र: 7:30 PM - 8:30 PM

ਗਿਆਨ ਗੰਗਾ ਪੁਸਤਕ ਦੇ ਆਰਡਰ ਜਾਂ ਸਤਸੰਗ ਦੀ ਜਾਣਕਾਰੀ ਲਈ ਸੰਪਰਕ ਕਰੋ:
satlokashramcanada@gmail.com
satsahibusa@gmail.com
647-739-4641
346-714-0224

UK TRUCK TRAINING CENTRE
PCC #179958
Registered as a Private Careers College

ਹੁਣ ਕੈਮਬ੍ਰਿਜ ਵਿੱਚ ਨਵੀਂ ਲੋਕੇਸ਼ਨ ਖੁੱਲ ਗਈ ਹੈ!!!
225 Sheldon Dr #18, Cambridge

Automatic & Manual Trucks
1 on 1 Training
Air Brake Classes
Sat & Sun 8.00am to 4.00pm
Wed & Thu 4.00pm to 11.00pm
ਜਲਦੀ ਰੋਡ ਟੈਸਟ ਬੁਕਿੰਗ

Forklift Training
Forklift $79 Recertification
Counterbalance
Reach Truck

ਬਾਰ-ਬਾਰ ਫੇਲ੍ਹ ਹੋਣ ਤੋਂ ਬਚਣ ਲਈ ਤਜ਼ਰਬੇਕਾਰ ਇੰਸਟ੍ਰਕਟਰ ਤੋਂ ਟ੍ਰੇਨਿੰਗ ਪ੍ਰਾਪਤ ਕਰੋ।
We help in Written Test & in Finding Jobs

20 ਸਾਲਾਂ ਦਾ ਤਜ਼ਰਬਾ | 7 ਦਿਨ ਖੁੱਲਾ | ਗੇਅਰਾਂ ਵਾਲੇ ਟਰੱਕਾ ਦੀ ਸਪੈਸ਼ਲ ਟ੍ਰੇਨਿੰਗ

7542 Bath Rd, Mississauga, ON L4T 1L2, Off:905.673.7979
OPEN 7 DAYS
uktruck1@gmail.com
Jitpal Singh Deol
647-204-1936

BEST CANADIAN TRUCK & FORKLIFT TRAINING CENTRE
Registered as a Private Career College Under the Private Career College Act. 2005
BEST CANADIAN TRUCK & FORKLIFT TRAINING CENTRE

AZ Tractor trailer program
Manual transmission & backup training everyday
We welcome welfare workers & compensation clients

Open Seven Days

Forklift Re-Certification Only $79.00/-

Karnail Singh

416.670.3173 | 905.799.7333
27 Edvac Dr, Brampton, ON L6S 5X8

# ਅਮਰੀਕਾ ਦੀ ਵਿਲੱਖਣ ਸ਼ਖ਼ਸੀਅਤ – ਡਾ. ਬਲਵੰਤ ਸਿੰਘ ਲੱਛਰ

ਪੰਜਾਬ ਵਿਚ ਤਿੰਨ-ਚਾਰ ਸਾਲ ਸਕੂਲ ਅਧਿਆਪਕੀ ਕਰਨ ਤੋਂ ਬਾਅਦ ਬਲਵੰਤ ਸਿੰਘ ਲੱਛਰ ਨੇ ਭਾਰਤ ਤੋਂ ਅਮਰੀਕਾ ਦੇ ਸ਼ਹਿਰ ਮਿਸੀਸਿਪੀ ਜਾ ਕੇ ਸਿੱਖਿਆ ਵਿਚ ਅਮਰੀਕੀ ਪੱਧਰ ਦੀ ਮੁਹਾਰਤ ਹਾਸਲ ਕਰਕੇ ਸਿੱਖਿਆ ਅਤੇ ਸਮਾਜਿਕ ਭਲਾਈ ਦੇ ਖ਼ੇਤਰਾਂ ਵਿਚ ਕਈ ਕੀਰਤੀਮਾਨ ਸਥਾਪਿਤ ਕੀਤੇ ਜਿਨ੍ਹਾਂ ਕਰਕੇ 2001 ਵਿਚ ਉਨ੍ਹਾਂ ਨੂੰ ਇਕ ਹਜ਼ਾਰ ਅਮਰੀਕਨਾਂ ਵਿਚ ਸ਼ਾਮਲ "ਇੰਟਰਨੈਸ਼ਨਲ ਮੈਨ ਆਫ਼ 'ਦ ਯੀਅਰ" ਦੇ ਮਾਣਮੱਤੇ ਖ਼ਿਤਾਬ ਨਾਲ ਨਿਵਾਜਿਆ ਗਿਆ। ਉਨ੍ਹਾਂ ਦਾ ਜੀਵਨ-ਬਿਓਰਾ 'ਇੰਟਰਨੈਸ਼ਨਲ ਬਾਇਓਗ੍ਰਾਫ਼ੀਕਲ ਸੈਂਟਰ' ਵੱਲੋਂ ਵਿਸ਼ਵ-ਪੱਧਰ ਦੀਆਂ ਇਕ ਹਜ਼ਾਰ ਉਚੇਰੀਆਂ ਸ਼ਖ਼ਸੀਅਤਾਂ ਦੇ ਨਾਲ ਇਕ ਉੱਚ-ਪੱਧਰੀ ਮਿਆਰੀ ਗ੍ਰੰਥ ਦੇ ਰੂਪ ਵਿਚ ਕੈਂਬਰਿੱਜ (ਲੰਡਨ) ਵੱਲੋਂ ਛਾਪਿਆ ਗਿਆ ਅਤੇ ਇਸ ਮਿਲੇ ਮਾਣ-ਸਨਮਾਨ ਦਾ ਉਦੋਂ ਵਾਹਵਾ ਚਰਚਾ ਹੋਇਆ ਸੀ। ਅੱਜ ਡਾ. ਲੱਛਰ ਇਸ ਦੁਨੀਆਂ ਵਿਚ ਨਹੀਂ ਰਹੇ। ਉਹ 18 ਸਤੰਬਰ 2021 ਨੂੰ ਇਸ ਫ਼ਾਨੀ ਸੰਸਾਰ ਤੋਂ ਰੁਖ਼ਸਤ ਹੋ ਗਏ ਹਨ ਪਰ ਉਨ੍ਹਾਂ ਦੀ ਵਿਲੱਖਣ ਸ਼ਖ਼ਸੀਅਤ ਦੀ ਚਰਚਾ ਕੇਵਲ ਅਮਰੀਕਾ ਵਿਚ ਹੀ ਨਹੀਂ, ਸਗੋਂ ਇਹ ਹੋਰ ਦੇਸ਼ਾਂ ਵਿਚ ਵੀ ਹਰ ਪਾਸੇ ਹੋ ਰਹੀ ਹੈ।

ਡਾ. ਬਲਵੰਤ ਸਿੰਘ ਲੱਛਰ ਦਾ ਜਨਮ ਅਣਵੰਡੇ ਪੰਜਾਬ ਦੇ ਜ਼ਿਲੇ ਲਾਇਲਪੁਰ (ਹੁਣ ਫ਼ੈਸਲਾਬਾਦ) ਦੇ ਚੱਕ ਨੰਬਰ 118 ਵਿਚ 1932 ਵਿਚ ਹੋਇਆ। 15 ਅਗਸਤ 1947 ਨੂੰ ਹੋਈ ਭਾਰਤ-ਪਾਕਿ ਵੰਡ ਵਿਚ ਉਨ੍ਹਾਂ ਦੇ ਪਰਿਵਾਰ ਦੇ ਮੈਂਬਰ ਪੰਜਾਬ ਦੇ ਜ਼ਿਲਾ ਜਲੰਧਰ ਦੇ ਪਿੰਡ ਬਾਜੜਾ ਵਿਚ ਆ ਗਏ ਅਤੇ ਤਾਜ਼ੇ ਬਣੇ ਪਾਕਿਸਤਾਨ ਤੋਂ ਆਏ ਬਹੁਤ ਸਾਰੇ ਸ਼ਰਨਾਰਥੀਆਂ ਦੇ ਵਾਂਗ ਬੜੀਆਂ ਮੁਸ਼ਕਲਾਂ ਦਾ ਸਾਹਮਣਾ ਕਰਦਿਆਂ ਹੋਇਆਂ ਉਨਾਂ ਦੇ ਪਰਿਵਾਰ ਦਾ ਮੁੜ-ਵਸੇਬਾ ਹੋਇਆ। ਇੱਥੇ ਆ ਕੇ 1949



ਡਾ. ਸੁਖਦੇਵ ਸਿੰਘ ਝੰਡ 647-567 -9128

ਵਿਚ ਉਨ੍ਹਾਂ ਨੇ ਦੁਆਬਾ ਖਾਲਸਾ ਹਾਈ ਸਕੂਲ ਤੋਂ ਮੈਟ੍ਰਿਕ ਪਾਸ ਕੀਤੀ। 1951 ਵਿਚ ਲਾਇਲਪੁਰ ਖਾਲਸਾ ਕਾਲਜ ਜਲੰਧਰ ਤੋਂ ਸਾਇੰਸ ਦੇ ਵਿਸ਼ੇ ਨਾਲ ਬਾਰ੍ਹਵੀਂ ਜਮਾਤ ਪਾਸ ਕਰਨ ਤੋਂ ਬਾਅਦ ਭਾਰਤੀ ਫ਼ੌਜ ਵਿਚ ਭਰਤੀ ਹੋ ਗਏ। ਫ਼ੌਜ ਦੀ ਨੌਕਰੀ ਛੱਡ ਕੇ 1963 ਵਿਚ ਉਨ੍ਹਾਂ ਸਰਕਾਰੀ ਕਾਲਜ ਹੁਸ਼ਿਆਰਪੁਰ ਤੋਂ ਬੀ.ਏ. ਕਰਨ ਤੋਂ ਬਾਅਦ 1964 ਵਿਚ ਗੌਰਮਿੰਟ ਟੀਚਰ ਟ੍ਰੇਨਿੰਗ ਕਾਲਜ ਜਲੰਧਰ ਤੋਂ ਬੀ.ਟੀ. ਕੀਤੀ ਅਤੇ ਸਕੂਲ ਵਿਚ ਅਧਿਆਪਕ ਲੱਗ ਗਏ। ਅੱਗੋਂ ਅੱਗੋਂ ਹੋਰ ਪੜ੍ਹਨ ਦੇ ਸ਼ੌਕ ਨੂੰ ਜਾਰੀ ਰੱਖਦਿਆਂ 1967 ਵਿਚ ਉਨ੍ਹਾਂ ਨੇ ਲਾਇਲਪੁਰ ਖਾਲਸਾ ਕਾਲਜ ਤੋਂ ਪੋਲਿਟੀਕਲ ਸਾਇੰਸ)ਦੇ ਵਿਸ਼ੇ ਵਿਚ ਐੱਮ.ਏ. ਕਰ ਲਈ।

ਫਿਰ ਸਾਲ ਕੁ ਹੋਰ ਸਕੂਲ ਅਧਿਆਪਕੀ ਕਰਨ ਤੋਂ ਬਾਅਦ ਆਪਣੀ ਪਤਨੀ ਨਾਲ 1968 ਵਿਚ ਇੰਗਲੈਂਡ ਚਲੇ ਗਏ। ਉੱਥੇ ਵਕਾਲਤ ਦੀ ਪੜ੍ਹਾਈ ਕੀਤੀ ਅਤੇ 1970 ਵਿਚ ਅਮਰੀਕਾ ਦੇ ਸ਼ਹਿਰ ਮਿਸੀਸਿਪੀ ਆ ਗਏ। ਇੱਥੇ ਆ ਕੇ ਉਨ੍ਹਾਂ ਅਧਿਆਪਨ ਦੇ ਕਿੱਤੇ ਨੂੰ ਪ੍ਰਮੁੱਖਤਾ ਦਿੱਤੀ ਅਤੇ ਅਮਰੀਕੀ ਪੜ੍ਹਾਈ ਦੇ ਲੋੜੀਂਦੇ ਕੋਰਸ ਪਾਸ ਕਰਨ ਉਪਰੰਤ ਮੌਂਟਗੌਮਰੀ ਐਲੀਮੈਂਟਰੀ ਸਕੂਲ ਵਿਚ ਅਧਿਆਪਕੀ ਆਰੰਭ ਕੀਤੀ। ਨੌਕਰੀ ਦੌਰਾਨ ਹੀ ਸਖ਼ਤ ਮਿਹਨਤ ਕਰਦਿਆਂ ਐਲੀਮੈਂਟਰੀ ਐਜੂਕੇਸ਼ਨ ਦੇ ਖ਼ੇਤਰ ਵਿਚ ਖੋਜ ਕਰਕੇ ਪੀਐੱਚ.ਡੀ. ਦੀ ਉਚੇਰੀ ਡਿਗਰੀ ਹਾਸਲ ਕੀਤੀ। 1976-77 ਵਿਚ ਪੀਐੱਚ.ਡੀ. ਕਰਦੇ ਸਮੇਂ ਉਹ ਯੂਨੀਵਰਸਿਟੀ ਆਫ਼ ਸਦਰਨ ਮਿਸੀਸਿਪੀ ਵਿਚ ਗ੍ਰੈਜੂਏਟ ਅਸਿਸਟੈਂਟ ਸਨ ਅਤੇ ਇਸ ਉਚੇਰੀ ਡਿਗਰੀ ਨੂੰ ਪ੍ਰਾਪਤ ਕਰਨ ਉਪਰੰਤ ਯੂਨੀਵਰਸਿਟੀ ਆਫ਼ ਸਾਊਥ ਕੈਰੀਲੋਨਾ ਵਿਚ ਅਸਿਸਟੈਂਟ



ਬਲਵੰਤ ਸਿੰਘ ਲੱਛਰ

ਪ੍ਰੋਫ਼ੈਸਰ ਬਣ ਗਏ। ਮਿਸੀਸਿਪੀ ਦੇ ਪਬਲਿਕ ਸਕੂਲਾਂ ਵਿਚ ਉਨ੍ਹਾਂ ਲੱਗਭੱਗ 25 ਸਾਲ ਨੌਕਰੀ ਕੀਤੀ ਅਤੇ 1997 ਵਿਚ ਸੇਵਾ-ਮੁਕਤ ਹੋਏ। ਮੌਸ ਪੁਆਇੰਟ ਸਕੂਲ ਡਿਸਟ੍ਰਿਕਟ ਬੋਰਡ ਵਿਚ 1997 ਵਿਚ ਹੋਈ ਸੇਵਾ-ਮੁਕਤੀ ਤੱਕ ਉਨ੍ਹਾਂ ਇਸ ਬੋਰਡ ਦੇ ਕਈ ਸਕੂਲਾਂ ਵਿਚ ਵੱਖ-ਵੱਖ ਪੋਜ਼ੀਸ਼ਨਾਂ ਉੱਪਰ ਕੰਮ ਕਰਦਿਆਂ ਬਾਖ਼ੂਬੀ ਸੇਵਾਵਾਂ ਨਿਭਾਈਆਂ।

ਸਕੂਲ ਅਧਿਆਪਨ ਦੇ ਨਾਲ ਨਾਲ ਡਾ. ਬਲਵੰਤ ਸਿੰਘ ਲੱਛਰ ਵਿੱਦਿਅਕ, ਸਮਾਜਿਕ, ਧਾਰਮਿਕ ਅਤੇ ਰਾਜਨੀਤਕ ਖ਼ੇਤਰਾਂ ਵਿਚ ਵੀ ਸਰਗ਼ਰਮ ਰਹੇ। ਉਹ ਫ਼ਾਈ ਡੈਲਟਾ ਕੱਪਾ ਨੈਸ਼ਨਲ ਐਸੋਸੀਏਸ਼ਨ, ਐਸੋਸੀਏਸ਼ਨ ਆਫ਼ ਮਿਸੀਸਿਪੀ ਐਜੂਕੇਸ਼ਨ, ਨੈਸ਼ਨਲ ਕਾਊਂਸਲ ਆਫ਼ ਟੀਚਰਜ਼ ਆਫ਼ ਇੰਗਲਿਸ਼, ਨੈਸ਼ਨਲ ਕਾਊਂਸਲ ਆਫ਼ ਮੈਥੇਮੈਟਿਕਸ, ਐਸੋਸੀਏਸ਼ਨ ਆਫ਼ ਸੁਪਰਵਿਜ਼ਨ ਐਂਡ ਕਰੀਕੁਲਮ ਡਿਵੈੱਲਪਮੈਂਟ, ਡੀ.ਐੱਸ.ਵੀ. ਅਲਿਊਮਿਨੀ ਐਸੋਸੀਏਸ਼ਨ, ਵੀ.ਐੱਸ.ਐੱਮ.ਅਲਿਊਮਿਨੀ ਐਸੋਸੀਏਸ਼ਨ ਅਤੇ ਕਈ ਹੋਰ ਐਸੋਸੀਏਸ਼ਨਾਂ ਦੇ ਸਰਗ਼ਰਮ ਮੈਂਬਰ ਰਹੇ। ਉਨ੍ਹਾਂ ਨੇ ਮੌਸ ਪੁਆਇੰਟ ਐਸੋਸੀਏਸ਼ਨ ਆਫ਼ ਐਜੂਕੇਸ਼ਨ ਦੇ ਪ੍ਰਧਾਨ ਵੀ ਰਹੇ। ਉਨ੍ਹਾਂ 1993 ਅਤੇ 1994 ਵਿਚ ਮਿਸੀਸਿਪੀ ਨੂੰ ਨੈਸ਼ਨਲ ਐਜੂਕੇਸ਼ਨ ਐਸੋਸੀਏਸ਼ਨਜ਼ ਦੀ ਰੀਪਰੈਜ਼ੈਂਟੇਟਿਵਜ਼ ਅਸੈਂਬਲੀ ਵਿਚ ਸਫ਼ਲਤਾ ਪੂਰਵਕ ਨੁਮਾਇੰਦਗੀ ਕੀਤੀ ਅਤੇ ਸਾਲ 1997 ਵਿਚ ਉਨ੍ਹਾਂ ਨੂੰ 'ਐੱਮ.ਏ.ਈ. ਹਿਊਮਨ ਐਂਡ ਸਿਵਲ ਰਾਈਟਸ ਆਊਟਸਟੈਂਡਿੰਗ ਅਚੀਵਮੈਂਟ ਐਵਾਰਡ' ਨਾਲ ਨਿਵਾਜਿਆ ਗਿਆ। ਉਹ 'ਜੈਕਸਨ ਕੰਟਰੀ ਨੈਸ਼ਨਲ ਐਸੋਸੀਏਸ਼ਨ ਫ਼ਾਰ ਐਡਵਾਂਸਮੈਂਟ ਆਫ਼ ਕੱਲਰਡ ਪੀਪਲ' ਦੇ ਵੀ ਮੈਂਬਰ ਰਹੇ।

ਵਿੱਦਿਅਕ ਅਤੇ ਸਮਾਜਿਕ ਖ਼ੇਤਰ ਵਿਚ ਆਪਣੀਆਂ ਸਰਗ਼ਮੀਆਂ ਦੇ ਨਾਲ ਨਾਲ ਡਾ. ਬਲਵੰਤ ਸਿੰਘ ਰਾਜਨੀਤਕ ਤੌਰ 'ਤੇ ਵੀ ਕਾਫ਼ੀ ਸਰਗ਼ਰਮ ਰਹੇ। ਸਟੇਟ ਅਤੇ ਨੈਸ਼ਨਲ ਪੱਧਰ 'ਤੇ ਉਹ 1984 ਤੋਂ 1996 ਤੱਕ ਡੈਮੋਕਰੇਟ ਪਾਰਟੀ ਨਾਲ ਲਗਾਤਾਰ ਜੁੜੇ ਰਹੇ ਅਤੇ 1996 ਵਿਚ ਉਨ੍ਹਾਂ ਨੂੰ 'ਮਿਸੀਸਾਗਾ ਡੈਮੋਕਰੈਟਿਕ ਲਾਈਫ਼-ਟਾਈਮ ਅਚੀਵਮੈਂਟ ਐਵਾਰਡ' ਪ੍ਰਦਾਨ ਕੀਤਾ ਗਿਆ। ਉਨ੍ਹਾਂ 1992, 1996 ਅਤੇ 2000 ਵਿਚ ਡੈਮੋਕਰੈਟਿਕ ਪਾਰਟੀ ਦੀਆਂ ਕਨਵੈਂਸ਼ਨਾਂ ਵਿਚ ਭਾਗ ਲਿਆ। 1995 ਵਿਚ ਉਨ੍ਹਾਂ ਨੂੰ ਮਿਸੀਸਿਪੀ ਹਾਊਸ ਆਫ਼ ਕਾਮਨਜ਼ ਦੇ ਉਮੀਦਵਾਰ ਵੀ ਬਣੇ ਸਨ, ਪਰ ਕਾਮਯਾਬ ਨਾ ਹੋ ਸਕੇ।

ਇਸ ਦੇ ਨਾਲ ਹੀ ਡਾ.ਸਿੰਘ ਧਾਰਮਿਕ ਤੌਰ 'ਤੇ ਵੀ ਪੂਰੇ ਸਰਗ਼ਰਮ ਰਹੇ। ਉਹ ਨਿਊ ਔਰਲੀਅਨਜ਼ ਦੀ ਸਿੱਖ ਸੋਸਾਇਟੀ ਦੇ ਸਾਊਥ ਸੈਂਟਰ ਦੇ ਮੈਂਬਰ ਸਨ ਅਤੇ ਇਸ ਦੇ ਵਾਈਸ-ਪ੍ਰੈਜ਼ੀਡੈਂਟ ਤੇ ਪ੍ਰੈਜ਼ੀਡੈਂਟ ਵੀ ਬਣੇ। ਉਹ ਵੱਰਲਡ ਸਿੱਖ ਕਾਊਂਸਲ ਦੇ ਅਮੈਰੇਕਨ ਚੈਪਟਰ ਦੇ ਵੀ ਮੈਂਬਰ ਰਹੇ। ਇਸ ਦੇ ਨਾਲ ਹੀ ਉਹ 'ਵੱਰਲਡ ਸਿੱਖ ਆਰਗੇਨਾਈਜ਼ੇਸ਼ਨ' ਅਤੇ 'ਵੱਰਲਡ ਸਿੱਖ ਨਿਊਜ਼' ਦੇ ਵੀ ਸਰਗ਼ਰਮ ਮੈਂਬਰ ਸਨ। 1997 ਵਿਚ ਸਕੂਲ ਅਧਿਆਪਕ ਵਜੋਂ ਸੇਵਾ-ਮੁਕਤ ਹੋਣ ਤੋਂ ਬਾਅਦ ਉਹ ਧਾਰਮਿਕ ਖ਼ੇਤਰ ਵਿਚ ਹੋਰ ਵੀ ਸਰਗ਼ਰਮ ਹੋ ਗਏ ਅਤੇ ਵੱਖ-ਵੱਖ ਗੁਰਦੁਆਰਾ ਸਾਹਿਬਾਨ ਵਿਚ ਜਾ ਕੇ ਅਤੇ ਧਾਰਮਿਕ ਸੈਮੀਨਾਰਾਂ ਤੇ ਕਾਨਫ਼ਰੰਸਾਂ ਵਿਚ ਭਾਗ ਲੈ ਕੇ ਆਪਣੇ ਭਾਸ਼ਨਾਂ ਰਾਹੀਂ ਗੁਰਬਾਣੀ ਅਤੇ ਸਿੱਖੀ ਦਾ ਪ੍ਰਚਾਰ ਕਰਕੇ ਉਨ੍ਹਾਂ ਨੇ ਲੱਖਾਂ ਲੋਕਾਂ ਨੂੰ ਸਿੱਖੀ ਨਾਲ ਜੋੜਿਆ। ਸਮਾਜਿਕ, ਰਾਜਨੀਤਿਕ ਅਤੇ ਧਾਰਮਿਕ ਖ਼ੇਤਰਾਂ ਵਿਚ ਏਨੀਆਂ ਸੰਸਥਾਵਾਂ ਦੇ ਮੈਂਬਰ ਅਤੇ ਇਨ੍ਹਾਂ ਦੀਆਂ ਪ੍ਰਬੰਧਕੀ ਕਮੇਟੀਆਂ ਵਿਚ ਵੀ ਆਪਣਾ ਵੱਡਮੁੱਲਾ ਯੋਗਦਾਨ ਪਾਉਣਾ ਆਮ ਮਨੁੱਖ ਦੇ ਵੱਸ ਦੀ ਗੱਲ ਨਹੀਂ ਹੈ। ਇਹ ਸੱਭ ਡਾ. ਬਲਵੰਤ ਸਿੰਘ ਲੱਛਰ ਦੇ ਹਿੱਸੇ ਆਇਆ ਅਤੇ ਉਨ੍ਹਾਂ ਨੇ ਇਨ੍ਹਾਂ ਜ਼ਿੰਮੇਂਵਾਰੀਆਂ ਨੂੰ ਬਾਖ਼ੂਬੀ ਨਿਭਾਇਆ।


ਬੇਸ਼ਕ ਉਹ ਪਿਛਲੇ ਮਹੀਨੇ ਸਤੰਬਰ ਦੀ 18 ਤਰੀਕ ਨੂੰ ਇਸ ਫ਼ਾਨੀ ਸੰਸਾਰ ਨੂੰ ਅਲਵਿਦਾ ਕਹਿ ਗਏ ਹਨ, ਪਰ ਲੋਕਾਂ ਦਾ ਦਿਲਾਂ ਵਿਚ ਉਹ ਹਮੇਸ਼ਾ ਵੱਸਦੇ ਰਹਿਣ-ਗੇ। ਪ੍ਰਮਾਤਮਾਂ ਉਨ੍ਹਾਂ ਦੀ ਵਿੱਛੜੀ ਆਤਮਾ ਨੂੰ ਸ਼ਾਂਤੀ ਬਖ਼ਸ਼ੇ!

# ਸ਼ਿਲੌਂਗ ਵਿੱਚੋਂ ਸਿੱਖਾਂ ਨੂੰ ਕਿਉਂ ਕੱਢਿਆ ਜਾ ਰਿਹੈ ਬਾਹਰ?

ਭਾਰਤ ਦੇ ਸੂਬੇ ਮੈਘਾਲਿਆ ਦੀ ਸਰਕਾਰ ਵੱਲੋਂ ਇਸ ਦੀ ਰਾਜਧਾਨੀ ਦੇ ਸ਼ਹਿਰ ਸ਼ਿਲੌਂਗ ਵਿੱਚੋਂ ਸਿੱਖਾਂ ਨੂੰ ਬਾਹਰ ਕੱਢੇ ਜਾਣ ਦੀਆਂ ਖ਼ਬਰਾਂ ਅੱਜਕੱਲ੍ਹ ਮੀਡੀਆ ਦੀਆਂ ਸੁਰਖ਼ੀਆਂ ਵਿਚ ਹਨ। ਬੀਤੇ ਦਿਨੀਂ ਮੈਘਾਲਿਆ ਦੇ ਮੰਤਰੀ-ਮੰਡਲ ਵੱਲੋਂ ਬਣਾਈ ਗਈ ਉੱਚ-ਪੱਧਰੀ ਕਮੇਟੀ ਦੀਆਂ ਸਿਫ਼ਾਰਸ਼ਾਂ ਨੂੰ ਆਧਾਰ ਬਣਾ ਕੇ ਇਕ ਮਤਾ ਇਸ ਰਾਜ ਦੀ ਵਿਧਾਨ ਸਭਾ ਵਿੱਚੋਂ ਪਾਸ ਕਰਵਾਇਆ ਜਾ ਰਿਹਾ ਹੈ ਜਿਸ ਦੇ ਤਹਿਤ ਪਿਛਲੇ ਲੱਗਭੱਗ 150 ਸਾਲਾਂ ਤੋਂ ਸ਼ਿਲੌਂਗ ਵਿਚ ਵੱਸਦੇ ਸਿੱਖਾਂ ਨੂੰ ਇਸ ਸ਼ਹਿਰ ਵਿੱਚੋਂ ਬਾਹਰ ਕੱਢ ਦਿੱਤਾ ਜਾਏਗਾ। ਇਸ ਦਾ ਮੁੱਖ ਕਾਰਨ ਇਸ ਸ਼ਹਿਰ ਵਿਚਲੀ ਜ਼ਮੀਨ ਦਾ ਸਮੇਂ ਨਾਲ ਮਹਿੰਗੇ ਹੋ ਜਾਣਾ ਅਤੇ ਭੂਮੀ-ਮਾਫ਼ੀਆ ਵੱਲੋਂ ਇਸ ਉੱਪਰ ਕਬਜ਼ਾ ਕਰਨ ਲਈ ਸਰਕਾਰ ਉੱਪਰ ਜ਼ੋਰ ਪਾਉਣਾ ਦੱਸਿਆ ਜਾ ਰਿਹਾ ਹੈ ਪਰ ਇਸ ਦੇ ਨਾਲ ਨਾਲ ਕਈ ਹੋਰ ਸਮਾਜਿਕ ਅਤੇ ਰਾਜਨੀਤਕ ਕਾਰਨ ਵੀ ਹੋ ਸਕਦੇ ਹਨ। ਮੈਘਾਲਿਆ ਵਿਚ ਭਾਰਤੀ ਜਨਤਾ ਪਾਰਟੀ (ਬੀਜੇਪੀ) ਦੀ ਸਰਕਾਰ ਹੈ ਅਤੇ ਇਸ ਪਾਰਟੀ ਵੱਲੋਂ ਭਾਰਤ ਦੇ ਕਈ ਸੂਬਿਆਂ ਵਿਚ ਰਾਜਨੀਤਕ ਹਿੱਲਜੁਲ ਕੀਤੀ ਜਾ ਰਹੀ ਹੈ। ਰਾਜ ਸਰਕਾਰ ਦਾ ਇਹ ਕਦਮ ਬੀਜੇਪੀ ਦੀ ਕਿਸੇ ਰਾਜਸੀ ਪਹਿਲਕਦਮੀ ਦਾ ਹਿੱਸਾ ਵੀ ਹੋ ਸਕਦਾ ਹੈ।

ਪਾਠਕਾਂ ਦੀ ਜਾਣਕਾਰੀ ਲਈ ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਇਨ੍ਹਾਂ ਸਿੱਖ ਪਰਿਵਾਰਾਂ ਦੇ ਵਡੇਰਿਆਂ ਨੂੰ ਡੇਢ ਕੁ ਸੌ ਸਾਲ ਪਹਿਲਾਂ ਉੱਥੋਂ ਦੇ ਮਹਾਰਾਜੇ ਨੇ ਅੰਮ੍ਰਿਤਸਰ ਤੋਂ ਲਿਆ ਕੇ ਇੱਥੇ ਸ਼ਿਲੌਂਗ ਵਿਚ ਵਸਾਇਆ ਸੀ। ਉਹ ਕੋਈ ਅਮੀਰ ਸਿੱਖ ਨਹੀਂ ਸਨ, ਸਗੋਂ ਉਹ ਆਮ ਜਿਹੇ ਸਧਾਰਨ ਪਰਿਵਾਰਾਂ ਦੇ ਗਰੀਬੜੇ ਜਿਹੇ ਇਨਸਾਨ ਸਨ ਜਿਨ੍ਹਾਂ ਨੂੰ ਸਫ਼ਾਈ ਵਗ਼ੈਰਾ ਦੇ ਕੰਮਾਂ ਲਈ ਉੱਥੇ ਲਿਜਾਇਆ ਗਿਆ ਸੀ। ਉਨ੍ਹਾਂ ਨੂੰ ਸ਼ਿਲੌਂਗ ਵਿਚ ਛੋਟੇ-ਛੋਟੇ ਘਰ ਬਣਾ ਕੇ ਦਿੱਤੇ ਗਏ ਸਨ ਅਤੇ ਹੋਰ ਕਈ ਹੋਰ ਜ਼ਰੂਰੀ ਸਹੂਲਤਾਂ ਵੀ ਦਿੱਤੀਆਂ ਗਈਆਂ। ਅਜੇ ਵੀ ਉੱਥੇ ਉਨ੍ਹਾਂ ਦੇ ਘਰ ਛੋਟੇ-ਛੋਟੇ ਹੀ ਹਨ ਅਤੇ ਉਹ ਮਿਹਨਤ ਮਜ਼ਦੂਰੀ ਕਰਕੇ ਆਪਣੇ ਪਰਿਵਾਰਾਂ ਦਾ ਪਾਲਣ-ਪੋਸ਼ਣ ਕਰਦੇ ਹਨ। ਉਨ੍ਹਾਂ ਨੇ ਉੱਥੇ ਗੁਰੂ ਨਾਨਕ ਦੇਵ ਜੀ ਦੇ ਨਾਂ ਨਾਲ ਜੁੜਿਆ ਇਕ ਗੁਰਦੁਆਰਾ ਵੀ ਬਣਾਇਆ ਹੋਇਆ ਹੈ ਅਤੇ ਇੱਥੇ ਉਹ ਆਪਣੀ ਧਾਰਮਿਕ ਆਸਥਾ ਨੂੰ ਪੂਰਿਆਂ ਕਰਦੇ ਹਨ।

ਭਾਰਤੀ ਫ਼ੌਜ ਵਿਚ ਨੌਕਰੀ ਦੌਰਾਨ ਮੈਨੂੰ ਸ਼ਿਲੌਂਗ ਵਿਚ ਕਈ ਵਾਰ ਜਾਣ ਦਾ ਮੌਕਾ ਮਿਲਿਆ ਅਤੇ ਮੈਂ ਉੱਥੋਂ ਦੇ ਵਸਨੀਕਾਂ ਨੂੰ ਕਈ ਵਾਰ ਮਿਲਿਆ ਹਾਂ। 1979, 1980 ਅਤੇ 1981 ਵਿਚ ਮੈਂ ਹਰ ਤੀਸਰੇ ਮਹੀਨੇ ਸ਼ਿਲੌਂਗ ਵਿੱਚੋਂ ਲੰਘ ਕੇ ਜਾਂਦਾ ਸੀ, ਕਿਉਂਕਿ ਅਸੀਂ ਆਪਣੀਆਂ ਫ਼ੌਜੀ ਗੱਡੀਆਂ ਵਿਚ ਸਿਲਚਰ ਜੋ ਕਿ



ਆਸਾਮ ਵਿਚ ਹੈ, ਤੋਂ ਚੱਲ ਕੇ ਸ਼ਿਲੌਂਗ ਵਿਚ ਦੀ ਹੋ ਕੇ ਗੋਹਾਟੀ ਤੋਂ ਆਪਣੀ ਯੂਨਿਟ ਲਈ ਹਰ ਤਿੰਨ ਮਹੀਨੇ ਬਾਅਦ ਸਮਾਨ ਵਗ਼ੈਰਾ ਲੈਣ ਲਈ ਜਾਂਦੇ ਸੀ। ਸਿਲਚਰ ਤੋਂ ਗੋਹਾਟੀ ਤਕਰੀਬਨ 350 ਕਿਲੋਮੀਟਰ ਦੂਰ ਹੈ ਅਤੇ ਅਸੀਂ ਜਾਂਦਿਆਂ ਤੇ ਆਉਂਦਿਆਂ ਦੋਵੇਂ ਵਾਰ ਹੀ ਸ਼ਿਲੌਂਗ ਠਹਿਰਦੇ ਸੀ। ਕਾਰਨ ਸਾਫ਼ ਸੀ ਕਿ ਰਸਤਾ ਲੰਮਾਂ ਹੋਣ ਕਾਰਕੇ ਉੱਥੋਂ 'ਥਰੀ-ਟਨ' ਵੱਡੀ ਗੱਡੀ ਲਈ ਡੀਜ਼ਲ ਅਤੇ ਅੱਗੋਂ ਗੋਹਾਟੀ ਜਾਣ ਲਈ ਦੁਪਹਿਰ ਦਾ ਖਾਣਾ



ਕੈ. ਇਕਬਾਲ ਸਿੰਘ ਵਿਰਕ 647-631 -9445

ਆਦਿ ਵੀ ਲੈਣਾ ਹੁੰਦਾ ਸੀ। ਸਾਡੀਆਂ ਗੱਡੀਆਂ ਦੇ ਨਾਲ ਹਮੇਸ਼ਾਂ ਈ.ਐੱਮ.ਈ. ਦਾ ਮਕੈਨਿਕ ਹੁੰਦਾ ਸੀ ਤਾਂ ਜੋ ਰਸਤੇ ਵਿਚ ਕਿਸੇ ਗੱਡੀ ਵਿਚ ਆਈ ਮਕੈਨੀਕਲ ਖ਼ਰਾਬੀ ਨੂੰ ਦੂਰ ਕੀਤਾ ਜਾ ਸਕੇ। ਉਸ ਨੇ ਆਪਣੇ ਨਾਲ ਲੋੜੀਂਦੇ ਸਪੇਅਰ-ਪਾਰਟਸ ਵੀ ਰੱਖੇ ਹੁੰਦੇ ਸਨ। ਸ਼ਿਲੌਂਗ ਵਿਚ ਆਪਣੀ ਕੁਝ ਘੰਟਿਆਂ ਜਾਂ ਇਕ-ਅੱਧੇ ਦਿਨ ਦੀ ਠਾਹਰ ਸਮੇਂ ਮੈਂ ਉੱਥੇ ਬਣੇ ਗੁਰਦੁਆਰਾ ਸਾਹਿਬ ਵਿਚ ਜ਼ਰੂਰ ਜਾਂਦਾ ਸੀ ਅਤੇ ਉੱਥੋਂ ਦੇ ਸਥਾਨਕ ਲੋਕਾਂ ਨਾਲ ਅਕਸਰ ਹੀ ਗੱਲਬਾਤ ਕਰਦਾ ਸੀ।

ਸਾਡੇ ਠਹਿਰਨ ਦੀ ਜਗ੍ਹਾ ਗੁਰਦੁਆਰਾ ਸਾਹਿਬ ਤੋਂ ਮਹਿਜ਼ ਦੋ-ਢਾਈ ਹਜ਼ਾਰ ਗਜ਼ ਹੀ ਦੂਰ ਸੀ ਅਤੇ ਉਸ ਦੇ ਨੇੜੇ ਹੀ ਸਪਲਾਈ-ਡੀਪੂ ਸੀ। ਉੱਥੇ ਕੁਝ ਸਿੱਖ ਵੀ ਕੰਮ ਕਰਦੇ ਸਨ। 1947 ਤੋਂ ਬਾਅਦ ਉੱਥੇ ਅੰਮ੍ਰਿਤਸਰ ਨਾਲ ਸਬੰਧਿਤ ਇਕ ਸਿੱਖ ਕਰਨਲ ਸੀ ਜਿਸ ਨੇ ਉਨ੍ਹਾਂ ਨੂੰ ਉੱਥੇ ਕੰਮਾਂ 'ਤੇ ਲਵਾਇਆ ਸੀ, ਕਿਉਂਕਿ ਸਪਲਾਈ-ਡੀਪੂ ਵਿਚ ਸਿਵਲ ਕਾਮਿਆਂ ਦੀ ਅਕਸਰ ਹੀ ਜ਼ਰੂਰਤ ਪੈਂਦੀ ਹੈ। ਉੱਥੋਂ ਦੇ ਖਾਸੀ ਜਾਤੀ ਦੇ ਲੋਕ ਸਰੀਰਕ ਪੱਖੋਂ ਏਨੇ ਤਾਕਤਵਰ ਨਹੀਂ ਸਨ ਕਿ ਉਹ ਇਕ ਕਵਿੰਟਲ ਦੀ ਬੋਰੀ ਨੂੰ ਆਪਣੀ ਪਿੱਠ ਪਿੱਛੇ ਚੁੱਕ ਸਕਦੇ, ਅਤੇ ਦੂਸਰੇ ਪਾਸੇ ਪੰਜਾਬੀ ਪਿਛੋਕੜ ਦੇ ਨੌਜੁਆਨ ਇਸ ਕੰਮ ਲਈ ਫ਼ੌਜੀ ਅਫ਼ਸਰਾਂ ਨੂੰ ਵਧੇਰੇ ਯੋਗ ਲੱਗਦੇ ਸਨ। ਕੁਝ ਸਿੱਖ ਉੱਥੇ ਸਫ਼ਾਈ ਵਗ਼ੈਰਾ ਦਾ ਵੀ ਕੰਮ ਕਰਦੇ ਸਨ। ਦੂਸਰਾ ਕਾਰਨ ਇਹ ਵੀ ਸੀ ਕਿ ਉਸ ਕਰਨਲ ਸਾਹਿਬ ਨੂੰ ਇਹ ਪਤਾ ਸੀ ਇਨ੍ਹਾਂ ਲੋਕਾਂ ਦਾ ਪਿਛੋਕੜ ਵੀ ਅੰਮ੍ਰਿਤਸਰ ਦਾ ਹੈ ਅਤੇ ਉਹ ਆਪ ਵੀ ਅੰਮ੍ਰਿਤਸਰ ਨਾਲ ਸਬੰਧਿਤ ਸੀ। ਇਸ ਲਈ ਵੀ ਉਹ ਉਨ੍ਹਾਂ ਨੂੰ ਬਾਕੀਆਂ ਨਾਲੋਂ ਤਰਜੀਹ ਦਿੰਦੇ ਸਨ। ਇਹ ਉਹ ਲੋਕ ਸਨ ਜਿਹੜੇ ਪੰਜਾਬ ਵਿਚ ਕਿਸਾਨਾਂ ਦੇ ਨਾਲ ਕਿਸੇ ਸਮੇਂ ਸੀਰੀ ਦੇ ਤੌਰ 'ਤੇ ਕੰਮ ਕਰਦੇ ਰਹੇ ਸਨ ਅਤੇ ਉਹ ਹਰ ਤਰ੍ਹਾਂ ਦਾ ਹੌਲਾ-ਭਾਰਾ ਕੰਮ ਕਰ ਸਕਦੇ ਸਨ।

ਜਿਵੇਂ ਉੱਪਰ ਦੱਸਿਆ ਗਿਆ ਹੈ ਕਿ ਸ਼ਿਲੌਂਗ ਆਉਂਦੇ ਅਤੇ ਜਾਂਦੇ ਸਮੇਂ ਮੈਂ ਅਕਸਰ ਉੱਥੋਂ ਗੁਰਦੁਆਰਾ ਸਾਹਿਬ ਜਾਂਦਾ ਸੀ ਅਤੇ ਉੱਥੋਂ ਦੇ ਸਥਾਨਕ ਲੋਕਾਂ ਨਾਲ ਗੱਲਬਾਤ ਕਰਦਾ ਰਹਿੰਦਾ ਸੀ। ਇਹ ਗੁਰਦੁਆਰਾ ਸਾਹਿਬ ਵੀ ਉਦੋਂ ਛੋਟਾ ਜਿਹਾ ਹੀ ਸੀ ਅਤੇ ਇਸ ਵਿਚ ਮਸਾਂ ਤਿੰਨ ਕੁ ਸੌ ਸ਼ਰਧਾਲੂ ਹੀ ਇਕ ਸਮੇਂ ਬੈਠ ਸਕਦੇ ਸਨ। ਗੁਰਦੁਆਰੇ ਦੀ ਇਮਾਰਤ ਨੂੰ ਵੇਖ ਕੇ ਪਤਾ ਲੱਗਦਾ ਸੀ ਕਿ ਇਹ ਗ਼ਰੀਬ ਸਿੱਖਾਂ ਵੱਲੋਂ ਉਸ ਮਾਲਕ ਪ੍ਰਮਾਤਮਾ ਨੂੰ ਯਾਦ ਕਰਨ ਲਈ ਗੁਜ਼ਾਰੇ ਮੁਆਫ਼ਕ ਸਾਧਨ ਬਣਾਇਆ ਗਿਆ ਹੈ। ਇਮਾਰਤ ਦੇ ਉੱਪਰ ਕੋਈ ਗੁੰਬਦ ਵਗ਼ੈਰਾ ਨਹੀਂ ਸਨ ਅਤੇ ਇਹ ਕੇਵਲ ਆਮ ਛੋਟਾ ਜਿਹਾ ਸਧਾਰਨ ਹਾਲ ਹੀ ਸੀ। ਉਨ੍ਹਾਂ ਲੋਕਾਂ ਦੇ ਰਹਿਣ-ਸਹਿਣ ਅਤੇ ਉਨ੍ਹਾਂ ਦੇ ਨਾਲ ਕੀਤੀ ਗੱਲਬਾਤ ਤੋਂ ਪਤਾ ਲੱਗਦਾ ਸੀ ਕਿ ਉਨ੍ਹਾਂ ਵਿੱਚੋਂ ਕੋਈ ਵੀ ਏਨਾ ਅਮੀਰ ਨਹੀਂ ਸੀ। ਉਨ੍ਹਾਂ ਦੇ ਘਰ ਛੋਟੇ-ਛੋਟੇ ਹਨ ਅਤੇ ਘਰਾਂ ਦੇ ਨੇੜੇ ਹੀ ਇਕ ਭੀੜਾ ਜਿਹਾ ਬਾਜ਼ਾਰ ਸੀ ਜਿਸ ਵਿਚ ਉਨ੍ਹਾਂ ਦੀਆਂ ਨਿੱਕੀਆਂ-ਨਿੱਕੀਆਂ ਦੁਕਾਨਾਂ ਸਨ। ਪਹਾੜੀ ਇਲਾਕਾ ਹੋਣ ਕਰਕੇ ਬਾਜ਼ਾਰ ਪੱਧਰਾ ਨਹੀਂ ਸੀ, ਸਗੋਂ ਬਹੁਤ ਉੱਚਾ-ਨੀਵਾਂ ਸੀ ਅਤੇ ਉਸ ਵਿਚ ਕਿਧਰੇ ਚੜ੍ਹਾਈ ਤੇ ਕਿਧਰੇ ਉਤਰਾਈ ਆਉਂਦੀ ਸੀ। ਇਕ ਹੋਰ ਵੱਡਾ ਬਾਜ਼ਾਰ ਵੀ ਸੀ ਜੋ ਕਾਫ਼ੀ ਖੁੱਲਾ ਸੀ। ਇੱਥੇ ਵੀ ਕੁਝ ਸਿੱਖ ਦੁਕਾਨਦਾਰਾਂ ਦੀਆਂ ਦੁਕਾਨਾਂ ਸਨ। ਹੁਣ ਇਸ ਦੀ ਕੀ ਹਾਲਤ ਹੋਵੇਗੀ, ਇਸ ਦੇ ਬਾਰੇ ਕੁਝ ਕਹਿਣਾ ਮੁਸ਼ਕਲ ਹੈ।

ਸਿੱਖਾਂ ਦੇ ਵਿਰੁੱਧ ਇਸ ਅਨਿਆਂ ਦੇ ਖ਼ਿਲਾਫ਼ ਸਿੱਖ-ਹਲਕਿਆਂ ਵੱਲੋਂ ਕਾਫ਼ੀ ਆਵਾਜ਼ ਉਠਾਈ ਜਾ ਰਹੀ ਹੈ। ਸ੍ਰੀ ਅਕਾਲ ਤਖ਼ਤ ਦੇ ਕਾਰਜਕਾਰੀ ਜੱਥੇਦਾਰ ਗਿਆਨੀ ਹਰਪ੍ਰੀਤ ਸਿੰਘ ਅਤੇ ਸ਼੍ਰੋਮਣੀ ਕਮੇਟੀ ਦੀ ਪ੍ਰਧਾਨ ਜਗੀਰ ਕੌਰ ਵੱਲੋਂ ਇਸ ਸਬੰਧੀ ਚਿੱਠੀਆਂ ਕੇਂਦਰ ਸਰਕਾਰ ਅਤੇ ਮੈਘਾਲਿਆ ਦੀ ਸਰਕਾਰ ਨੂੰ ਭੇਜੀਆਂ ਗਈਆਂ ਹਨ। ਪੰਜਾਬ ਦੇ ਮੁੱਖ-ਮੰਤਰੀ ਚਰਨਜੀਤ ਸਿੰਘ ਚੰਨੀ ਵੀ ਪੰਜਾਬ ਸਰਕਾਰ ਵੱਲੋਂ ਵੀ ਮੈਘਾਲਿਆ ਸਰਕਾਰ ਨੂੰ ਉੱਥੋਂ ਦੇ ਸਿੱਖਾਂ ਨੂੰ ਉਜਾੜਨ ਦੀ ਨਿਖੇਧੀ ਕੀਤੀ ਗਈ ਹੈ ਅਤੇ ਇਸ ਸਬੰਧੀ ਉਨ੍ਹਾਂ ਨੇ ਇਕ ਲੰਮੀ-ਚੌੜੀ ਚਿੱਠੀ ਮੈਘਾਲਿਆ ਦੇ ਮੁੱਖ-ਮੰਤਰੀ ਨੂੰ ਲਿਖੀ ਹੈ। ਮੈਘਾਲਿਆ ਦੇ ਗਵਰਨਰ ਸੱਤਿਆ ਪਾਲ ਮਲਿਕ ਕਾਫ਼ੀ ਇਨਸਾਫ਼-ਪਸੰਦ ਵਿਅੱਕਤੀ ਲੱਗਦੇ ਹਨ। ਬੀਤੇ ਦਿਨੀਂ ਉਨ੍ਹਾਂ ਨੇ ਕਿਸਾਨ ਅੰਦੋਲਨ ਦੇ ਹੱਕ ਵਿਚ 'ਹਾਅ ਦਾ ਨਾਅਰਾ' ਮਾਰਿਆ ਸੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਕਿਸਾਨਾਂ ਦੇ ਮਸਲੇ ਹੱਲ ਕਰਨ ਦੀ ਸਲਾਹ ਦਿੱਤੀ ਸੀ। ਹੋ ਸਕਦਾ ਹੈ ਕਿ ਉਹ ਵੀ ਸ਼ਿਲੌਂਗ ਦੇ ਸਿੱਖ ਪਰਿਵਾਰਾਂ ਦੇ ਇਸ ਗੰਭੀਰ ਮਸਲੇ ਪ੍ਰਤੀ ਗੰਭੀਰਤਾ ਅਤੇ ਨਰਮੀ ਵਾਲਾ ਰਵੱਈਆ ਅਪਨਾਉਣ ਅਤੇ ਆਪਣੀ ਸਰਕਾਰ ਨੂੰ ਅਜਿਹਾ ਕਰਨ ਤੋਂ ਰੋਕਣ ਦੀ ਕੋਸ਼ਿਸ਼ ਕਰਨ। ਪਰ ਜੇਕਰ ਮੈਘਾਲਿਆ ਦੀ ਬੀਜੇਪੀ ਸਰਕਾਰ ਵੱਲੋਂ ਕਿਸੇ ਸਾਜਿਸ਼ ਅਧੀਨ ਇਹ ਕਾਰਵਾਈ ਕੀਤੀ ਜਾ ਰਹੀ ਹੋਵੇ ਤਾਂ ਫਿਰ ਕੁਝ ਕਹਿਣਾ ਮੁਸ਼ਕਲ ਹੈ, ਕਿਉਂਕਿ ਇਸ ਪਾਰਟੀ ਦੇ ਉੱਤਰ ਪ੍ਰਦੇਸ਼ ਦੇ ਲਖੀਮਪਰ ਜ਼ਿਲੇ ਦੇ ਗ੍ਰਹਿ ਰਾਜ ਮੰਤਰੀ ਅਜੈ ਕੁਮਾਰ ਮਿਸ਼ਰਾ ਨੇ ਪਿਛਲੇ ਦਿਨਾਂ ਵਿਚ ਲਖੀਮਪੁਰ ਦੇ ਪੰਜਾਬੀ ਕਿਸਾਨਾਂ ਨੂੰ ਸਬਕ ਸਿਖਾਉਣ ਦੀ ਗੱਲ ਕਹੀ ਸੀ ਜਿਸ ਵਿਚ ਉਨ੍ਹਾਂ ਨੂੰ ਉੱਥੋਂ ਜ਼ਮੀਨਾਂ ਛੱਡ ਕੇ ਜਾਣ ਦੀ ਧਮਕੀ ਵੀ ਸ਼ਾਮਲ ਸੀ। ਉਸ ਦਾ ਪੁੱਤਰ ਅਸ਼ੀਸ਼ ਮਿਸ਼ਰਾ ਉਰਫ਼ ਮੋਨੂੰ ਮਿਸ਼ਰਾ 3 ਅਕਤੂਬਰ ਨੂੰ ਚਾਰ ਕਿਸਾਨਾਂ ਅਤੇ ਇਕ ਪੱਤਰਕਾਰ ਦੇ ਕਤਲਾਂ ਦੇ ਦੋਸ਼ ਵਿਚ ਆਪਣੇ ਦੋ ਸਾਥੀਆਂ ਨਾਲ ਗ੍ਰਿਫ਼ਤਾਰ ਹੋ ਚੁੱਕਾ ਹੈ।

ਇਸ ਦੇ ਨਾਲ ਹੀ ਰਾਜਸਥਾਨ ਦੇ ਗੰਗਾਨਗਰ ਤੇ ਕੱਛ ਇਲਾਕੇ ਵਿਚ ਵੀ ਕਈ ਵਾਰ ਪੰਜਾਬੀ ਕਿਸਾਨਾਂ ਨੂੰ ਜ਼ਮੀਨਾਂ ਛੱਡ ਕੇ ਪੰਜਾਬ ਵਾਪਸ ਜਾਣ ਦੀਆਂ ਧਮਕੀਆਂ ਮਿਲਦੀਆਂ ਰਹਿੰਦੀਆਂ ਹਨ ਅਤੇ ਮੱਧ ਪ੍ਰਦੇਸ਼ ਵਿਚ ਵੀ ਪੰਜਾਬੀਆਂ ਦੇ ਘਰ ਢਾਹੇ ਗਏ ਹਨ। ਬੀਜੇਪੀ ਦੀਆਂ ਸਰਕਾਰਾਂ ਵਾਲੇ ਰਾਜਾਂ ਵਿਚ ਜੇਕਰ ਲੋਕਾਂ ਨੂੰ ਅਜਿਹੀਆਂ ਧਮਕੀਆਂ ਮਿਲਦੀਆਂ ਹਨ ਤਾਂ ਇਸ ਨੂੰ ਕੇਂਦਰ ਵਿਚ ਰਾਜ ਕਰ ਰਹੀ ਇਸ ਪਾਰਟੀ ਦੀ ਕੋਈ ਗੂੜ੍ਹੀ ਸਾਜਿਸ਼ ਵੀ ਕਿਹਾ ਜਾ ਸਕਦਾ ਹੈ ਅਤੇ ਭਵਿੱਖ ਵਿਚ ਜੇਕਰ ਕੁਝ ਅਣਸੁਖਾਵਾਂ ਵਾਪਰਦਾ ਹੈ ਤਾਂ ਦੇਸ਼ ਵਿਚ ਖ਼ਲਬਲੀ ਵਾਲੀ ਹਾਲਤ ਪੈਦਾ ਹੋ ਸਕਦੀ ਹੈ। ਇਸ ਸਮੇਂ ਪਿਛਲੇ ਲੱਗਭੱਗ ਇਕ ਸਾਲ ਤੋਂ ਚੱਲ ਰਹੇ ਦੇਸ਼-ਵਿਆਪੀ ਕਿਸਾਨ ਅੰਦੋਲਨ ਦੇ ਕਾਰਨ ਹਾਲਾਤ ਪਹਿਲਾਂ ਹੀ ਗੜਬੜੀ ਵਾਲੇ ਚੱਲ ਰਹੇ ਹਨ। ਮੈਘਾਲਿਆ ਸਰਕਾਰ ਅਤੇ ਕੇਂਦਰ ਸਰਕਾਰ ਨੂੰ ਇਸ ਬਾਰੇ ਗੰਭੀਰਤਾ ਨਾਲ ਸੋਚਦਿਆਂ ਹੋਇਆਂ ਤੁਰਤ ਲੋੜੀਂਦੇ ਕਦਮ ਚੁੱਕਣੇ ਚਾਹੀਦੇ ਹਨ ਅਤੇ ਇਸ ਗੰਭੀਰ ਮਸਲੇ ਨੂੰ ਸੁਲਝਾਉਣਾ ਚਾਹੀਦਾ ਹੈ।

–(ਸਹਿਯੋਗੀ: ਡਾ. ਸੁਖਦੇਵ ਸਿੰਘ ਝੰਡ, ਫ਼ੋਨ: 647-567-9128)





# ਖ਼ਬਰਾਂ ਪੰਜਾਬ ਦੀਆਂ

### ਸਿੱਖਾਂ ਦੇ ਉਜਾੜੇ ਦਾ ਮਾਮਲਾ

## ਐਸ ਸੀ ਕਮਿਸ਼ਨ ਵੱਲੋਂ ਮੇਘਾਲਿਆ ਦੇ ਅਫਸਰਾਂ ਦੀ ਜਵਾਬ-ਤਲਬੀ



ਚੰਡੀਗੜ੍ਹ, 12 ਅਕਤੂਬਰ (ਪੋਸਟ ਬਿਊਰੋ)- ਭਾਰਤ ਸਰਕਾਰ ਦੇ ਅਨੁਸੂਚਿਤ ਜਾਤੀਆਂ ਬਾਰੇ ਕਮਿਸ਼ਨ ਦੇ ਚੇਅਰਮੈਨ ਵਿਜੈ ਸਾਂਪਲਾ ਨੇ ਮੇਘਾਲਿਆ ਸਰਕਾਰ ਵੱਲੋਂ ਸ਼ਿਲਾਂਗ ਵਿੱਚ ਅਨੁਸੂਚਿਤ ਜਾਤੀ ਦੇ ਸਿੱਖਾਂ ਨੂੰ ਹਰੀਜਨ ਕਾਲੋਨੀ ਤੋਂ ਉਜਾੜੇ ਜਾਣ ਬਾਰੇ ਮੇਘਾਲਿਆ ਦੇ ਚੀਫ ਸੈਕਟਰੀ, ਡੀ ਜੀ ਪੀ, ਸਬੰਧਤ ਜ਼ਿਲ੍ਹੇ ਦੇ ਪੁਲਸ ਮੁਖੀ ਤੇ ਡਿਪਟੀ ਕਮਿਸ਼ਨਰ ਦੀ ਜਵਾਬ ਤਲਬੀ ਕਰ ਲਈ ਹੈ। ਸਾਂਪਲਾ ਨੇ ਹਰੀਜਨ ਕਾਲੋਨੀ ਵਿਚ ਗੁਰਦੁਆਰਾ ਸਾਹਿਬ, ਗੁਰੂ ਰਵਿਦਾਸ ਗਰੁਦੁਆਰਾ, ਵਾਲਮੀਕ ਮੰਦਰ ਅਤੇ ਸਕੂਲ ਆਦਿ ਨੂੰ ਹਟਾਉਣ ਦੇ ਹੁਕਮਾਂ ਉੱਤੇ ਇਤਰਾਜ਼ ਕੀਤਾ ਹੈ।

ਐੱਸ ਸੀ ਕਮਿਸ਼ਨ ਨੇ ਇਸ ਨੋਟਿਸ ਵਿੱਚ ਕਿਹਾ ਹੈ ਕਿ ਉਪਰੋਕਤ ਅਧਿਕਾਰੀ ਇਸ ਕੇਸ ਦੀ ਜਾਂਚ ਕਰ ਕੇ ਤੁਰੰਤ ਕਾਰਵਾਈ ਰਿਪੋਰਟ ਦਾਇਰ ਕਰਨ। ਜੇ ਕਮਿਸ਼ਨ ਦੇ ਹੁਕਮਾਂ ਦੀ ਪਾਲਣਾ ਨਾ ਹੋ ਸਕੀ ਤਾਂ ਅਧਿਕਾਰੀਆਂ ਨੂੰ ਨਵੀਂ ਦਿੱਲੀ ਵਿੱਚ ਕਮਿਸ਼ਨ ਦੀ ਅਦਾਲਤ ਵਿੱਚ ਤਲਬ ਕੀਤਾ ਜਾਵੇਗਾ। ਪੀੜਤ ਪਰਵਾਰਾਂ ਨੂੰ ਇਨਸਾਫ ਦਿਵਾਉਣ ਲਈ ਕਮਿਸ਼ਨ ਨੇ ਮੇਘਲਿਆ ਸਰਕਾਰ ਦੇ ਚੀਫ ਸੈਕਟਰੀਅਤੇ ਡੀ ਜੀ ਪੀ, ਸ਼ਿਲਾਂਗ ਦੇ ਆਈ ਜੀ ਪੁਲਸ, ਡਿਪਟੀ ਕਮਿਸ਼ਨਰਅਤੇ ਐਸ ਐਸ ਪੀ (ਈਸਟ ਖਾਸੀ ਹਿੱਲਜ਼) ਨੂੰ ਨੋਟਿਸ ਜਾਰੀ ਕੀਤਾ ਹੈ।

ਵਰਨਣ ਯੋਗ ਹੈ ਕਿ ਕੁਝ ਸਮੇਂ ਤੋਂ ਅਨੁਸੂਚਿਤ ਜਾਤੀ ਨਾਲ ਸਬੰਧਤ ਸਿੱਖਾਂ ਤੇ ਖਾਸੀ ਸਮਾਜ ਵਿੱਚ ਵਧਦੀ ਫਿਰਕੂ ਹਿੰਸਾ ਕਾਰਨ ਸ਼ਿਲਾਂਗ ਵਿੱਚ ਸ਼ਾਂਤੀ ਭੰਗ ਹੋ ਰਹੀ ਸੀ ਅਤੇ ਲੰਮੇ ਅਰਸੇ ਤੋਂ ਐਸ ਸੀ ਸਿੱਖਾਂ ਦੀ ਹਰੀਜਨ ਕਾਲੋਨੀ ਨੂੰ ਖਾਸੀ ਸਮਾਜ ਦੇ ਲੋਕ ਕਿਸੇ ਵੱਖਰੀ ਥਾਂਤਬਦੀਲ ਕਰਨ ਦੀ ਮੰਗ ਕਰ ਰਹੇ ਸਨ, ਜਿਸ ਕਾਰਨ 2018 ਵਿੱਚ ਇੱਕ ਕਮੇਟੀ ਵੀ ਬਣਾਈ ਗਈ ਸੀ। ਹਰੀਜਨ ਕਾਲੋਨੀ ਵਿਚਲੇ ਐਸ ਸੀ ਸਿੱਖਾਂ, ਜੋ ਨਗਰ ਨਿਗਮ ਵਿੱਚ ਸਫਾਈ ਦਾ ਕੰਮ ਕਰਦੇ ਸਨ, ਨੂੰ ਵੀ ਮੇਘਾਲਿਆ ਸਰਕਾਰ ਨੇ ਹੁਕਮ ਜਾਰੀ ਕੀਤੇ ਸਨ ਕਿ ਉਨ੍ਹਾਂ ਦੀ ਕਾਲੋਨੀ ਕਿਸੇ ਹੋਰ ਥਾਂ ਤਬਦੀਲ ਕੀਤੀ ਜਾਵੇਗੀ। ਇਸ ਦੌਰਾਨ ਸ਼ਿਲਾਂਗ ਵਿਚ ਸਿੱਖਾਂ ਵਿਰੁੱਧ ਹੋਈ ਕਾਰਵਾਈ ਦੀ ਨਿਖੇਧੀ ਕਰਦਿਆਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਪ੍ਰਧਾਨ ਬੀਬੀ ਜਗੀਰ ਕੌਰ ਨੇ ਮੇਘਾਲਿਆ ਸਰਕਾਰ ਅਤੇ ਦੇਸ਼ ਦੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਸਿੱਖਾਂ ਨਾਲ ਧੱਕਾ ਨਾ ਕਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਆਖਿਆ ਕਿ ਕਈ ਸਾਲਾਂ ਤੋਂ ਸ਼ਿਲਾਂਗ ਵਿੱਚ ਰਹਿ ਰਹੇ ਸਿੱਖਾਂ ਨੂੰ ਉਜਾੜਨਾ ਕਿਸੇ ਤਰ੍ਹਾਂ ਵੀ ਤਰਕ ਸੰਗਤ ਨਹੀਂ, ਇਸ ਲਈ ਸਿੱਖਾਂ ਨੂੰ ਆਪਣੇ ਪਿਤਾ ਪੁਰਖੀ ਘਰਾਂ ਵਿੱਚ ਵਸਦੇ ਰਹਿਣ ਦੇਣਾ ਚਾਹੀਦਾ ਹੈ।

## ਨਵਜੋਤ ਸਿੰਘ ਸਿੱਧੂ ਅਤੇ ਰਜ਼ੀਆ ਸੁਲਤਾਨਾ ਦੇ ਅਸਤੀਫ਼ੇ ਰੱਦ

* ਹਾਈ ਕਮਾਨ ਨੇ ਦੋਵਾਂ ਨੂੰ ਕੰਮ ਸੰਭਾਲਣ ਲਈ ਕਿਹਾ






ਚੰਡੀਗੜ੍ਹ, 12 ਅਕਤੂਬਰ (ਪੋਸਟ ਬਿਊਰੋ)- ਪੰਜਾਬ ਕਾਂਗਰਸ ਦੇ ਪ੍ਰਧਾਨ ਨਵਜੋਤ ਸਿੰਘ ਸਿੱਧੂ ਅਤੇ ਕੈਬਨਿਟ ਮੰਤਰੀ ਸ੍ਰੀਮਤੀ ਰਜ਼ੀਆ ਸੁਲਤਾਨਾ ਦੇ ਅਸਤੀਫ਼ੇ ਪਾਰਟੀ ਹਾਈ ਕਮਾਨ ਨੇ ਰੱਦ ਕਰ ਕੇ ਦੋਵਾਂ ਨੂੰ ਆਪਣੀ ਜ਼ਿੰਮੇਵਾਰੀ ਸੰਭਾਲਣ ਨੂੰ ਕਿਹਾ ਹੈ। ਕੈਬਨਿਟ ਮੰਤਰੀ ਰਜ਼ੀਆ ਸੁਲਤਾਨਾ, ਜੋ ਪਿਛਲੀਆਂ 2-3 ਕੈਬਨਿਟ ਬੈਠਕਾਂ ਵਿੱਚ ਸ਼ਾਮਲ ਨਹੀਂ ਹੋਏ, ਪਾਰਟੀ ਹਾਈ ਕਮਾਨ ਦੇ ਹੁਕਮ ਪਿੱਛੋਂ ਕੱਲ੍ਹ ਮੰਤਰੀ ਮੰਡਲ ਦੀ ਬੈਠਕ ਵਿੱਚ ਹਾਜ਼ਰ ਸਨ।

ਨਵਜੋਤ ਸਿੰਘ ਸਿੱਧੂ ਵੀ ਪਾਰਟੀ ਵੱਲੋਂ ਪਿਛਲੇ ਕੁਝ ਦਿਨਾਂ ਤੋਂ ਕਿਸਾਨ ਮੁੱਦਿਆਂ ਬਾਰੇ ਲਗਾਤਾਰ ਸਰਗਰਮ ਨਜ਼ਰ ਆਏ, ਪਰ ਦਿਲਚਸਪ ਗੱਲ ਇਹ ਹੈ ਕਿ ਅਸਤੀਫ਼ਿਆਂ ਨੂੰ ਰੱਦ ਕਰਨ ਦਾ ਲਿਖਤੀ ਹੁਕਮਪਾਰਟੀ ਹਾਈ ਕਮਾਨ ਨੇਅਜੇ ਤਕ ਜਾਰੀ ਨਹੀਂ ਕੀਤਾ। ਇਸ ਦਾ ਕੀ ਕਾਰਨ ਹੈ, ਇਸ ਬਾਰੇ ਸਥਿਤੀ ਸਪੱਸ਼ਟ ਨਹੀਂ ਹੋ ਰਹੀ। ਇਸੇ ਤਰ੍ਹਾਂ ਜਿਨ੍ਹਾਂ ਮੁੱਦਿਆਂ ਨੂੰ ਲੈ ਕੇ ਸਿੱਧੂ ਨੇ ਅਸਤੀਫ਼ਾ ਦਿੱਤਾ ਅਤੇ ਬਾਕੀ ਅਸਤੀਫ਼ੇ ਉਨ੍ਹਾਂ ਦੇ ਸਮਰਥਨ ਵਿੱਚ ਆਏ ਸਨ, ਉਨ੍ਹਾਂ ਦਾ ਕੀ ਬਣਿਆ ਤੇ ਕੀ ਪਾਰਟੀ ਨੇ ਉਨ੍ਹਾਂ ਮੁੱਦਿਆਂ ਨੂੰ ਰੱਦ ਕਰ ਦਿੱਤਾ ਜਾਂ ਨਹੀਂ, ਇਸ ਬਾਰੇ ਵੀ ਸਥਿਤੀ ਸਪੱਸ਼ਟ ਨਹੀਂ। ਵਰਨਣਯੋਗ ਹੈ ਕਿ ਨਵਜੋਤ ਸਿੱਧੂ ਨੇ ਨਿਯੁਕਤ ਕੀਤੇ ਐਡਵੋਕੇਟ ਜਨਰਲ ਅਤੇ ਪੰਜਾਬ ਪੁਲਸ ਦੇ ਡੀ ਜੀ ਪੀ ਉੱਤੇ ਸਖ਼ਤ ਇਤਰਾਜ਼ ਕੀਤਾਤੇ ਕਿਹਾ ਸੀ ਕਿ ਇਨ੍ਹਾਂ ਨਿਯੁਕਤੀਆਂ ਨਾਲ ਅਸੀਂ ਰਾਜ ਦੇ ਲੋਕਾਂ ਨੂੰ ਕੀ ਚਿਹਰਾ ਦਿਖਾਵਾਂਗੇ।

## ਬੇਅਦਬੀ ਮਾਮਲੇ ’ਚ ਡੇਰਾ ਸਿਰਸਾ ਦੇ ਤਿੰਨ ਪ੍ਰੇਮੀਆਂ ਦਾ ਜਾਇਦਾਦ ਦਾ ਵੇਰਵਾ ਨਾ ਮਿਲਣ ਉੱਤੇ ਫ਼ਾਈਲ ਬੰਦ

ਕੋਟਕਪੂਰਾ, 12 ਅਕਤੂਬਰ (ਪੋਸਟ ਬਿਊਰੋ)- ਅਕਾਲੀ-ਭਾਜਪਾ ਸਰਕਾਰ ਦੌਰਾਨ 12 ਅਕਤੂਬਰ 2015 ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਦੇ ਅੰਗ ਪਾੜ ਕੇ ਗਲੀਆਂ ਵਿੱਚ ਖਿਲਾਰਨ ਅਤੇ 24/25 ਸਤੰਬਰ ਦੀ ਰਾਤ ਨੂੰ ਬਰਗਾੜੀ ਅਤੇ ਪਿੰਡ ਬੁਰਜ ਜਵਾਹਰ ਸਿੰਘ ਵਾਲਾ ਦੇ ਗੁਰਦੁਆਰਿਆਂ ਦੀਆਂ ਕੰਧਾਂ ਉੱਤੇ ਅਪਮਾਨਜਨਕ ਸ਼ਬਦਾਵਲੀ ਵਾਲੇ ਪੋਸਟਰ ਲਾਉਣ ਦੇ ਕੇਸ ਵਿੱਚ ਫ਼ਰੀਦਕੋਟ ਦੀ ਜੁਡੀਸ਼ੀਅਲ ਮੈਜਿਸਟ੍ਰੇਟ ਮੈਡਮ ਤਰਜਨੀ ਦੀ ਅਦਾਲਤ ਨੇ ਡੇਰਾ ਸਿਰਸਾ ਦੀ ਕੌਮੀ ਕਮੇਟੀ ਦੇ ਤਿੰਨ ਮੈਂਬਰਾਂ ਹਰਸ਼ ਧੂਰੀ, ਸੰਦੀਪ ਬਰੇਟਾ ਅਤੇ ਪ੍ਰਦੀਪ ਕਲੇਰ ਨੂੰ ਭਗੌੜਾ ਐਲਾਨਣ ਪਿੱਛੋਂ ਜਾਇਦਾਦ ਦਾ ਵੇਰਵਾ ਨਾ ਮਿਲਣ ਕਰਕੇ ਫ਼ਾਈਲ ਨੂੰ ਠੱਪ ਕਰ ਦਿੱਤਾ ਹੈ। ਇਸ ਨਾਲ ਸਰਕਾਰੀ ਜਾਂਚ ਨੂੰ ਝਟਕਾ ਲੱਗਾ ਹੈ।

ਮਿਲੀ ਜਾਣਕਾਰੀ ਅਨੁਸਾਰ ਅਦਾਲਤ ਨੇ ਆਪਣੇ ਇੱਕ ਹੁਕਮ ਵਿੱਚ ਥਾਣਾ ਬਾਜਖ਼ਾਨਾ ਦੇ ਐਸ ਐਚ ਓ ਇਕਬਾਲ ਹੁਸੈਨ ਨੂੰ ਹਦਾਇਤ ਕੀਤੀ ਸੀ ਕਿ ਉਹ ਡੇਰਾ ਸਿਰਸਾ ਦੀ ਕੌਮੀ ਕਮੇਟੀ ਦੇ ਮੈਂਬਰਾਂ ਹਰਸ਼ ਧੂਰੀ, ਸੰਦੀਪ ਬਰੇਟਾ ਅਤੇ ਪ੍ਰਦੀਪ ਕਲੇਰ ਦੀ ਜਾਇਦਾਦ ਦੀ ਪਛਾਣ ਕਰਨ ਅਤੇ ਇਸ ਦੀ ਸੂਚੀ 11 ਅਕਤੂਬਰ ਤਕ ਅਦਾਲਤ ਨੂੰ ਪੇਸ਼ ਕਰਨ ਤਾਂ ਜੋ ਉਨ੍ਹਾਂ ਦੀ ਇਹ ਜਾਇਦਾਦ ਕੁਰਕ ਕੀਤੀ ਜਾ ਸਕੇ। ਅਦਾਲਤ ਨੇ ਉਨ੍ਹਾਂ ਲੋਕਾਂ ਵਿਰੁੱਧ ਆਈ ਪੀ ਸੀ ਦੀ ਧਾਰਾ 174-ਏ (ਅਦਾਲਤੀ ਕਾਰਵਾਈ ਦਾ ਸਾਹਮਣਾ ਕਰਨ ਤੋਂ ਟਲਣ) ਦਾ ਕੇਸ ਦਰਜ ਕਰਨ ਲਈ ਵੀ ਕਿਹਾ ਸੀ। ਉਕਤ ਕਮੇਟੀ ਮੈਂਬਰ ਬੇਅਦਬੀ ਨਾਲ ਜੁੜੀਆਂ ਅੱਧੀ ਦਰਜਨ ਘਟਨਾਵਾਂ ਵਿੱਚ ਦੋਸ਼ੀ ਨਾਮਜ਼ਦ ਹੋਏ ਸਨ, ਪਰ ਐਸ ਆਈ ਟੀ ਤਿੰਨਾਂ ਵਿੱਚੋਂ ਕਿਸੇ ਨੂੰ ਵੀ ਗ੍ਰਿਫ਼ਤਾਰ ਕਰਨ ਵਿੱਚ ਕਾਮਯਾਬ ਨਹੀਂ ਹੋ ਸਕੀ। ਐਸ ਆਈ ਟੀ ਨੇ ਅਦਾਲਤ ਨੂੰ ਦੱਸਿਆ ਕਿ ਉਕਤ ਤਿੰਨਾਂ ਦੀ ਗ੍ਰਿਫ਼ਤਾਰੀ ਲਈ ਉਨ੍ਹਾਂ ਪੰਜਾਬ ਅਤੇ ਗੁਆਂਢੀ ਰਾਜਾਂ ਸਮੇਤ ਹੋਰ ਕਈ ਥਾਵਾਂ ਉੱਤੇ ਛਾਪੇ ਮਾਰੇ ਪਰ ਮੁਲਜ਼ਮ ਪੁਲਸ ਦੇ ਹੱਥ ਨਹੀਂ ਲੱਗੇ।ਇਕਬਾਲ ਹੁਸੈਨ ਨੇ ਅਦਾਲਤ ਵਿੱਚ ਕਿਹਾ ਕਿ ਭਗੌੜੇ ਐਲਾਨੇ ਗਏ ਡੇਰੇ ਦੀ ਕੌਮੀ ਕਮੇਟੀ ਮੈਂਬਰਾਂ ਦੀ ਜਾਇਦਾਦ ਦਾ ਵੇਰਵਾ ਤੇ ਬੈਂਕ ਖਾਤਿਆਂ ਦੀ ਜਾਣਕਾਰੀ ਨਹੀਂ ਮਿਲ ਸਕੀ, ਜਿਸ ਉੱਤੇ ਅਦਾਲਤ ਨੇ ਇਹ ਕੇਸ ਠੱਪ ਕਰ ਦਿੱਤਾ ਹੈ ਤੇ ਜਾਇਦਾਦ ਮਿਲਣ ਉੱਤੇ ਇਸਦੀ ਕਾਰਵਾਈ ਅੱਗੇ ਚਲੇਗੀ। ਡੇਰਾ ਪ੍ਰੇਮੀਆਂ ਦੀ ਫ਼ਾਈਲ ਬੰਦ ਹੋ ਜਾਣ ਨਾਲ ਪੀੜਤ ਪਰਵਾਰਾਂ, ਚਸ਼ਮਦੀਦ ਗਵਾਹਾਂ ਅਤੇ ਪੰਥਦਰਦੀਆਂ ਵਿੱਚਹਲਚਲ ਹੋਣੀ ਸੁਭਾਵਕ ਹੈ।

## ਪ੍ਰੇਮ ਸੰਬੰਧਾਂ ਵਿੱਚ ਅੜਿੱਕਾ ਬਣੇ ਪਤੀ ਦਾ ਕਤਲ


ਬਠਿੰਡਾ, 12 ਅਕਤੂਬਰ (ਪੋਸਟ ਬਿਊਰੋ)- ਔਰਤ ਨੇ ਨਾਜਾਇਜ਼ ਸੰਬੰਧਾਂ ਵਿੱਚ ਅੜਿੱਕਾ ਬਣੇ ਆਪਣੇ ਪਤੀ ਦਾ ਕਤਲ ਕਰ ਦਿੱਤਾ ਹੈ। ਮ੍ਰਿਤਕ ਦੀ ਪਛਾਣ ਬਿੱਕਰ ਸਿੰਘ ਪਿੰਡ ਮਹਿਣਾ, ਥਾਣਾ ਲੰਬੀ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਹਾਲ ਆਬਾਦ ਸਥਾਨਕ ਬੀੜ ਰੋਡ ਵਜੋਂ ਹੋਈ ਹੈ। ਉਹ ਸਥਾਨਕ ਅਦਾਲਤ ਵਿੱਚ ਪਿਆਦੇ ਵਜੋਂ ਕੰਮ ਕਰਦਾ ਸੀ। ਪੁਲਸ ਨੇ ਮ੍ਰਿਤਕ ਦੇ ਪਿਤਾ ਦੀ ਸ਼ਿਕਾਇਤ ਉੱਤੇ ਉਸ ਦੀ ਪਤਨੀ, ਪਤਨੀ ਦੇ ਪ੍ਰੇਮੀ ਤੇ ਸਾਲੇ ਖਿਲਾਫ ਕੇਸ ਦਰਜ ਕਰ ਲਿਆ ਹੈ।


ਥਾਣਾ ਕੈਨਾਲ ਕਾਲੋਨੀ ਪੁਲਸ ਨੂੰ ਦਿੱਤੇ ਬਿਆਨਾਂ ਵਿੱਚ ਕੌਰ ਸਿੰਘ ਨੇ ਦੱਸਿਆ ਕਿ ਪੁੱਤਰ ਦੇ ਵਿਆਹ ਤੋਂ ਬਾਅਦ ਨੂੰਹ ਸੋਨੀਆ ਦੇ ਜਗਸੀਰ ਨਾਲ ਨਾਜਾਇਜ਼ ਸੰਬੰਧ ਬਣ ਜਾਣ ਕਾਰਨ ਪਤੀ ਪਤਨੀ ਦਾ ਝਗੜਾ ਰਹਿੰਦਾ ਸੀ। ਬਿੱਕਰ ਸਿੰਘ ਪਿੰਡ ਛੱਡ ਕੇ ਬਠਿੰਡਾ ਦੇ ਬੀੜ ਰੋਡ ਉੱਤੇ ਰਹਿਣ ਲੱਗ ਪਿਆ ਅਤੇ ਉਸ ਨੇ ਆਪਣੀ ਪਤਨੀ ਨੂੰ ਸਮਝਾਉਣ ਦੀ ਬਹੁਤ ਕੋਸ਼ਿਸ਼ ਕੀਤੀ, ਪਰ ਨੂੰਹ ਧਮਕੀਆਂ ਦੇ ਰਹੀ ਸੀ। ਮ੍ਰਿਤਕ ਦੇ ਮਾਮੇ ਦੇ ਪੁੱਤਰ ਜਸਬੀਰ ਸਿੰਘ ਪਿੰਡ ਸਰਦਾਰਗੜ੍ਹ ਨੇ ਦੱਸਿਆ ਕਿ ਬੀਤੇ ਐਤਵਾਰ ਬਿੱਕਰ ਸਿੰਘ ਦੇ ਸਾਲੇ ਸੰਨੀ ਨੇ ਫੋਨ ਕਰ ਕੇ ਦੱਸਿਆ ਸੀ ਕਿ ਬਿੱਕਰ ਸਿੰਘ ਨਾਲ ਹਾਦਸਾ ਹੋ ਗਿਆ ਹੈ ਤੇ ਉਹ ਸਰਕਾਰੀ ਹਸਪਤਾਲ ਬਠਿੰਡਾ ਵਿਖੇ ਦਾਖਲ ਹੈ। ਉਸ ਦਾ ਕਹਿਣਾ ਸੀ ਕਿ ਬਿੱਕਰ ਦਾ ਮੋਟਰ ਸਾਈਕਲ ਪਹਿਲਾਂ ਹੀ ਟੁੱਟ ਗਿਆ ਸੀ, ਜਿਸ ਕਾਰਨ ਉਹ ਮੋਟਰ ਸਾਈਕਲ ਨਹੀਂ ਵਰਤਦਾ ਸੀ ਤਾਂ ਅੱਗੋਂ ਸੰਨੀ ਨੇ ਫੋਨ ਕੱਟ ਦਿੱਤਾ। ਇਸ ਤੋਂ ਬਾਅਦ ਬਿੱਕਰ ਦੀ ਪਤਨੀ ਸੋਨੀਆ ਨੇ ਆਪਣੇ ਸਹੁਰੇ ਨੂੰ ਫੋਨ ਕਰ ਕੇ ਕਿਹਾ ਕਿ ਉਸ ਦੇ ਪਤੀ ਦਾ ਕਿਸੇ ਨੇ ਕਤਲ ਕਰ ਦਿੱਤਾ ਹੈ। ਕੌਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਸ਼ੱਕ ਹੈ ਕਿ ਉਸ ਦੇ ਪੁੱਤਰ ਦਾ ਕਤਲ ਨੂੰਹ ਨੇ ਆਪਣੇ ਪ੍ਰੇਮੀ ਜਗਸੀਰ ਅਤੇ ਭਰਾ ਸੰਨੀ ਨਾਲ ਮਿਲ ਕੇ ਕੀਤਾ ਹੈ ਕਿਉਂਕਿ ਉਨ੍ਹਾਂ ਦੇ ਪੁੱਤਰ ਨੂੰ ਹਸਪਤਾਲ ਪਹੁੰਚਾਉਣ ਤੋਂ ਬਾਅਦ ਦੋਸ਼ੀ ਫਰਾਰ ਹੋ ਗਏ ਸਨ।ਐਸ ਐਚ ਓ ਬਲਵਿੰਦਰ ਸਿੰਘ ਨੇ ਦੱਸਿਆ ਕਿ ਮ੍ਰਿਤਕ ਦੀ ਪਤਨੀ ਸੋਨੀਆ, ਪ੍ਰੇਮੀ ਜਗਸੀਰ ਸਿੰਘ ਅਤੇ ਭਰਾ ਸੰਨੀ ਖਿਲਾਫ ਕਤਲ ਦਾ ਮੁਕੱਦਮਾ ਦਰਜ ਕਰ ਕੇ ਤਿੱਕੜੀ ਦੀ ਭਾਲ ਸ਼ੁਰੂ ਕਰ ਦਿੱਤੀ ਹੈ।

## ਪੋਸਟ-ਮੈਟ੍ਰਿਕ ਸਕਾਲਰਸ਼ਿਪ ਘੋਟਾਲੇ ਵਿੱਚ ਡਿਪਟੀ ਡਾਇਰੈਕਟਰ ਸਣੇ ਪੰਜ ਜਣੇ ਚਾਰਜਸ਼ੀਟ

ਚੰਡੀਗੜ੍ਹ, 12 ਅਕਤੂਬਰ (ਪੋਸਟ ਬਿਊਰੋ)- ਪੰਜਾਬ ਦੇ ਸਮਾਜਿਕ ਨਿਆਂ, ਸ਼ਕਤੀਕਰਨ ਅਤੇ ਘੱਟਗਿਣਤੀਆਂ ਬਾਰੇ ਮੰਤਰੀ ਡਾ. ਰਾਜ ਕੁਮਾਰ ਵੇਰਕਾ ਨੇ ਕਿਹਾ ਹੈ ਕਿ ਸਕਾਲਰਸ਼ਿਪ ਘੋਟਾਲੇ ਦੀ ਜਾਂਚ ਬਹੁਤ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਚੱਲ ਰਹੀ ਹੈ ਅਤੇ ਮੁੱਢਲੀਆਂ ਰਿਪੋਰਟਾਂ ਪਿੱਛੋਂ ਪੰਜ ਅਫਸਰਾਂ ਅਤੇ ਮੁਲਾਜ਼ਮਾਂ ਨੂੰ ਚਾਰਜਸ਼ੀਟ ਕੀਤਾ ਹੈ। ਜਿਨ੍ਹਾਂ ਖ਼ਿਲਾਫ਼ ਚਾਰਜਸ਼ੀਟ ਹੋਈ ਹੈ, ਉਨ੍ਹਾਂ ਵਿੱਚ ਡਿਪਟੀ ਡਾਇਰੈਕਟਰ ਪਰਮਿੰਦਰ ਸਿੰਘ ਗਿੱਲ, ਡੀ ਸੀ ਐਫ ਏ ਚਰਨਜੀਤ ਸਿੰਘ, ਐਸ ਓ ਮੁਕੇਸ਼ ਭਾਟੀਆ, ਸੁਪਰਡੈਂਟ ਰਜਿੰਦਰ ਚੋਪੜਾ ਅਤੇ ਸਹਾਇਕ ਰਾਕੇਸ਼ ਅਰੋੜਾ ਸ਼ਾਮਲ ਹਨ।

ਡਾ. ਰਾਜ ਕੁਮਾਰ ਵੇਰਕਾ ਨੇ ਕਿਹਾ ਕਿ ਕੋਈ ਹੋਰ ਵਿਅਕਤੀ ਵੀ ਜੇ ਘੋਟਾਲੇ ਵਿੱਚ ਸ਼ਾਮਲ ਪਾਇਆ ਗਿਆ, ਉਸ ਦੇ ਖ਼ਿਲਾਫ਼ ਜਲਦੀ ਕਾਰਵਾਈ ਕੀਤੀ ਜਾਵੇਗੀ ਅਤੇ ਉਹ ਨਿੱਜੀ ਤੌਰ ਉੱਤੇ ਇਸ ਕੇਸ ਦੀ ਨਿਰਪੱਖ ਤੇ ਪਾਰਦਰਸ਼ੀ ਜਾਂਚ ਯਕੀਨੀ ਬਣਾਉਣਗੇ। ਉਨ੍ਹਾਂ ਕਿਹਾ ਕਿ ਐਸ ਸੀ ਸਕਾਲਰਸ਼ਿਪ ਫੰਡਾਂ ਵਿੱਚ ਹੇਰ ਫੇਰ ਕਰਨ ਵਾਲੇ ਜੋਕਾਲਜ ਰਕਮ ਵਾਪਸ ਕਰਨ ਵਿੱਚ ਅਸਫ਼ਲ ਰਹੇ ਹਨ, ਉਨ੍ਹਾਂ ਵਿਰੁੱਧ ਵੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਭਾਗ ਦੇ ਅਧਿਕਾਰੀਆਂ ਨੂੰ ਅਜਿਹੀਆਂ ਸੰਸਥਾਵਾਂ ਵਿਰੁੱਧ ਸਖ਼ਤ ਕਾਰਵਾਈ ਸ਼ੁਰੂ ਕਰਨ ਅਤੇ ਕਾਰਵਾਈ ਦੀ ਰਿਪੋਰਟ ਰੋਜ਼ਾਨਾ ਦੇ ਆਧਾਰ ਉੱਤੇ ਉਨ੍ਹਾਂ ਦੇ ਦਫ਼ਤਰ ਭੇਜਣ ਦੇ ਹੁਕਮ ਦਿੱਤੇ ਹਨ।

# ਦੱਬੀਆਂ ਉਜਰਤਾਂ ਨਾ ਮਿਲਣ 'ਤੇ ਇੰਟਰਨੈਸ਼ਨਲ ਵਿਦਿਆਰਥੀਆਂ ਤੇ ਕਾਮਿਆਂ ਵੱਲੋਂ ਕੀਤੀ ਗਈ ਭਰਵੀਂ ਰੈਲੀ




ਬਰੈਂਪਟਨ, (ਡਾ. ਝੰਡ) - ਪ੍ਰਾਪਤ ਸੂਚਨਾ ਅਨੁਸਾਰ ਲੰਘੇ 2 ਅਕਤੂਬਰ ਸ਼ਨੀਵਾਰ ਨੂੰ ਇੰਟਰਨੈਸ਼ਨਲ ਵਿਦਿਆਰਥੀਆਂ ਅਤੇ ਹੋਰ ਕਾਮਿਆਂ ਵੱਲੋਂ ਨੌਜੁਆਨ ਸੁਪੋਰਟ ਨੈੱਟਵਰਕ ਦੀ ਅਗਵਾਈ ਵਿਚ ਇਕ ਭਰਵੀਂ ਰੈਲੀ ਦਾ ਆਯੋਜਨ ਕੀਤਾ ਗਿਆ। ਇਸ ਰੈਲੀ ਦਾ ਮੁੱਖ ਕਾਰਨ ਇਹ ਦੱਸਿਆ ਗਿਆ ਕਿ ਵੱਖ-ਵੱਖ ਖ਼ੇਤਰਾਂ ਵਿਚ ਕਈ ਅਦਾਰਿਆਂ ਵੱਲੋਂ ਕੰਮ ਕਰਵਾ ਕੇ ਬਾਅਦ ਵਿਚ ਕੋਈ ਨਾ ਕੋਈ ਬਹਾਨਾ ਲਗਾ ਕੇ ਉਨ੍ਹਾਂ ਦੀ ਤਨਖ਼ਾਹ ਰੱਖ ਲਈ ਜਾਂਦੀ ਹੈ ਅਤੇ ਇਹ ਤਨਖ਼ਾਹ ਉਨ੍ਹਾਂ ਨੂੰ ਨਹੀਂ ਦਿੱਤੀ ਜਾਂਦੀ।

ਇਹ ਰੈਲੀ ਬਰੈਂਪਟਨ ਦੇ 161 ਸੰਨੀਮੈਡੋ ਪਾਰਕ ਵਿਚ ਰੱਖੀ ਗਈ ਜਿੱਥੇ ਲੱਗਭੱਗ 300 ਅੰਤਰ-ਰਾਸ਼ਟਰੀ ਵਿਦਿਆਰਥੀ ਅਤੇ ਹੋਰ ਕਾਮੇ ਇਕੱਠੇ ਹੋਏ। ਇਨ੍ਹਾਂ ਵਿਚ ਵੱਡੀ ਗਿਣਤੀ ਟਰੱਕਿੰਗ ਇੰਡਸਟਰੀ ਵਿਚ ਕੰਮ ਕਰਨ ਵਾਲੇ ਡਰਾਈਵਰਾਂ ਦੀ ਸੀ ਪਰ ਕੁਝ ਹੋਰ ਖ਼ੇਤਰਾਂ ਜਿਵੇਂ, ਰੈਸਟੋਰੈਂਟਾਂ ਅਤੇ ਕੰਨਸਟਰੱਕਸ਼ਨ ਖ਼ੇਤਰ ਵਿਚ ਕੰਮ ਕਰਨ ਵਾਲੇ ਕਾਮੇਂ ਵੀ ਇਸ ਰੈਲੀ ਵਿਚ ਸ਼ਾਮਲ ਹੋਏ। ਰੈਲੀ ਵਿਚ ਵੱਖ-ਵੱਖ ਬੁਲਾਰਿਆਂ ਨੇ ਆਪਣੇ ਵਿਚਾਰ ਸਾਂਝੇ ਕਰਦਿਆਂ ਹੋਇਆਂ ਕਈ ਮਾਲਕਾਂ ਉੱਪਰ ਪੂਰੀਆਂ ਤਨਖ਼ਾਹਾਂ ਨਾ ਦੇਣ ਦੇ ਦੋਸ਼ ਲਗਾਏ ਅਤੇ ਉਸ ਤੋਂ ਬਾਅਦ ਉਹ ਚਾਰ ਟਰੱਕ ਕੰਪਨੀਆਂ ਦੇ ਮਾਲਕਾਂ ਦੇ ਘਰਾਂ ਦੇ ਅੱਗੇ ਰੋਸ-ਪ੍ਰਦਰਸ਼ਨ ਕਰਨ ਲਈ ਚੱਲ ਪਏ।

ਇਸ ਪਾਰਕ ਦੇ ਨੇੜੇ ਹੀ ਫ਼ਲੋਅ ਬੋਆਏ ਟਰੱਕ ਕੰਪਨੀ ਦੇ ਮਾਲਕ ਬੂਟਾ ਸਿੰਘ ਅਤੇ ਕਾਰਗੋ ਕਾਊਂਟੀ ਕੰਪਨੀ ਦੇ ਮਾਲਕ ਰਮਨਪ੍ਰੀਤ ਦੇ ਘਰ ਸਨ ਜਿੱਥੇ ਮੁਜ਼ਾਹਰਾਕਾਰੀਆਂ ਵੱਲੋਂ ਸੱਭ ਤੋਂ ਪਹਿਲਾਂ ਰੋਸ-ਮੁਜ਼ਾਹਰਾ ਕੀਤਾ ਗਿਆ। ਉਨ੍ਹਾਂ ਵੱਲੋਂ ਦੱਸਿਆ ਗਿਆ ਕਿ ਬੂਟਾ ਸਿੰਘ ਨੇ ਆਪਣੇ ਡਰਾਈਵਰ ਗਗਨਦੀਪ ਸਿੱਧੂ ਦੇ 5562 ਡਾਲਰ ਅਤੇ ਕਾਰਗੋ ਕਾਊਂਟੀ ਦੇ ਮਾਲਕ ਰਮਨਪ੍ਰੀਤ ਵੱਲੋਂ ਚਾਰ ਡਰਾਈਵਰਾਂ ਦੇ ਬਣਦੇ 70,000 ਡਾਲਰ ਉਨ੍ਹਾਂ ਨੂੰ ਅਜੇ ਤੱਕ ਨਹੀਂ ਦਿੱਤੇ ਗਏ। ਇਸ ਤੋਂ ਬਾਅਦ ਇਹ ਰੋਸ-ਮੁਜ਼ਾਹਰੇ 'ਕੈਨੇਡਾ ਵਾਈਡ' ਕੰਪਨੀ ਦੇ ਮਾਲਕ ਗਗਨਦੀਪ ਧਾਲੀਵਾਲ ਅਤੇ ਕਾਰਗੋ ਟ੍ਰਾਂਸਪੋਰਟ ਕੰਪਨੀਆਂ ਦੇ ਮਾਲਕਾਂ ਮਨਪ੍ਰੀਤ ਸਿੱਧੂ ਤੇ ਹਰਦੀਪ ਭੁੱਲਰ ਦੇ ਘਰਾਂ ਦੇ ਸਾਹਮਣੇ ਵੀ ਕੀਤੇ ਗਏ ਜਿਨ੍ਹਾਂ ਨੇ ਹਜ਼ਾਰਾਂ ਡਾਲਰ ਡਰਾਈਵਰਾਂ ਦੇ ਦੱਬੇ ਹੋਏ ਹਨ।

# ਸਵਿਟਜ਼ਰਲੈਂਡ ਨੇ ਭਾਰਤ ਨੂੰ ਬੈਂਕ ਖਾਤਿਆਂ ਦੇ ਵੇਰਵਿਆਂ ਦੀ ਤੀਸਰੀ ਸੂਚੀ ਵੀ ਸੌਂਪੀ

* 96 ਦੇਸ਼ਾਂ ਨਾਲ ਲਗਭਗ 33 ਲੱਖ ਖਾਤਿਆਂ ਦਾ ਵੇਰਵਾ





ਨਵੀਂ ਦਿੱਲੀ, 12 ਅਕਤੂਬਰ (ਪੋਸਟ ਬਿਊਰੋ)- ਸਵਿਟਜ਼ਰਲੈਂਡ ਦੀ ਸਰਕਾਰ ਨੇ ਭਾਰਤ ਨੂੰ ਸਵਿਸ ਬੈਂਕਾਂ ਦੇ ਖਾਤਿਆਂ ਦੇ ਵੇਰਵੇ ਦੀ ਤੀਸਰੀ ਸੂਚੀ ਦੇ ਦਿੱਤੀ ਗਈ ਹੈ। ਇਸ ਸੂਚੀ ਵਿੱਚਸਵਿਟਜ਼ਰਲੈਂਡ ਨੇਲਗਭਗ 33 ਲੱਖ ਵਿੱਤੀ ਖਾਤਿਆਂ ਦਾ ਵੇਰਵਾ 96 ਦੇਸ਼ਾਂ ਨਾਲ ਇੱਕ ਸਾਲਾਨਾ ਐਕਸਰਸਾਈਜ਼ ਹੇਠ ਸਾਂਝਾ ਕੀਤਾ ਹੈ।

ਕੱਲ੍ਹ ਸਵਿਟਜ਼ਰਲੈਂਡ ਦੇ ਫੈਡਰਲ ਟੈਕਸ ਪ੍ਰਸ਼ਾਸਨ (ਐਫ ਟੀ ਏ) ਨੇ ਇੱਕ ਬਿਆਨ ਵਿੱਚ ਦੱਸਿਆ ਕਿ ਇਸ ਸਾਲ ਸੂਚਨਾਵਾਂ ਦੇ ਵਟਾਂਦਰੇ ਵਿੱਚ 10 ਹੋਰ ਦੇਸ਼ ਐਂਟੀਗੁਆ ਤੇ ਬਾਰਾਬੁਡਾ, ਆਜ਼ਰਬਾਈਜਾਨ, ਡੋਮੀਨਿਕਾ, ਘਾਨਾ, ਲਿਬਨਾਨ, ਮਕਾਊ, ਪਾਕਿਸਤਾਨ, ਕਤਰ, ਸਮੋਆ ਅਤੇ ਵੁਆਤੂ ਵੀ ਸ਼ਾਮਲ ਹੋਏ ਹਨ। ਜਿੱਥੇ 70 ਦੇਸ਼ਾਂ ਨਾਲ ਰਸਮੀ ਵਟਾਂਦਰਾ ਕੀਤਾ ਗਿਆ, ਓਥੇ ਸਵਿਟਜ਼ਰਲੈਂਡ ਨੇ 26 ਦੇਸ਼ਾਂ ਦੇ ਕੇਸ ਵਿੱਚ ਕੋਈ ਜਾਣਕਾਰੀ ਨਹੀਂ ਦਿੱਤੀ। ਇਸ ਦਾ ਕਾਰਨ ਇਹ ਹੈ ਕਿ ਜਾਂ ਤਾਂ ਉਨ੍ਹਾਂ ਵਿੱਚੋਂ 14 ਦੇਸ਼ ਹਾਲੇ ਤਕ ਖੁਫੀਆ ਜਾਣਕਾਰੀ ਅਤੇ ਡਾਟਾ ਸੁਰੱਖਿਆ ਬਾਰੇ ਕੌਮਾਂਤਰੀ ਜ਼ਰੂਰਤਾਂ ਪੂਰੀਆਂ ਨਹੀਂ ਕਰਦੇ ਜਾਂ ਬਾਕੀ 12 ਦੇਸ਼ਡਾਟਾ ਹਾਸਲ ਕਰਨਾ ਜ਼ਰੂਰੀ ਨਹੀਂ ਸਮਝਦੇ। ਐਫ ਟੀ ਏ ਨੇ ਸਾਰੇ 96 ਦੇਸ਼ਾਂ ਦੇ ਨਾਵਾਂ ਅਤੇ ਉਨ੍ਹਾਂ ਦੇ ਜ਼ਿਆਦਾ ਵੇਰਵਿਆਂ ਨੂੰ ਜ਼ਾਹਰ ਨਹੀਂ ਕੀਤਾ। ਸਵਿੱਸ ਅਧਿਕਾਰੀਆਂ ਦਾ ਕਹਿਣਾ ਹੈ ਕਿ ਭਾਰਤ ਉਨ੍ਹਾਂ ਦੇਸ਼ਾਂ ਵਿੱਚ ਸ਼ਾਮਲ ਹੈ, ਜਿਨ੍ਹਾਂ ਨੂੰ ਲਗਾਤਾਰ ਤੀਸਰੇ ਸਾਲ ਸੂਚਨਾ ਮਿਲੀ ਹੈ ਅਤੇ ਭਾਰਤੀ ਅਧਿਕਾਰੀਆਂ ਨਾਲ ਸਾਂਝੇ ਕੀਤੇ ਵੇਰਵੇ ਵੱਡੀ ਗਿਣਤੀ ਵਿੱਚ ਵਿਅਕਤੀਆਂ ਅਤੇ ਕੰਪਨੀਆਂ ਦੇ ਸਵਿਸ ਵਿੱਤੀ ਅਦਾਰਿਆਂ ਵਿਚਲੇ ਖਾਤਿਆਂ ਨਾਲ ਸਬੰਧਤ ਹਨ। ਇਹ ਸੂਚਨਾ ਵਟਾਂਦਰਾ ਪਿਛਲੇ ਮਹੀਨੇ ਹੋਇਆ ਸੀ ਤੇ ਸਵਿਟਜ਼ਰਲੈਂਡ ਸਤੰਬਰ 2022 ਵਿੱਚ ਅਗਲੀ ਸੂਚੀ ਦੇਵੇਗਾ।

## ਨਹਿਰੀ ਪਾਣੀ ਦੇ ਵਿਵਾਦ ’ਚ ਫਾਇਰਿੰਗ ਨਾਲ ਦੋ ਭਰਾਵਾਂ ਦੀ ਮੌਤ

ਲਾਹੌਰ, 12 ਅਕਤੂਬਰ (ਪੋਸਟ ਬਿਊਰੋ)- ਪਾਕਿਸਤਾਨ ਦੇ ਕਸਬਾ ਓਕਾੜਾ ਵਿੱਚ ਖੇਤਾਂ ਵਿੱਚ ਨਹਿਰੀ ਪਾਣੀ ਲਾਉਣ ਨੂੰ ਲੈ ਕੇ ਹੋਏ ਵਿਵਾਦ ਕਾਰਨ ਦੋ ਕ੍ਰਿਸ਼ਚਿਅਨ ਭਰਾਵਾਂ ਦੀ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਹੈ, ਜਦਕਿ ਫਾਇਰਿੰਗ ਵਿੱਚ ਅੱਠ ਲੋਕ ਜ਼ਖ਼ਮੀ ਹੋ ਗਏ। ਜਾਣਕਾਰ ਸੂਤਰਾਂ ਅਨੁਸਾਰ ਕਸਬਾ ਓਕਾੜਾ ਦੇ ਬਾਹਰਲੇ ਇਲਾਕਿਆਂ ਵਿੱਚ ਖੇਤਾਂ ਵਿੱਚ ਨਹਿਰੀ ਪਾਣੀ ਨੂੰ ਲੈ ਕੇ ਕ੍ਰਿਸ਼ਚਿਅਨ ਤੇ ਮੁਸਲਿਮ ਭਾਈਚਾਰੇ ਦੇ ਲੋਕਾਂ ਵਿੱਚ ਤਿੰਨ ਦਿਨਾਂ ਤੋਂ ਵਿਵਾਦ ਚਲ ਰਿਹਾ ਸੀ। ਬੀਤੇ ਦਿਨੀਂ ਇਹ ਵਿਵਾਦ ਪ੍ਰਮੁੱਖ ਲੋਕਾਂ ਦੀ ਸਹਿਮਤੀ ਨਾਲ ਹੱਲ ਹੋ ਗਿਆ। ਜਦੋਂ ਉਕਤ ਪਰਵਾਰ ਦੇ ਪੰਜ ਭਰਾ ਅਤੇ ਪੰਜ ਹੋਰ ਖੇਤਾਂ ਵਿੱਚ ਪਾਣੀ ਲਾ ਰਹੇ ਸੀ ਤਾਂ ਵਿਰੋਧੀ ਪਾਰਟੀ ਦੇ ਮੁਸਲਿਮ ਭਾਈਚਾਰੇ ਦੇ ਲੋਕਾਂ ਨੇ ਇਨ੍ਹਾਂ ਉੱਤੇ ਫਾਇਰਿੰਗ ਕਰ ਦਿੱਤੀ।

# ਅਮਰੀਕਾ ਦੇ ਤਿੰਨ ਮਾਹਰਾਂ ਨੂੰ ਇਕਨਾਮਿਕਸ ਦਾ ਨੋਬਲ ਇਨਾਮ




ਸਟਾਕਹੋਮ, 12 ਅਕਤੂਬਰ (ਪੋਸਟ ਬਿਊਰੋ)- ਅਮਰੀਕਾ ਦੇ ਤਿੰਨ ਅਰਥਸ਼ਾਸਤਰੀਆਂ ਨੂੰ ਘੱਟੋ-ਘੱਟ ਉਜਰਤ, ਪਰਵਾਸ ਅਤੇ ਸਿੱਖਿਆ ਦੇ ਕਿਰਤ ਮੰਡੀ ਉੱਤੇ ਅਸਰ ਤੇ ਅਜਿਹੇ ਹੋਰ ਅਧਿਐਨਾਂ ਤੋਂ ਨਿਕਲੇ ਸਿੱਟਿਆਂ ਦਾ ਵਿਗਿਆਨਕ ਆਧਾਰ ਤਿਆਰ ਕਰਨ ਲਈ ਇਕਨਾਮਿਕਸਦਾ 2021 ਦਾ ਨੋਬਲ ਇਨਾਮ ਦੇਣ ਦਾ ਐਲਾਨ ਕੀਤਾ ਗਿਆ ਹੈ।

ਨੋਬਲ ਇਨਾਮ ਬਰਕਲੇ ਦੀ ਕੈਲੀਫੋਰਨੀਆ ਯੂਨੀਵਰਸਿਟੀ ਦੇ ਡੇਵਿਡ ਕਾਰਡ, ਮੈਸੇਚੁਐਸਟਸ ਇੰਸਟੀਚਿਊਟ ਆਫ ਟੈਕਨਾਲੋਜੀ ਦੇ ਜੋਸ਼ੂਆ ਐਂਗਰਿਸਟ ਅਤੇ ਸਟੈਨਫੋਰਡ ਯੂਨੀਵਰਸਿਟੀ ਦੇ ਹਾਲੈਂਡ ਵਿੱਚ ਜਨਮੇ ਗੁਇਡੋ ਇੰਬੇਨਸ ਨੂੰ ਦਿੱਤਾ ਜਾਵੇਗਾ। ਰਾਇਲ ਸਵੀਡਿਸ਼ ਅਕੈਡਮੀ ਆਫ ਸਾਇੰਸਿਜ਼ ਨੇ ਕਿਹਾ ਹੈ ਕਿ ਤਿੰਨਾਂ ਨੇ ਆਰਥਿਕ ਵਿਗਿਆਨ ਵਿੱਚ ਅਨੁਭਵ ਦਾ ਕੰਮ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਕੈਨੇਡਾ ਵਿੱਚ ਜਨਮੇ ਡੇਵਿਡ ਕਾਰਡ ਨੂੰ ਇਨਾਮ ਦੀ ਅੱਧੀ ਰਕਮ ਮਿਲੇਗੀ, ਜਦ ਕਿ ਐਂਗਰਿਸਟ ਅਤੇ ਗੁਇਡੋ ਬਾਕੀ ਦੀ ਰਕਮ ਦੇ ਅੱਧੋ-ਅੱਧ ਹਿੱਸੇਦਾਰ ਹੋਣਗੇ।

# ਅਡਾਨੀ ਵਾਲੀ ਪੋਰਟ ਉੱਤੇ ਈਰਾਨ, ਪਾਕਿ ਅਤੇ ਅਫਗਾਨਿਸਤਾਨ ਤੋਂ ਆਏ ਕੰਟੇਨਰਾਂ ਉਤੇ ਰੋਕ ਲੱਗੀ



ਨਵੀਂ ਦਿੱਲੀ, 12 ਅਕਤੂਬਰ (ਪੋਸਟ ਬਿਊਰੋ)- ਗੁਜਰਾਤ ਦੇ ਮੁੰਦਰਾ ਪੋਰਟ ਉੱਤੇ ਕਰੀਬ 21,000 ਕਰੋੜ ਰੁਪਏ ਦੀ ਹੈਰੋਇਨ ਦੀ ਬਰਾਮਦਗੀ ਹੋਣ ਪਿੱਛੋਂ ਅਡਾਨੀ ਪੋਰਟ ਨੇ ਆਪਣੇ ਸਾਰੇ ਟਰਮੀਨਲਾਂ ਉੱਤੇ ਇਸ 15 ਨਵੰਬਰ ਤੋਂ ਈਰਾਨ, ਪਾਕਿਸਤਾਨ ਅਤੇ ਅਫਗਾਨਿਸਤਾਨ ਦੇ ਕੰਟੇਨਰਾਂ ਦੀ ਆਵਾਜਾਈ ਰੋਕ ਦਿੱਤੀ ਹੈ। ਇਸ ਦਾ ਮਤਲਬ ਹੈ ਕਿ ਭਾਰਤ ਵਿਚਲੇਸਾਰੇ ਅਡਾਨੀ ਪੋਰਟਾਂ ਤੋਂ ਇਨ੍ਹਾਂ ਤਿੰਨਾਂ ਦੇਸ਼ਾਂ ਲਈ ਨਾ ਕੰਟੇਨਰ ਭੇਜੇ ਜਾਣਗੇ ਅਤੇ ਨਾ ਲਏ ਜਾਣਗੇ।

ਭਾਰਤ ਦੇ ਸਭ ਤੋਂ ਵੱਡੇ ਪੋਰਟ ਆਪਰੇਟਰ ਅਡਾਨੀ ਪੋਰਟ ਤੇ ਸਪੈਸ਼ਲ ਇਕੋਨੋਮਿਕ ਜ਼ੋਨ ਨੇ ਕਿਹਾ ਕਿ ਇਸ ਬਾਰੇ ਇੱਕ ਐਡਵਾਈਜ਼ਰੀ ਜਾਰੀ ਕੀਤੀ ਗਈ ਹੈ, ਜੋ ਅਡਾਨੀ ਪੋਰਟ ਵੱਲੋਂ ਚਲਾਏ ਜਾਂਦੇ ਸਾਰੇ ਟਰਮੀਨਲਾਂ ਅਤੇ ਉਸ ਦੇ ਕਿਸੇ ਵੀ ਪੋਰਟ ਉੱਤੇ ਤੀਸਰੀ ਧਿਰ ਦੇ ਟਰਮੀਨਲਾਂ ਸਮੇਤ ਅਗਲੀ ਸੂਚਨਾ ਤਕ ਲਾਗੂ ਰਹੇਗੀ। ਕੰਪਨੀ ਨੇ ਇਸ ਕਾਰਵਾਈ ਦਾ ਕਾਰਨ ਨਹੀਂ ਦੱਸਿਆ। ਅਡਾਨੀ ਗਰੁੱਪ ਦੇ ਬੁਲਾਰੇ ਨੇ ਬਿਨਾਂ ਦੱਸਿਆ ਕਿ ਇਸ ਨੂੰ ਸਬੰਧਤ ਹਿਤਧਾਰਕਾਂ ਨੂੰ ਜਾਰੀ ਕੀਤਾ ਗਿਆ ਹੈ। ਅਡਾਨੀ ਪੋਰਟ ਅਸਲ ਵਿੱਚ ਅਡਾਨੀ ਉਦਯੋਗ ਗਰੁੱਪ ਦਾ ਹਿੱਸਾ ਹੈ।

ਸਮਝਿਆ ਜਾਂਦਾ ਹੈ ਕਿ ਪੱਛਮੀ ਗੁਜਰਾਤ ਦੇ ਉਸ ਦੇ ਮੁੰਦਰਾ ਪੋਰਟ ਉੱਤੇ ਭਾਰੀ ਮਾਤਰਾ ਵਿੱਚ ਹੈਰੋਇਨ ਫੜੇ ਜਾਣ ਨੂੰ ਧਿਆਨ ਵਿੱਚ ਰੱਖ ਕੇ ਕੰਪਨੀ ਨੇ ਇਹ ਫੈਸਲਾ ਕੀਤਾ ਹੈ। 13 ਸਤੰਬਰ ਨੂੰ ਮੁੰਦਰਾ ਪੋਰਟ ਉੱਤੇ ਦੋ ਕੰਟੇਨਰਾਂ ਤੋਂ ਕਰੀਬ 3000 ਕਿਲੋ-ਗਰਾਮ ਹੈਰੋਇਨ ਫੜੀ ਗਈ ਸੀ। ਇਹ ਖੇਪ ਅਫਗਾਨਿਸਤਾਨ ਤੋਂ ਆਈ ਸੀ, ਜੋ ਅਫੀਮ ਦੇ ਸਭ ਤੋਂ ਵੱਡੇ ਗੈਰ ਕਾਨੂੰਨੀ ਉਤਪਾਦਕਾਂ ਵਿੱਚੋਂ ਇੱਕ ਹੈ। ਹੈਰੋਇਨ ਨੂੰ ਵੱਡੇ-ਵੱਡੇ ਬੈਗਾਂ ਵਿੱਚ ਲੁਕਾ ਕੇ ਕਿਹਾ ਗਿਆ ਸੀ ਕਿ ਇਸ ਵਿੱਚ ਅਣਸੋਧਿਆ ਟੈਲਕ ਪਾਊਡਰ ਹੈ।ਮੁੰਦਰਾ ਪੋਰਟ ਉੱਤੇਮਿਲੀ ਹੈਰੋਇਨ ਦੇ ਮਾਮਲੇ ਵਿੱਚ ਐਨ ਆਈ ਏ ਨੇ ਚੇਨਈ, ਕੋਇੰਬਟੂਰ ਤੇ ਵਿਜੈਵਾੜਾ ਵਿੱਚ ਸ਼ੱਕੀਆਂ ਦੇ ਕੰਪਲੈਕਸਾਂ ਦੀ ਤਲਾਸ਼ੀ ਲਈ ਹੈ।

# ਬਲੋਚਿਸਤਾਨ ਵਿੱਚ ਬੰਬ ਧਮਾਕਾ, ਪਾਕਿਸਤਾਨੀ ਪੱਤਰਕਾਰ ਦੀ ਮੌਤ





ਕਰਾਚੀ, 12 ਅਕਤੂਬਰ (ਪੋਸਟ ਬਿਊਰੋ)- ਦੇਸ਼ ਦੇ ਗੜਬੜ ਵਾਲੇ ਬਲੋਚਿਸਤਾਨ ਸੂਬੇ ਵਿੱਚ ਪਾਬੰਦੀਸ਼ੁਦਾ ਬਲੋਚਿਸਤਾਨ ਲਿਬਰੇਸ਼ਨ ਆਰਮੀ ਦੇ ਹਮਲੇ ਵਿੱਚ ਇੱਕ 35 ਸਾਲਾ ਪਾਕਿਸਤਾਨੀ ਪੱਤਰਕਾਰ ਦੀ ਮੌਤ ਹੋ ਗਈ ਹੈ।

ਮੀਡੀਆ ਰਿਪੋਰਟ ਮੁਤਾਬਕ ਈਦਗਾਹ ਥਾਣੇ ਦੇ ਇੰਚਾਰਜ ਨਦੀਮ ਹੈਦਰ ਨੇ ਕਿਹਾ ਕਿ ‘ਮੈਟਰੋ ਇੱਕ ਨਿਊਜ਼’ ਦਾ ਪੱਤਰਕਾਰ ਸ਼ਾਹਿਗ ਜ਼ੇਹਰੀ ਸੂਬੇ ਦੇ ਹੱਬ ਸ਼ਹਿਰ ਵਿੱਚ ਕਾਰ ਵਿੱਚ ਜਾ ਰਿਹਾ ਸੀ, ਜਦੋਂ ਉਸ ਉੱਤੇ ਦੇਸੀ ਗ੍ਰਨੇਡ ਨਾਲ ਹਮਲਾ ਕੀਤਾ ਗਿਆ। ਟੀ ਵੀ ਪੱਤਰਕਾਰ ਜ਼ੇਹਰੀ ਇਸ ਹਮਲੇ ਵਿੱਚ ਗੰਭੀਰਜ਼ਖ਼ਮੀ ਹੋ ਗਿਆ ਸੀ ਤੇ ਉਸਨੂੰ ਇੱਕ ਹੋਰ ਜ਼ਖ਼ਮੀ ਵਿਅਕਤੀ ਸਮੇਤ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਜ਼ੇਹਰੀ ਨੂੰ ਮ੍ਰਿਤਕ ਐਲਾਨ ਦਿੱਤਾ।ਖ਼ਬਰ ਵਿੱਚ ਕਿਹਾ ਗਿਆ ਕਿ ‘ਡਾਨ ਡਾਟ ਕਾਮ' ਵੱਲੋਂ ਵੇਖੀ ਗਈ ਘਟਨਾ ਦੀ ਸੀ ਸੀ ਟੀ ਵੀ ਫ਼ੁਟੇਜ ਵਿੱਚ ਇੱਕ ਰੁਝੇਵੇਂ ਭਰੀ ਸੜਕ ਉਤੇ ‘ਯੂ-ਟਰਨ' ਲੈਂਦਿਆਂ ਹੀ ਜ਼ੇਹਰੀ ਦੀ ਕਾਰ ਕੋਲ ਸੜਕ ਕਿਨਾਰੇ ਧਮਾਕਾ ਹੁੰਦਾ ਦਿੱਸਿਆ। ਅਜੇ ਇਹ ਪਤਾ ਨਹੀਂ ਲੱਗਾ ਕਿ ਬੰਬ ਕਿਹੜਾ ਸੀ। ਬਲੋਚਿ-ਸਤਾਨ ਲਿਬਰੇਸ਼ਨ ਆਰਮੀ ਨੇ ਪਿੱਛੋਂ ਬਿਆਨ ਵਿੱਚ ਇਸ ਹਮਲੇ ਦੀ ਜ਼ਿੰਮੇਵਾਰੀ ਲਈ। ‘ਡਾਨ ਨਿਊਜ਼’ਦੇ ਅਨੁਸਾਰ ਫ਼ਰਵਰੀ ਵਿੱਚ ‘ਕੌਂਸਲ ਆਫ਼ ਪਾਕਿਸਤਾਨ ਨਿਊਜ਼ਪੇਪਰ ਐਡੀਟਰਜ਼’ (ਸੀ ਪੀ ਐਨ ਈ) ਦੀ ‘ਮੀਡੀਆ ਫ਼ਰੀਡਮ ਰਿਪੋਰਟ’ 2020 ਨੇ ਪ੍ਰਗਟਾਵਾ ਕੀਤਾ ਸੀ ਕਿ ਇਸ ਦੌਰਾਨ ਘੱਟੋ-ਘੱਟ 10 ਪੱਤਰਕਾਰਾਂ ਦਾ ਕਤਲ ਕਰ ਦਿੱਤਾ ਗਿਆ ਸੀ ਅਤੇ 2020 ਵਿੱਚ ਹੀ ਪਾਕਿਸਤਾਨ ਵਿੱਚ ਕਈਆਂ ਨੂੰ ਧਮਕੀਆਂ, ਅਗਵਾ ਤੇ ਤਸੀਹੇ ਦਿੱਤੇ ਗਏ ਸਨ ਅਤੇ ਆਪਣੀਆਂ ਪੇਸ਼ੇਵਰ ਜ਼ਿੰਮੇਵਾਰੀਆਂ ਨਿਭਾਉਣ ਲਈ ਗ੍ਰਿਫ਼ਤਾਰ ਕੀਤਾ ਗਿਆ ਸੀ। ਪੱਤਰਕਾਰਾਂ ਉੱਤੇ ਤਸ਼ੱਦਦ ਕਰਨ ਅਤੇ ਮਾਰਨ ਦੇ ਜ਼ਿੰਮੇਵਾਰ ਲੋਕਾਂ ਵਿਰੁੱਧ ਅਜੇ ਤਕ ਕੋਈ ਕਾਰਵਾਈ ਨਹੀਂ ਕੀਤੀ ਗਈ।

Century 21
President Realty Inc
Brokerage*
Independently Owned and Operated.



ਓਂਟਾਰੀਓ ਦੇ ਕਿਸੇ ਵੀ ਸ਼ਹਿਰ ਵਿਚ ਪ੍ਰਾਪਰਟੀ ਖਰੀਦਣ ਲਈ ਕਾਲ ਕਰੋ
Jagdish Grewal
Sales Repersentative
Call Now: (416)-970-5005



Sandalwood & Kennedy
ਬਹੁਤ ਹੀ ਖੂਬਸੂਰਤ detached ਘਰ 3 ਬੈੱਡਰੂਮ, 1 ਬੈੱਡਰੂਮ ਦੀ ਫਿਨਿਸ਼ੇਡ ਬੇਸਮੈਂਟ , ਸਕੂਲ, ਪਬਲਿਕ ਬੱਸ ਸਰਵਿਸ ਅਤੇ ਪਲਾਜ਼ਾ ਦੇ ਨੇੜੇ!



Bramalea & Peter Robertson
3 ਬੈੱਡਰੂਮ semi-detached ਘਰ ਦੇ ਵਿਚਕਾਰ ਬਿਲਟ ਇਨ ਕਿਚਨ ,ਗਰੇਨਾਇਟ ਕਾਊਂਟਰ, ਵੂਲਫ ਗੈਸ ਸਟੋਵ, ਬਹੁਤ ਹੀ ਸੁੰਦਰ ਗਾਰਡਨ ਅਤੇ ਬੈਕਯਾਰਡ ਏਰੀਆ ਪ੍ਰਾਈਮ ਲੋਕੇਸ਼ਨ, ਪਬਲਿਕ ਬੱਸ ਸਰਵਿਸ, ਹਸਪਤਾਲ, ਸਕੂਲ ਅਤੇ ਪਲਾਜ਼ਾ ਦੇ ਨੇੜੇ.



Bovaird & Royal Orchard
3 ਬੈੱਡਰੂਮ ਟਾਊਨ ਹਾਊਸ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਪਹਿਲੀ ਵਾਰ ਘਰ ਖਰੀਦਣ ਵਾਲਿਆ ਲਈ ਵਧੀਆ ਮੌਕਾ



Bovaird & Bramlea Rd
3 +1 ਬੈੱਡਰੂਮ ਘਰ ਵੱਖਰੀ ਐਂਟਰੈਸ ਵਾਲੀ ਬਣੀ ਹੋਈ ਬੇਸਮੈਂਟ,ਵਾਕਆਊਟ ਵੱਡਾ ਯਾਰਡ ,ਨਵੀ ਕਿਚਨ,ਪੋਟ ਲਾਈਟਾਂ,ਫਾਈਰ ਪਲੇਸ



Bovaird & Worthington
4 ਬੈੱਡਰੂਮ, ਡੀਟੈਚਡ ਘਰ ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਲੈਮੀਨੇਟ ਫਲੋਰ,ਲੈਂਡਸਕੇਪ ਤੇ ਹਜ਼ਾਰਾਂ ਡਾਲਰ ਖਰਚ ਕੀਤੇ ਹੋਏ ,ਗਰੇਨਾਇਟ ਕਾਊਂਟਰ,ਪੋਟ ਲਾਈਟਾਂ,ਅੱਪਗਰੇਡ ਹਾਰਡਵੁਡ



Pertosa & WillamsParkway
4 +2 ਬੈੱਡਰੂਮ ਡੀਟੈਚਡ ਘਰ ,ਵੱਖਰੇ ਲਿਵਿੰਗ ਤੇ ਫੈਮਿਲੀ ਰੂਮ, ਫਿਨਿਸ਼ੇਡ ਬੇਸਮੈਂਟ,ਵੱਡਾ ਡ੍ਰਾਈਵੇ,ਪ੍ਰਾਈਮ ਲੋਕੇਸ਼ਨ ਅਤੇ ਪਲਾਜ਼ਾ ਦੇ ਨੇੜੇ



Gore & Cotrelle
3 ਬੈੱਡਰੂਮ, ਡੀਟੈਚਡ ਘਰ , 2000 sq.ft ,1 ਬੈੱਡਰੂਮ ਦੀ ਫਿਨਿਸ਼ੇਡ ਬੇਸਮੈਂਟ ,ਵੱਡਾ ਡੇਕ,ਕਾਫੀ ਅਪਗ੍ਰੇਡ ਕੀਤਾ ਮੋਡਰਨ ਕਿਚਨ ,ਪਾਰਕਿੰਗ ਲਈ ਖੁੱਲਾ ਗੈਰਾਜ



Bovaird & Hwy 410
4 ਬੈੱਡਰੂਮ ਡੀਟੈਚਡ ਘਰ, ਪਬਲਿਕ ਬੱਸ ਸਰਵਿਸ,ਸਕੂਲ,ਪਲਾਜ਼ਾ, 410/407 ਹਾਈਵੇ ਨੇੜੇ, ਅਪਗ੍ਰੇਡ ਕੀਤਾ ਮੌਡਰਨ ਕਿਚਨ

(416) 970-5005 www.vipcondonetwork.com
80 Maritime Ontario Blvd #246 Brampton, ON L6S 0E7 Call: 905-488-2100 Fax : 905-488-2101

# ਟ੍ਰਿੱਪਲ ਕਰਾਊਨ ਸੀਨੀਅਰਜ਼ ਕਲੱਬ ਵਲੋਂ ਬਲੱਫ਼ਰਜ਼ ਪਾਰਕ ਦਾ ਟੂਰ



ਬਰੈਂਪਟਨ, (ਡਾ. ਝੰਡ) -ਕਰੋਨਾ ਦੇ ਕਾਰਨ ਪਿਛਲੇ ਲੱਗਭੱਗ ਡੇਢ ਸਾਲ ਤੋਂ ਘਰਾਂ ਵਿਚ ਬੰਦ ਰਹਿਣ ਤੋਂ ਬਾਅਦ ਟ੍ਰਿੱਪਲ ਕਰਾਊਨ ਸੀਨੀਅਰਜ਼ ਕਲੱਬ ਦੇ ਮੈਂਬਰਾਂ ਨੇ ਓਦੋਂ ਕਾਫ਼ੀ ਰਾਹਤ ਮਹਿਸੂਸ ਕੀਤੀ ਜਦੋਂ ਕੋਵਿਡ-19 ਦੀਆਂ ਬੰਦਸ਼ਾਂ ਵਿਚ ਕੁਝ ਢਿੱਲ ਮਿਲਣ 'ਤੇ ਇਸ ਕਲੱਬ ਦੇ ਪ੍ਰਬੰਧਕਾਂ ਵੱਲੋਂ ਉਨ੍ਹਾਂ ਨੂੰ ਬਲੱਫ਼ਰਜ਼ ਪਾਰਕ ਦੇ ਟੂਰ 'ਤੇ ਲਿਜਾਣ ਦਾ ਫ਼ੈਸਲਾ ਕੀਤਾ ਗਿਆ। ਸੀਨੀਅਰਾਂ ਵਿਚ ਹੋ ਰਹੀ ਇਸ ਹਿੱਲਜੁਲ ਵਿਚ ਹੋਰ ਵੀ ਵਾਧਾ ਹੋ ਗਿਆ ਜਦੋਂ ਬਰੈਂਪਟਨ ਦੇ ਵਾਰਡ ਨੰਬਰ 7 ਅਤੇ 8 ਦੇ ਰੀਜਨਲ ਕਾਊਂਸਲਰ ਪੈਟ ਫ਼ੋਰਟਿਨੀ ਵੱਲੋਂ ਵਾਰਡ ਦੀ ਹਰੇਕ ਸੀਨੀਅਰ ਕਲੱਬ ਨੂੰ ਆਪਣੇ ਮੈਂਬਰਾਂ ਨੂੰ ਟੂਰ 'ਤੇ ਲਿਜਾਣ ਲਈ 500 ਡਾਲਰ ਦੀ ਸਹਾਇਤਾ ਰਾਸ਼ੀ ਜਾਰੀ ਕਰ ਦਿੱਤੀ ਗਈ।

ਮੀਂਹ ਕਾਰਣ ਨਿਆਗਰਾ ਫ਼ਾਲਜ਼ ਲਿਜਾਣ ਦਾ ਪ੍ਰੋਗਰਾਮ ਕੈਂਸਲ ਕਰਕੇ ਕਲੱਬ ਦੇ ਪ੍ਰਬੰਧਕਾਂ ਨੇ ਇਹ ਟੂਰ ਬਲੱਫ਼ਰਜ਼ ਪਾਰਕ ਲਿਜਾਣ ਦਾ ਫ਼ੈਸਲਾ ਕਰ ਲਿਆ ਜਿਸ ਦਾ ਸਾਰੇ ਮੈਂਬਰਾਂ ਵੱਲੋਂ ਸੁਆਗਤ ਕੀਤਾ ਗਿਆ। ਸਵੇਰੇ ਸਾਢੇ ਨੌਂ ਵਜੇ ਸਾਰੇ ਮੈਂਬਰ ਜੈਕਾਰਿਆਂ ਦੀ ਗੂੰਜ ਵਿਚ ਮੰਜ਼ਲ ਵੱਲ ਰਵਾਨਗੀ ਕਰ ਦਿੱਤੀ ਗਈ।


ਲੱਗਭੱਗ ਡੇਢ ਘੰਟੇ ਦੇ ਸਫ਼ਰ ਪਿੱਛੋਂ ਆਪਣੀ ਮੰਜ਼ਲ 'ਤੇ ਪਹੁੰਚ ਗਏ। ਰੁਕ-ਰੁਕ ਕੇ ਥੋੜ੍ਹੀ-ਥੋੜ੍ਹੀ ਬਾਰਸ਼ ਵੀ ਹੋ ਰਹੀ ਸੀ। ਲੱਗਭੱਗ ਢਾਈ ਘੰਟੇ ਦੀ ਲੰਮੀ ਸੈਰ ਤੋਂ ਬਾਅਦ ਸਾਰਿਆਂ ਨੇ ਦੁਪਹਿਰ ਦਾ ਭੋਜਨ ਮਿਲ ਕੇ ਛਕਿਆ। ਕੁਝ ਮੈਂਬਰਾਂ ਨੇ ਕਵਿਤਾਵਾਂ, ਗੀਤਾਂ ਅਤੇ ਗੱਲਾਂ-ਬਾਤਾਂ ਦੇ ਰੂਪ ਵਿਚ ਆਪਣੇ ਵਿਚਾਰ ਸਾਂਝੇ ਕੀਤੇ। ਕਲੱਬ ਦੇ ਖ਼ਜ਼ਾਨਚੀ ਮੁਖਤਾਰ ਸਿੰਘ ਸੰਧਾ ਅਤੇ ਮੀਤ-ਪ੍ਰਧਾਨ ਮਨਜੀਤ ਸਿੰਘ ਬੋਇਲ ਨੇ ਇਸ ਟੂਰ ਨੂੰ ਸਫ਼ਲ ਬਨਾਉਣ ਵਿਚ ਵੱਡਾ ਯੋਗਦਾਨ ਪਾਇਆ।

ਇਸ ਦੌਰਾ ਚਾਰ ਵਜੇ ਵਾਪਸੀ ਸਫ਼ਰ ਸ਼ੁਰੂ ਕਰ ਦਿੱਤਾ ਗਿਆ। ਕਲੱਬ ਦੇ ਪ੍ਰਧਾਨ ਪ੍ਰੋ. ਨਿਰਮਲ ਸਿੰਘ ਧਾਰਨੀ ਅਤੇ ਉਨ੍ਹਾਂ ਦੇ ਸਹਿਯੋਗੀ ਸਾਥੀਆਂ ਦਾ ਧੰਨਵਾਦ ਕੀਤਾ ਗਿਆ।

Visions of Punjab



VISION ZOOMERTV
Airs Across Canada
Every Saturday
1:00 pm to 1:30 pm EST
10:00 am to 10:30 am PST
Mahal Entertainment Inc.
Cell:416-587-5520
Email: iqbalmahal46@gmail.com



Natasha Mahal
Co-Host
Iqbal Mahal
Producer & Host
Serving the South Asian Community Since 1976

jobs! jobs! jobs! jobs! jobs!
DUNDAS·JAFINE
HELP WANTED
ਕਾਮਿਆਂ ਦੀ ਲੋੜ
ਜਨਰਲ ਲੇਬਰ ਦਾ ਕੰਮ ਉਪਲੱਬਧ ਹੈ
ਬਰੈਂਪਟਨ ਦੇ ਇਲਾਕੇ ਡੰਡਾਸ ਜੈਫਿਨ, Air Distribution Products ਦੀ Leading Manufacture company HVAC Industry ਲਈ ਫੁੱਲ ਟਾਈਮ ਪੋਜੀਸ਼ਨ ਉਪਲੱਬਧ ਹੈ।
Afternoon and Midnight Shifts Available.
ਕਾਮਿਆਂ ਨੂੰ ਹੇਠ ਲਿਖੇ ਕਾਰਨ ਵਿੱਚ ਸਮਰੱਥ ਹੋਣਾ ਜਰੂਰੀ ਹੈ:
* ਸੁਤੰਤਰ ਤੌਰ ਤੇ ਕੰਮ ਕਰੋ * 20Lbs ਤੱਕ ਭਾਰ ਚੁੱਕ ਸਕਣ
* ਆਪਣੇ Safety Shoes ਹੋਣੇ ਚਾਹੀ ਦੇ ਹਨ
ਅਪਲਾਈ ਕਰਨ ਲਈ ਆਪ ਪਹੁੰਚੋ:
80 West Drive, Brampton
Apply In Person to complete application in the Shipping Department

ਪ੍ਰਾਪਰਟੀ ਖਰੀਦਣ ਜਾਂ ਵੇਚਣ ਲਈ 31 ਸਾਲਾ ਤਜਰਬੇ ਵਾਲੇ
ਅਵਤਾਰ ਸਿੰਘ ਟਿਵਾਣਾ

- Free Evaluation of your Property
- Special Packages for First Time Buyer
- Arrangement of Low Mortgage rate Lawyer
- Arrangement of Home Inspection

Avtar Singh Tiwana
Sales Representative



Tel: 905.793.5777 416.802.5866
31 Melanie Dr. Unit #4 Brampton, ON L6T 5H8




$1,399,999
CASTLEMORE/GOREWAY
ਬਰੈਂਪਟਨ ਵਿਚ ਬਹੁਤ ਹੀ ਸੋਹਣਾ ਅਤੇ ਸਾਫ਼ ਸੁਥਰਾ 3500-5000 ਵਰਗ ਦਾ 4 ਬੈੱਡਰੂਮ ਅਤੇ 5 ਵਾਸ਼ਰੂਮ ਦਾ ਘਰ, ਫਿਨਿਸ਼ਡ ਬੇਸਮੈਂਟ ਵਿਚ ਕਿਚਨ ਅਤੇ ਸੈਪਰੇਟ ਐਂਟਰੇਂਸ, ਮੇਨ ਫਲੋਰ 'ਤੇ 9 ਫੁੱਟ ਦੀ ਸੀਲਿੰਗ,ਫਾਰਮਲ ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ, ਮੇਨ ਫਲੋਰ ਤੇ ਡੇਨ, ਅਪਗ੍ਰੇਡ ਕਿਚਨ ਅਤੇ ਗਰੇਨਾਈਟ ਕਾਊਂਟਰ ਟਾਪ, 2 ਫਰਿਜ, 2 ਸਟੋਵ, 1 ਡਿਸ਼ਵਾਸ਼ਰ, ਕੱਪੜੇ ਧੋਣ ਲਈ ਮੇਨ ਫਲੋਰ 'ਤੇ ਵਾਸ਼ਰ ਅਤੇ ਡਰਾਈਅਰ, 4 ਕਾਰ ਪਾਰਕਿੰਗ ਨਾਲ ਡਬਲ ਡੋਰ ਗਰਾਜ। ਸਾਰੀਆਂ ਸਹੂਲਤਾਂ ਦੇ ਨੇੜੇ





$1,749,900
8337 ਗਲਫ ਲਾਈਨ
401 & ਗਲਫ ਲਾਈਨ ਏਰੀਆ ਵਿਚ 2.61 ਏਕੜ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 2 ਬੈਡਰੂਮ, 1 ਵਾਸ਼ਰੂਮ ਹੈ। ਆਪਣਾ ਮਨਪਸੰਦ ਦਾ ਕਸਟਮ ਡਰੀਮ ਹਾਊਸ ਬਣਾਉਣ ਲਈ ਪਰਮਿਟ ਅਪਰੂਵਡ। ਹਾਈਵੇ 410 ਅਤੇ ਟਾਊਨ ਆਫ ਮਿਲਟਨ ਦੇ ਨਜ਼ਦੀਕ। ਏਅਰਪੋਰਟ ਤੋਂ ਕੁਝ ਹੀ ਮਿੰਟਾਂ ਦੀ ਦੂਰੀ ਉਤੇ। ਹੋਰ ਜਿਆਦਾ ਜਾਣਕਾਰੀ ਲਈ ਕਾਲ ਕਰੋ: 416-802-5866




$1,950,000
26 Yellow RomeRd
ਕੈਸਲਮੋਰ/ਗੋਰਵੇ
ਕੈਸਲਮੋਰ/ਗੋਰਵੇ ਦੇ ਏਰੀਆ ਵਿਚ ਬਹੁਤ ਹੀ ਸੁੰਦਰ ਫੁਲੀ ਅਪਗ੍ਰੇਡਡ ਘਰ। 4 ਬੈਡਰੂਮ ਵਿਦ ਇਨਸੂਟ ਅਤੇ ਵਾਕਇਨ ਕਲਾਜਿਟ, ਮਾਡਰਨ ਕਿਚਨ ਗ੍ਰੇਨਾਈਟ ਕਊਂਟਰ ਟਾਪ ਦੇ ਨਾਲ। 2 ਬੈਡਰੂਮਜ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੇਂਸ, 6 ਵਾਸ਼ਰੂਮ, 2 ਫਰਿੱਜ, 2 ਸਟੋਵ, ਦੂਸਰੀ ਮੰਜ਼ਲ ਉਤੇ ਲਾਉਂਡਰੀ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ



# Dr. Randhawa Dentistry



*Your own dentist who really cares for you*

We Provide the following Services:
- Dental Crowns, Veneers & Bridges
- Dental Fillings & Gum Treatment
- Root Canal (RCT), Dentures, Extraction
- Kids Dentistry
- Wisdom Tooth Surgery
- Invisalign (Invisible Braces)
- Digital X-Rays System
- Teeth Cleaning & Whitening
- Cosmetic Dental Treatment

Dr. Samreet Kaur Randhawa
General Family Dentist

New Patients welcome
Deal Directly with all Insurance Companies


- ਸੀਨੀਅਰ ਡਿਸਕਾਊਂਟ
- ਅਸੀਂ ਤੁਹਾਡੀ ਭਾਸ਼ਾ ਬੋਲਦੇ ਹਾਂ
- ਐਮਰਜੈਂਸੀ ਅਤੇ ਵਾਕ ਇਨ ਸੇਵਾਵਾਂ

NEW LOCATION
10 SQUIRE ELLIS DR, UNIT 5-6
BRAMPTON, ON L6P 4K6
(MAJOR INTERSECTION: GORE RD/MAYFIELD)
Tel :905-794-5111

INVISALIGN & BRACES INCLUDING CLEAR BRACES
Invisible Braces ਜਿਹੜੀਆਂ ਕਿ ਦੂਰੋਂ ਨਜ਼ਰ ਨਹੀਂ ਆਉਂਦੀਆਂ
Show Your Smile More With Invisible Braces!



FIRST LOCATION
DENTISTRY @ BONNIE BRAES
50 CHESTERWOOD CRES, UNIT 2
BRAMPTON, ON L6Y 0Z4
(OPP. CHRUCHVILLE PUBLIC SCHOOL, JAMES POTTER / BONNIE BRAES INTERSECTION)
Tel : 905-230-9044






Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ



ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post


# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202



Matrimonial
ਰਿਸ਼ਤੇ ਹੀ ਰਿਸ਼ਤੇ
Starting at just $10
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202


WWW.KULWINDERCHHINA.COM



KULWINDER CHHINA
BROKER
647.293.2327



STARLANE PAINTING
Residential ▪ Commercial ▪ Industrial
- Hotel • Motel • Exterior
- Interior • Spray Painting
- Office Painting • Drywall Fixing

ਘਰ ਹੋਵੇ ਜਾਂ ਹੋਵੇ ਦੁਕਾਨ ਅਸੀ ਵਧਾਈਏ ਰੰਗਾਂ ਨਾਲ ਉਸ ਦੀ ਸ਼ਾਨ
7 Days A Week
Call For FREE Estimate
ਹਰ ਤਰ੍ਹਾਂ ਦੀ ਵਧੀਆਂ ਪੇਂਟਿੰਗ ਲਈ 20 ਸਾਲਾਂ ਤੋਂ ਵੀ ਵੱਧ ਤਜਰਬੇਕਾਰ ਹਰਜੀਤ ਨੂੰ ਕਾਲ ਕਰੋ



ਹਰਜੀਤ ਘਨੋਆ
416.230.4000 • 647.409.1092
www.STARLANEPAINTING.com



ਫੋਨਾਂ ਦੇ ਸਸਤੇ ਪਲਾਨ ਗਾਂਰੰਟਿਡ
ਸਸਤੇ ਫੋਨਾਂ ਦੇ ਪਲਾਨ, ਕਿ ਸੁਣ ਕੇ ਹੋ ਜਾਉਗੇ ਹੈਰਾਨ,
ਇਕ ਵਾਰੀ ਅਜਮਾਓ ਤੇ ਫਿਰ ਹੋਰਾਂ ਨੂੰ ਵੀ ਲਿਆਓ
20 ਸਾਲਾਂ ਤੋਂ ਇਕੋ ਨਾਮ-ਇਕੋ ਦੁਕਾਨ
(905)790-9999
2565 Steeles Ave. E, Brampton (Steeles/Torbram)


## ਲੜਕੀ ਦੀ ਲੋੜ

ਸਰਾ ਪਰਿਵਾਰ ਦਾ ਲੜਕਾ, ਉਮਰ 33 ਸਾਲ, ਕੱਦ 5 ਫੁੱਟ 10 ਇੰਚ, ਬੀਬੀਏ ਕੀਤੀ ਹੋਈ ਹੈ, ਵਰਤਮਾਨ ਵਿਚ ਭਾਰਤ ਵਿਚ ਬਿਜ਼ਨਸ ਕਰ ਰਿਹਾ ਹੈ ਤੇ ਭਵਿੱਖ ਵਿਚ ਕੈਨੇਡਾ ਵਿਚ ਟਰਾਂਸਪੋਰਟੇਸ਼ਨ ਦਾ ਬਿਜ਼ਨਸ ਖੋਲ੍ਹਣ ਜਾ ਰਿਹਾ ਹੈ, ਲਈ ਸੁੰਦਰ ਸੁਸ਼ੀਲ ਲੜਕੀ ਦੀ ਲੋੜ ਹੈ। ਸੰਪਰਕ: 437-332-8422,
ਈ ਮੇਲ puneetasra17october@gmail.com

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

Beautiful match, below 35yrs, for smart JatSikh boy, Canada PR, 39/5-11" BE/MBA, Highly paid job, R/U property in Canada/India, issueless divorcee, caste no bar, respond only with pics & details. **Whatsapp +16474968844 Email : matchjatt2018@gmail.com**

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਅੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5''8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

Sikh Ramgarhiya family seeking match for their son 29 years, 6ft. Masters in Computer Science, working as a Software developer in a US based company. Boy is a PR and well settled in Canada. Preference will be given to someone already in Canada. Please contact +1-613-769-2680 or +91-97799-21292.

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9'', ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ। ਸੰਪਰਕ: 437-223-2664

ਕੈਨੇਡਾ ਵਿਚ ਵੈੱਲ ਸੈਟਲਡ ਪੀ.ਆਰ. ਲੜਕਾ, ਟਰੱਕਿੰਗ ਇੰਡਸਟਰੀ ਵਿਚ ਵਧੀਆ ਨੌਕਰੀ ਕਰ ਰਿਹਾ, ਉਮਰ 30 ਸਾਲ, ਕੱਦ 5'9'' ਲਈ ਕੈਨੇਡੀਅਨ ਪੀ.ਆਰ./ਸਿਟੀਜਨ, ਵਰਕ ਪਰਮਿਟ ਜਾਂ ਆਪਣੇ ਪਰਿਵਾਰ ਨਾਲ ਰਹਿ ਰਹੀ ਲੜਕੀ ਦੀ ਲੋੜ ਹੈ। ਲੜਕੇ ਦੀ ਭੈਣ ਕੈਨੇਡਾ ਵਿਚ ਆਪਣੇ ਪਰਿਵਾਰ ਨਾਲ ਰਹਿੰਦੀ ਹੈ। ਸੰਪਰਕ: 647-608-4013

## ਲੜਕੀ ਦੀ ਲੋੜ

ਜੱਟ ਸਿੱਖ ਲੜਕਾ, 29, ਕੱਦ 5 ਫੁੱਟ, 9 ਇੰਚ, ਅਮਰੀਕਾ ਜੰਮਪਲ, ਸਾਰਾ ਪਰਿਵਾਰ ਵੈਲ ਸੈਟਲਡ, Residency doctor ਕਰ ਰਹੇ ਲੜਕੇ ਲਈ ਅਮਰੀਕਨ ਜਾਂ ਕੈਨੇਡੀਅਨ ਜੰਮਪਲ ਲੜਕੀ ਦੀ ਲੋੜ ਹੈ। ਸੰਪਰਕ:+12627165859, email: karan2@sbcglobal.net

ਸਿੱਖ ਅਰੋੜਾ ਲੜਕਾ, ਇਸ ਸਮੇਂ ਵਿਜ਼ਿਟਰ ਵੀਜ਼ੇ 'ਤੇ ਕੈਨੇਡਾ ਵਿਚ, ਯੋਗ ਕੰਨਿਆ ਦੀ ਜ਼ਰੂਰਤ ਹੈ। ਲੜਕੇ ਦੀ ਭੈਣ ਕੈਨੇਡਾ ਦੀ ਪੀ.ਆਰ. ਹੈ। ਪੰਜਾਬ ਵਿਚ ਚੰਗੀ ਜ਼ਮੀਨ ਅਤੇ ਬਿਜ਼ਨਸ ਹੈ। ਪਹਿਲੀ ਪਤਨੀ ਦੀ ਮੌਤ ਹੋ ਚੁੱਕੀ ਹੈ ਅਤੇ ਉਸ ਦਾ ਦੋ ਸਾਲ ਦਾ ਬੇਟਾ ਵੀ ਹੈ। ਜਾਤੀ ਬੰਧਨ ਨਹੀਂ। ਲੜਕੀ ਕੈਨੇਡਾ ਦੀ ਪੀ.ਆਰ. ਜਾਂ ਸਿਟੀਜਨ ਹੋਵੇ। ਸੰਪਰਕ: 647-625-5706

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at

ਜੱਟ ਸਿੱਖ ਲੜਕਾ ਉਮਰ 35 ਸਾਲ ਕੱਦ 5'11'' ਕਨੇਡੀਅਨ ਜਮ-ਪਲ, ਗੌਰਮਿੰਟ ਨੌਕਰੀ ਕਰਦਾ ਹੈ, ਦੇ ਵਾਸਤੇ ਲੜਕੀ ਦੀ ਲੋੜ ਹੈ। ਲੜਕੀ ਸਿੱਖ ਪਰਵਾਰ ਦੀ ਹੋਵੇ ਕੋਈ ਜਾਤ ਪਾਤ ਨਹੀਂ, ਲੜਕੀ ਪੀਆਰ ਜਾਂ ਸਟੂਡੈਂਟ ਹੋਵੇ ਤਾਂ ਵੀ ਵਿਚਾਰ ਕੀਤੀ ਜਾ ਸਕਦੀ ਹੈ। ਵਧੇਰੇ ਜਾਣਕਾਰੀ ਲਈ ਸੰਪਰਕ ਕਰੋ: (647)297-6661


Check our Free E-paper at:
www.canadianpunjabipost.ca
ਵਿਆਹ ਸ਼ਾਦੀ ਦਾ ਇਸ਼ਤਿਹਾਰ ਦੇਣ ਲਈ
ਕਾਲ ਕਰੋ: 905-793-2202
ਪੰਜਾਬੀ ਪੋਸਟ


## ਲੜਕੇ ਦੀ ਲੋੜ

ਜੱਟ ਸਿੱਖ ਗਿੱਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿੱਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2'' ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664

ਜੱਟ ਸਿੱਖ ਲੜਕੀ, ਉਮਰ 33 ਸਾਲ, ਕੱਦ 5 ਫੁੱਟ 4 ਇੰਚ, ਇੰਡੀਆ ਤੋਂ MBA ਅਤੇ ਕੈਨੇਡਾ ਤੋਂ Marketing Management, Food Media ਦੀ ਪੜ੍ਹਾਈ ਕੀਤੀ ਹੋਈ ਹੈ। ਇੱਥੇ Health Care Screener ਦੇ ਤੌਰ 'ਤੇ ਕੰਮ ਕਰਦੀ ਹੈ, ਲਈ ਕੈਨੇਡੀਅਨ ਜਾਂ ਅਮਰੀਕਨ PR/Citizen ਲੜਕੇ ਦੀ ਲੋੜ ਹੈ। ਸੰਪਰਕ: 437-332-8422 E-mail : puneetasra17october@gmail.com

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com


A/Z CITY DRIVER WANTED
INNOVATION Transportation
- A/Z City Drivers Needed
- Good Pay and good Mileage
- Day, Afternoon & Weekend Shifts
- Weekly Pay

$22 /Hour
7 Days Work • All Shifts Available
Toronto ਤੇ Montreal ਲਈ ਵੀ ਡਰਾਇਵਰਾਂ ਦੀ ਲੋੜ ਹੈ
Call : 416- 268-9952
70 Delta Park Blvd, Unit # 4, Brampton



A-One Drivers
TRAINING SCHOOL
G2, G ਦੀ ਹਿੰਦੀ, ਪੰਜਾਬੀ ਉਰਦੂ, ਅੰਗਰੇਜੀ ਭਾਸ਼ਾਵਾਂ ਦੇ ਵਿੱਚ ਪ੍ਰੋਫੈਸ਼ਨਲ ਤਰੀਕੇ ਨਾਲ ਟਰੇਨਿੰਗ ਦਿੱਤੀ ਜਾਂਦੀ ਹੈ
ਨਰਵਸ ਡਰਾਈਵਰ ਹੋ ਜਾਂ ਬਾਰ ਬਾਰ ਫੇਲ ਹੋਣ ਤੋਂ ਬਚਣ ਲਈ ਕਾਲ ਕਰ ਸਕਦੇ ਹੋ
- ਮੁਫਤ ਪਿਕਅਪ ਅਤੇ ਡਰਾਪ ਆਫ਼
- ਫੁੱਲ ਕੋਰਸ ਨਾਲ ਇੰਸ਼ੋਰੈਂਸ ਡਿਸਕਾਊਂਟ ਸਰਟੀਫਿਕੇਟ
- ਬਰੈਂਪਟਨ, ਮਿਸੀਸਾਗਾ ਦੇ ਇਲਾਕੇ ਵਿੱਚ ਸੇਵਾਵਾਂ
- ਵਾਜਿਬ ਕੀਮਤ

ਫਰੀ ਪਿਕਅਪ
Best Rates For Lessons



ਲੇਡੀ ਇੰਸਟ੍ਰਕਟਰ
647-998-7500 ਬਲਵਿੰਦਰ



You can Place Your Business Here
(905)793-2202
To Reach Wider Audience



For more info Call 905-793-2202 or e-mail ads@punjabipost.ca



WORK MATCH INC.
ਲੈਂਡਸਕੇਪ ਕਾਮਿਆਂ ਦੀ ਲੋੜ
ਫੁਲਟਾਈਮ, ਪਰਮਾਨੈਂਟ ਕਾਮਿਆਂ ਦੀ ਲੋੜ
- ਡਰਾਈਵਿੰਗ ਲਾਈਸੈਂਸ ਹੋਣਾ ਚਾਹੀਦਾ ਹੈ।
- ਕੰਮ ਕਰਨ ਦਾ ਥੋੜ੍ਹਾ-ਬਹੁਤ ਤਜਰਬਾ ਹੋਵੇ।
- ਤਨਖਾਹ 15.50 ਤੋਂ 16.50 ਡਾਲਰ ਪ੍ਰਤੀ ਘੰਟਾ ਦਿੱਤੀ ਜਾਵੇਗੀ।



ਹੁਣੇ ਅਪਲਾਈ ਕਰੋ: +1(416) 473-9677
info@worksmatch.com
www.worksmatch.com






Chapel Ridge
FUNERAL HOME
& CREMATION CENTRE

ਭਾਰਤੀ, ਪੰਜਾਬੀ ਅਤੇ ਸਿੱਖ ਭਾਈਚਾਰੇ ਲਈ ਮਾਰਖਮ, ਰਿਚਮੰਡ ਹਿੱਲ ਅਤੇ ਸਕਾਰਬਰੋਅ ਅਤੇ ਆਸ ਪਾਸ ਇਲਾਕਿਆਂ ਲਈ ਵਧੀਆ ਅਧੁਨਿਕ ਸੇਵਾਵਾਂ ਅਤ ਵਾਜਬ ਕੀਮਤ ਤੇ ਫਿਊਨਰਲ ਸਰਵਿਸ ਦੀਆਂ ਸੇਵਾਵਾਂ ਲੈਣ ਲਈ ਸੰਪਰਕ ਕਰੋ

- ਅਸੀਂ ਪਿਛਲੇ 20 ਸਾਲ ਤੋਂ ਸਿੱਖ ਭਾਈਚਾਰੇ ਲਈ ਅੰਤਿਮ ਸੰਸਕਾਰ ਦੀ ਸਹੂਲਤ
- ਅੰਤਿਮ ਸੰਸਕਾਰ ਸੇਵਾਵਾਂ ਸਿੱਖ ਮਰਿਯਾਦਾ ਅਨੁਸਾਰ ਕੀਤੀਆਂ ਜਾਂਦੀਆਂ ਹਨ
- ਭਾਈਚਾਰੇ ਦੀ ਸਹੂਲਤ ਲਈ ਮਿਸੀਸਾਗਾ ਵਿੱਚ ਸ਼ਮਸ਼ਾਨ ਘਾਟ ਦੇ ਨਾਲ ਧਾਰਮਿਕ ਸੰਸਕਾਰਾਂ ਲਈ ਵਿਸ਼ਾਲ ਹਾਲ



2 ਘੰਟੇ ਦੇ ਲਈ ਵਿਸ਼ੇਸ਼ ਪੈਕੇਜ ਸਿਰਫ $4270 ਵਿੱਚ

[ ਜਿਸ ਵਿੱਚ ਕੈਸਕੇਟ (ਕਫ਼ਣ ਦਾ ਸਮਾਨ ਤੇ ਬੌਕਸ) ਸਾਰੇ ਲੋੜੀਂਦੇ ਦਾਸਤਵੇਜ਼ (ਡੈਥ ਸਰਟੀਫਿਕੇਟ) ਸਟਾਫ ਸਹੂਲਤ / ਵਾਹਨ ਫੀਸ / ਸਸਕਾਰ ਦੀ ਫੀਸ / ਗਵਾਹੀ ਫੀਸ, ਸਰਕਾਰੀ ਫੀਸ ਅਤੇ ਹੋਰ ਨਯਿਮਤਿ ਫੀਸਾਂ ਸ਼ਾਮਲ ਹਨ ]




ਸਰਕਾਰੀ ਲਾਇਸੈਂਸਸ਼ੁਦਾ ਫਿਊਨਰਲ ਹੋਮ
ਡਰਾਇਕਟਰ (ਨਿਰਦੇਸ਼ਕ) :ਸ: ਹਰਜਿੰਦਰ ਸਿੰਘ ਬਿਲਖੂ
647-966-0093
ਅਸੀਂ ਪੰਜਾਬੀ, ਹਿੰਦੀ, ਗੁਜਰਾਤੀ, ਉਰਦੂ ਅਤੇ ਸਵਾਹਿਲੀ ਭਾਸ਼ਵਾਂ ਬੋਲਦੇ ਹਾਂ
8911 Woodbine Ave., Markham (ਸਿਰਫ ਹਾਈਵੇ 7 ਤੋਂ 4 ਬਲਾਕ ਦੀ ਦੂਰੀ ਤ)
info@chapelridge fh.com • www.chapelridgefh.com



Other Realtors only Promise
But JAG AUJLA SOLD YOUR HOME WITH GUARANTEE
Advertisement GUARANTEED Till SOLD
Top 1% Broker
Call For a Quick & Free Home Evaluation
www.BramptonQuickHomeEvaluation.com

JAG AUJLA
REAL ESTATE BROKER
DIR: 416-371-7777
j.aujla@rogers.com www.jagaujla.com
RE/MAX Realty Specialist Inc., Brokerage (Independently Owned and Operated) Off: 905-456-3232
www.BramptonTopRelator.com

ਘਰਾਂ ਦੀਆਂ ਨਵੀਆਂ ਲਿਸਟਿੰਗਾਂ (Listings) ਦੀ ਬਹੁਤ ਲੋੜ ਹੈ




ਕੈਨੇਡੀ / ਦੂੱਗਲ

ਬਰੈਂਡ ਨੀਊ ਘਰ ਸੈਲ ਲਈ ਉਪਲਬੱਧ ਹੈ। ਲਗਭਗ 2800 ਸੁਕੇਅਰ ਫੁੱਟ ਏਰੀਆ ਅਤੇ 42 ਫੀਟ ਵਾਈਡ ਕਾਰਨਰ ਲਾਟ ਹੈ ਜਿਸ ਵਿੱਚ 4 ਬੈਡਰਮ ਅਤੇ 4 ਵਾਸ਼ਰੂਮ ਹਨ। ਮੇਨ ਫਲੋਰ 10 ਫੁੱਟ ਸਿਲਿੰਗ। ਡਾਇਨੀਂਗ ਰੂਮ ਉਪਰ ਨੂੰ ਖੁੱਲਾ ਹੈ ਅਤੇ 19 ਫੁੱਟ ਹਾਈ ਸਿਲਿੰਗ ਹੈ। ਹਾਰਡਵੁਡ ਫਲੋਰ, ਓਕ ਸਟਰੇਅਰਜ਼। ਅਪਗ੍ਰੇਡੇਡ ਕਿਚਨ ਅਤੇ ਕੁਆਰਟਜ਼ ਕਾਊਂਟਰ ਟਾਪ। ਮੈਨ ਫਲੋਰ ਲਾਂਡਰੀ ਹੈ।
ਵਧੇਰੀ ਜਾਣਕਾਰੀ ਲਈ ਜੇਗ ਔਜਲਾ ਨਾਲ 416-371-7777 ਤੇ ਸੰਪਰਕ ਕਰ ਸਕਦੇ ਹੋ।




$1,999,905 ਕੈਸਲਮੋਰ/ਗੋਰਵੇ

ਕੈਸਲਮੋਰ/ਗੋਰਵੇ ਦੇ ਏਰੀਆ ਵਿਚ 4551 ਸਕੇਅਰ ਫੁੱਟ, 60 ਫੁਟ ਦੀ ਲਾਟ ਵਿਚ ਬਣਿਆ ਬਹੁਤ ਹੀ ਸੁੰਦਰ ਘਰ। ਜਿਸ ਵਿਚ 5 ਬੈਡਰੂਮ, 5 ਵਾਸ਼ਰੂਮ, ਇਕ ਆਫਿਸ,ਅਪਗ੍ਰੇਡਡ ਕਿਚਨ ਵਿਦ ਕਾਊਂਟਰ ਟਾਪ, 3 ਬੈਡਰੂਮ ਦੀ ਫਿਨਿਸ਼ਡ ਬੇਸਮੈਂਟ ਵਿਦ ਸੈਪਰੇਟ ਐਂਟਰੈਂਸ ਹੈ। 9 ਫੁੱਟ ਦੀ ਸੀਲਿੰਗ, ਮੇਨ ਫਲੋਰ ਉਤੇ ਹਾਰਡਵੁੱਡ, ਸਟੇਨਡ ਓਕ ਸਟੇਅਰਕੇਸ, ਡਬਲ ਡੋਰ ਐਂਟਰੀ। ਦੂਸਰੀ ਮੰਜ਼ਲ ਉਤੇ ਲਾਊਂਡਰੀ। ਘਰ ਦੇ ਅੱਗੇ ਕੋਈ ਸਾਈਡ ਵਾਕ ਨਹੀਂ ਅਤੇ ਹੋਰ ਵੀ ਬਹੁਤ ਸਾਰੀਆਂ ਸਹੂਲਤਾਂ ਦੇ ਨਾਲ।




$ 1,199,905 Bramlea Rd./Bovaird Dr.

2600 ਸਕੇਅਰ ਫੁੱਟ ਦਾ 45 ਫੁੱਟ ਦੀ ਲਾਟ ਦਾ ਡੀਟੈਚਡ ਘਰ, ਡਬਲ ਡੋਰ ਐਂਟਰੀ, 4 ਬੈੱਡਰੂਮ, 3 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, 2 ਲਾਂਡਰੀ, ਅਪਗ੍ਰੇਡਡ ਕਿਚਨ, ਅਪਗ੍ਰੇਡਡ ਰੂਫ ਅਤੇ ਵੁੱਡ ਫਲੋਰ ਤੇ ਹੋਰ ਸਾਰੀਆਂ ਸਹੂਲਤਾਂ ਦੇ ਨਜ਼ਦੀਕ।
ਜਿਆਦਾ ਜਾਣਕਾਰੀ ਲਈ ਸੰਪਰਕ ਕਰੋ: 416-371-7777




$749,905
William /Vodden /Main
3 ਬੈਡਰੂਮ, 2 ਵਾਸ਼ਰੂਮ ਦਾ ਬਹੁਤ ਸੋਹਣਾ ਘਰ, ਜਿਸ ਵਿਚ 2 ਬੈਡਰੂਮਜ਼ ਦੀ ਫਿਨਿਸ਼ਡ ਬੇਸਮੈਂਟ ਸੈਪਰੇਟ ਐਂਟਰੈਂਸ ਨਾਲ, ਪਿਛਲੇ ਸਾਲ ਹੀ ਸਾਰਾ ਘਰ ਅਪਗ੍ਰੇਡ ਕੀਤਾ ਗਿਆ ਹੈ। ਸਕੂਲ, ਪਲਾਜ਼ਾ ਅਤੇ ਬੱਸ ਸਟਾਪ ਤੋਂ ਕੁੱਝ ਹੀ ਮਿੰਟਾਂ ਦੀ ਦੂਰੀ ਹੈ ਅਤੇ ਹੋਰ ਬਹੁਤ ਸਾਰੀਆਂ ਸਹੂਲਤਾਂ ਦੇ ਨੇੜੇ।




34 Winterfold Dr
CREDITVIEW & BOVAIRD (MOUNT PLEASANT)
ਖੁੱਲ੍ਹਾ ਅਤੇ ਸ਼ਾਨਦਾਰ 2 ਮੇਨ ਐਂਟਰੈਂਸ ਵਾਲਾ ਘਰ, ਡਬਲ ਕਾਰ ਗਰਾਜ, ਓਪਨ ਕੰਸੈਪਟ ਕਿਚਨ ਬੈਕਸਪਲੈਸ ਦੇ ਨਾਲ, ਖੁੱਲ੍ਹਾ ਮਾਸਟਰ ਬੈੱਡਰੂਮ ਇਨਸੁਟ ਵਾਸ਼ਰੂਮ ਅਤੇ ਵਾਕਇਨ ਕਲਾਜ਼ਿਟ ਦੇ ਨਾਲ। 2 ਬੈੱਡਰੂਮ ਦੀ ਫਿਨਿਸ਼ਡ ਬੇਸਮੈਂਟ, ਖੁੱਲ੍ਹਾ ਡੁੱਲ੍ਹਾ ਬੈਕਯਾਰਡ। ਘਰ 2 ਵੱਖ-ਵੱਖ ਪਰਿਵਾਰਾਂ ਨੂੰ ਕਿਰਾਏ ਉਤੇ ਦਿੱਤਾ ਜਾ ਸਕਦਾ ਹੈ।




Orangeville Ontario L9W3X5
Orangeville Dufferin ਦੇ ਏਰੀਆ ਵਿਚ 5780 ਸਕੇਅਰ ਫੁਟ ਦਾ ਆਟੋ ਬਾਡੀ ਸ਼ਾਪ 1 ਏਕੜ ਦੀ ਜਗ੍ਹਾ, 3 ਗਰਾਜ ਡੋਰ 15 ਫੁੱਟ ਉਚਾਈ, 4 ਵਾਸ਼ਰੂਮ, 100 + ਕਾਰ ਪਾਰਕਿੰਗ, ਅਗਲੇ ਹਿੱਸੇ ਵਿਚ ਆਟੋ ਬਾਡੀ, ਕਾਰ ਰਿਪੇਅਰ ਅਤੇ ਬੈਕ ਸਾਈਡ ਉਤੇ ਕੋਈ ਹੋਰ ਬਿਜਨਸ ਚੱਲ ਰਿਹਾ ਹੈ। ਜਿਆਦਾ ਜਾਣਕਾਰੀ ਲਈ ਸੰਪਰਕ ਕਰੋ 416-371-7777